ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

You Tube https://youtu.be/LQwolgxDu7I

awazeqaumtvpunjab@gmail.com

ਸ਼ਨੀਵਾਰ, 11 ਅਪ੍ਰੈਲ 2026 (ਨਾਨਕਸ਼ਾਹੀ ਸੰਮਤ : ੫੫੮, ੨੯ ਚੇਤ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

Exclusive News

## ਸੋਸ਼ਲ ਮੀਡੀਆ ਇਨਫਲੂਐਂਸਰ ਕੰਚਨ ਕੁਮਾਰੀ ਕਤਲ ਮਾਮਲਾ : ਅੰਮ੍ਰਿਤਪਾਲ ਸਿੰਘ ਮਹਿਰੋਂ ਗ੍ਰਿਫਤਾਰ



**ਬਠਿੰਡਾ, 10 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਸੋਸ਼ਲ ਮੀਡੀਆ ਇਨਫਲੂਐਂਸਰ ਕੰਚਨ ਕੁਮਾਰੀ ਉਰਫ਼ ਕਮਲ ਭਾਬੀ ਦੇ ਕਤਲ ਕੇਸ ਦੇ ਮੁੱਖ ਮੁਲਜ਼ਮ ਅੰਮ੍ਰਿਤਪਾਲ ਸਿੰਘ ਮਹਿਰੋਂ ਨੂੰ ਸੰਯੁਕਤ ਅਰਬ ਅਮੀਰਾਤ (ਯੂਏਈ) ਤੋਂ ਗ੍ਰਿਫਤਾਰ ਕਰ ਲਿਆ ਗਿਆ ਹੈ। ਮਿਲੀ ਜਾਣਕਾਰੀ ਮੁਤਾਬਿਕ ਬਠਿੰਡਾ ਪੁਲਿਸ ਨੇ ਯੂਏਈ ਅਧਿਕਾਰੀਆਂ ਤੋਂ ਅੰਮ੍ਰਿਤਪਾਲ ਸਿੰਘ ਮਹਿਰੋਂ ਦੀ ਹਿਰਾਸਤ ਨੂੰ ਸੰਭਾਲਿਆ। ਦੱਸ ਦਈਏ ਕਿ ਬਠਿੰਡਾ ਪੁਲਿਸ ਦੀ ਇੱਕ ਟੀਮ ਦੋਸ਼ੀ ਨੂੰ ਯੂਏਈ ਅਧਿਕਾਰੀਆਂ ਤੋਂ ਹਿਰਾਸਤ ਵਿੱਚ ਲੈਣ ਤੋਂ ਬਾਅਦ ਭਾਰਤ ਲੈ ਆਈ। ਮਹਿਰੋਂ ਨੂੰ ਇਸ ਸਾਲ ਜਨਵਰੀ ਵਿੱਚ ਸ਼ਾਰਜਾਹ ਪੁਲਿਸ ਨੇ ਵੀਜ਼ਾ ਨਾਲ ਸਬੰਧਤ ਮਾਮਲੇ ਵਿੱਚ ਪੁੱਛਗਿੱਛ ਦੌਰਾਨ ਹਿਰਾਸਤ ਵਿੱਚ ਲਿਆ ਸੀ। ਦੇਸ਼ ਨਿਕਾਲੇ ਦੀ ਪ੍ਰਕਿਰਿਆ ਵਿੱਚ ਕੁਝ ਸਮਾਂ ਲੱਗਿਆ। ਸੋਸ਼ਲ ਮੀਡੀਆ ਇਨਫਲੂਐਂਸਰ ਕੰਚਨ ਕੁਮਾਰੀ, ਜਿਸਨੂੰ ਕਮਲ ਭਾਬੀ ਵੀ ਕਿਹਾ ਜਾਂਦਾ ਹੈ, ਦਾ ਪਿਛਲੇ ਸਾਲ ਜੂਨ ਵਿੱਚ ਬਠਿੰਡਾ ਵਿੱਚ ਕਤਲ ਕਰ ਦਿੱਤਾ ਗਿਆ ਸੀ। ਉਸਦੀ ਲਾਸ਼ ਚੰਡੀਗੜ੍ਹ ਨੈਸ਼ਨਲ ਹਾਈਵੇਅ 'ਤੇ ਇੱਕ ਨਿੱਜੀ ਹਸਪਤਾਲ ਦੀ ਪਾਰਕਿੰਗ ਵਿੱਚ ਖੜੀ ਇੱਕ ਕਾਰ ਵਿੱਚੋਂ ਮਿਲੀ ਸੀ।

## ਵਰਿੰਦਾਵਣ 'ਚ ਵੱਡਾ ਹਾਦਸਾ

# ਪੰਜਾਬ ਦੇ ਸ਼ਰਧਾਲੂਆਂ ਨਾਲ ਭਰੀ ਕਿਸ਼ਤੀ ਯਮੁਨਾ 'ਚ ਪਲਟੀ, 10 ਦੀ ਮੌਤ, ਕਈ ਲਾਪਤਾ

**ਵਰਿੰਦਾਵਣ (ਯੂ.ਪੀ.), 10 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਵਰਿੰਦਾਵਣ ਹਾਦਸੇ 'ਤੇ ਸ਼ੋਮਣੀ ਅਕਾਲੀ ਦਲ ਨੇ ਵੀ ਡੂੰਘਾ ਦੁੱਖ ਜ਼ਾਹਰ ਕੀਤਾ ਹੈ। ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਕਿਹਾ, ''ਮਥੁਰਾ ਦੇ ਵ੍ਰਿੰਦਾਵਨ ਵਿੱਚ ਇੱਕ ਰੂਹ ਕੰਬਾਊ ਤ੍ਰਾਸਦੀ ਬਾਰੇ ਪਤਾ ਲੱਗਾ ਕਿ ਸ਼ਰਧਾਲੂਆਂ ਨੂੰ ਲੈ ਕੇ ਜਾ ਰਿਹਾ ਇੱਕ ਸਟੀਮਰ ਪੋਂਟੂਨ ਪੁਲ ਨਾਲ ਟਕਰਾਉਣ ਤੋਂ ਬਾਅਦ ਯਮੁਨਾ ਵਿੱਚ ਪਲਟ ਗਿਆ। ਯਾਤਰੀਆਂ ਵਿੱਚ ਜਗਰਾਉਂ (ਪੰਜਾਬ) ਦੇ ਕਈ ਸ਼ਰਧਾਲੂ ਵੀ ਸ਼ਾਮਲ ਸਨ। ਉਨ੍ਹਾਂ ਨੇ ਕਿਹਾ, ''ਕਈ ਮੌਤਾਂ ਅਤੇ ਲਾਪਤਾ ਵਿਅਕਤੀਆਂ ਦੀਆਂ ਰਿਪੋਰਟਾਂ ਬਹੁਤ ਦੁਖਦਾਈ ਹਨ। ਦੁਖੀ ਪਰਿਵਾਰਾਂ ਪ੍ਰਤੀ ਮੇਰੀ ਦਿਲੀ ਹਮਦਰਦੀ ਹੈ, ਅਤੇ ਮੈਂ ਉਨ੍ਹਾਂ ਸਾਰੇ ਲੋਕਾਂ ਦੇ ਸੁਰੱਖਿਅਤ ਬਚਾਅ ਲਈ ਪ੍ਰਾਰਥਨਾ ਕਰਦਾ ਹਾਂ ਜੋ ਅਜੇ ਵੀ ਲਾਪਤਾ ਹਨ।'' ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਟਵੀਟ ਕੀਤਾ, "ਉੱਤਰ ਪ੍ਰਦੇਸ਼ ਦੇ ਮਥੁਰਾ ਵਿੱਚ ਇੱਕ ਕਿਸ਼ਤੀ ਦੇ ਪਲਟਣ ਕਾਰਨ ਹੋਈ ਦੁਰਘਟਨਾ ਤੋਂ ਬਹੁਤ ਦੁਖੀ ਹਾਂ। ਉਨ੍ਹਾਂ ਲੋਕਾਂ ਪ੍ਰਤੀ ਮੇਰੀ ਸੰਵੇਦਨਾ ਜਿਨ੍ਹਾਂ ਨੇ ਆਪਣੇ ਨੇੜਲੇ ਅਤੇ ਪਿਆਰੇ ਲੋਕਾਂ ਨੂੰ ਗੁਆ ਦਿੱਤਾ ਹੈ। ਮੈਂ ਜ਼ਖਮੀਆਂ ਦੇ ਜਲਦੀ ਠੀਕ ਹੋਣ ਲਈ ਪ੍ਰਾਰਥਨਾ ਕਰਦਾ ਹਾਂ। ਸਥਾਨਕ ਪ੍ਰਸ਼ਾਸਨ ਪ੍ਰਭਾਵਿਤ ਲੋਕਾਂ ਦੀ ਸਹਾਇਤਾ ਕਰ ਰਿਹਾ ਹੈ।'' ਡੀਆਈਜੀ ਸ਼ੈਲੇਸ਼ ਕੁਮਾਰ ਪਾਂਡੇ ਨੇ ਕਿਹਾ ਕਿ ਪੰਜਾਬ ਤੋਂ ਸ਼ਰਧਾਲੂਆਂ ਦਾ ਇੱਕ ਸਮੂਹ ਆਇਆ ਸੀ। ਇੱਕ ਕਿਸ਼ਤੀ ਵਿੱਚ 25-27 ਲੋਕ ਸਵਾਰ ਸਨ। ਉਹ ਕਿਸ਼ਤੀ ਪਲਟ ਗਈ। 10 ਲਾਸ਼ਾਂ ਬਰਾਮਦ ਕੀਤੀਆਂ ਗਈਆਂ ਹਨ। 12 ਲੋਕ ਸੁਰੱਖਿਅਤ ਹਨ। ਤਿੰਨ ਤੋਂ ਪੰਜ ਲਾਪਤਾ ਹੋ ਸਕਦੇ ਹਨ। ਉਨ੍ਹਾਂ ਨੂੰ ਲੱਭਣ ਲਈ ਖੋਜ ਮੁਹਿੰਮ ਚਲਾਈ ਜਾ ਰਹੀ ਹੈ। ਲੁਧਿਆਣਾ ਜ਼ਿਲ੍ਹੇ ਦੇ ਜਗਰਾਉਂ ਤੋਂ ਤਨਿਸ਼ ਜੈਨ ਵੀ ਹਾਦਸੇ ਵਾਲੇ ਸਟੀਮਰ 'ਤੇ ਸਵਾਰ ਸਨ। ਉਨ੍ਹਾਂ ਨੇ ਦੱਸਿਆ ਕਿ ਹਾਦਸਾ ਬਹੁਤ ਭਿਆਨਕ ਸੀ। ਉਨ੍ਹਾਂ ਨੇ ਕਿਹਾ, "ਦੋ ਬੱਸਾਂ ਵਿੱਚ ਲਗਭਗ 130 ਲੋਕ ਵ੍ਰਿੰਦਾਵਨ ਦੇ ਦਰਸ਼ਨ ਕਰਨ ਆਏ ਸਨ ਅਤੇ ਉਹ ਸਾਰੇ ਵ੍ਰਿੰਦਾਵਨ ਦੇ ਫੋਗਲਾ ਆਸ਼ਰਮ ਦੇ ਨੇੜੇ ਠਹਿਰੇ ਹੋਏ ਸਨ।'' ਉਨ੍ਹਾਂ ਕਿਹਾ ਕਿ ਜਦੋਂ ਸਾਡਾ ਸਟੀਮਰ ਪੀਪਾ ਪੁਲ ਦੇ ਨੇੜੇ ਪਹੁੰਚਿਆ, ਤਾਂ ਅਸੀਂ ਕਿਸ਼ਤੀ ਚਾਲਕ ਨੂੰ ਕਿਹਾ ਕਿ ਪੁਲ ਆਉਣ ਵਾਲਾ ਹੈ, ਰੋਕ ਲਓ, ਪਰ ਉਹ ਨਹੀਂ ਰੁਕਿਆ। ਇਸ ਦੌਰਾਨ ਸਟੀਮਰ ਦੋ ਵਾਰ ਟੱਕਰ ਤੋਂ ਬਚਿਆ, ਪਰ ਤੀਜੀ ਵਾਰ, ਇਹ ਟਕਰਾ ਗਿਆ ਅਤੇ ਹਾਦਸਾ ਵਾਪਰਿਆ।



## ਪੰਜਾਬ ਦੇ ਸ਼ਰਧਾਲੂਆਂ ਨਾਲ ਹਿਮਾਚਲ 'ਚ ਵੱਡਾ ਹਾਦਸਾ, 100 ਫੁੱਟ ਡੂੰਘੀ ਖੱਡ 'ਚ ਡਿੱਗੀ ਟਰੈਕਟਰ-ਟਰਾਲੀ, 3 ਦੀ ਮੌਤ

**ਧਰਮਸ਼ਾਲਾ (ਹਿ. ਪ੍ਰ.), 10 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਸ਼ਰਧਾਲੂਆਂ ਨਾਲ ਹਿਮਾਚਲ 'ਚ ਵੱਡਾ ਹਾਦਸਾ ਵਾਪਰਿਆ ਹੈ। ਧਰਮਸ਼ਾਲਾ 'ਚ ਸ਼ਰਧਾਲੂਆਂ ਨਾਲ ਭਰੀ ਟਰੈਕਟਰ-ਟਰਾਲੀ ਦੇ 100 ਫੁੱਟ ਡੂੰਘੀ ਖੱਡ 'ਚ ਡਿੱਗਣ ਦੀ ਖੌਫਨਾਕ ਘਟਨਾ ਵਾਪਰੀ ਹੈ, ਜਿਸ ਵਿੱਚ 3 ਦੀ ਮੌਤ ਹੋ ਗਈ ਹੈ, ਜਦਕਿ ਛੋਟੇ ਬੱਚਿਆਂ ਸਮੇਤ ਕਈ ਸ਼ਰਧਾਲੂ ਜ਼ਖ਼ਮੀ ਹੋ ਗਏ, ਜਿਨ੍ਹਾਂ ਦਾ ਇਲਾਜ ਡੇਹਰਾ ਹਸਪਤਾਲ ਵਿੱਚ ਕੀਤਾ ਜਾ ਰਿਹਾ ਹੈ। ਇਹ ਹਾਦਸਾ ਰਾਸ਼ਟਰੀ ਰਾਜਮਾਰਗ 503 'ਤੇ ਧਾਲੀਆਰਾ ਵਿੱਚ ਰਾਧਾ ਸਵਾਮੀ ਸਤਸੰਗ ਘਰ ਦੇ ਨੇੜੇ ਵਾਪਰਿਆ। ਜਾਣਕਾਰੀ ਅਨੁਸਾਰ, ਇਹ ਸਾਰੇ ਸ਼ਰਧਾਲੂ ਪੰਜਾਬ ਦੇ ਕਪੂਰਥਲਾ ਤੋਂ ਧਾਰਮਿਕ ਸਥਾਨਾਂ ਦੀ ਯਾਤਰਾ 'ਤੇ ਸਨ। ਇਸ ਦੌਰਾਨ ਟਰੈਕਟਰ-ਟਰਾਲੀ ਧਾਲੀਆਰਾ ਮੋੜ 'ਤੇ ਟਰੈਕਟਰ-ਟਰਾਲੀ ਨੇ ਆਪਣਾ ਕੰਟਰੋਲ ਗੁਆ ਦਿੱਤਾ ਅਤੇ ਸੜਕ ਤੋਂ ਸਿੱਧੀ ਖੱਡ ਵਿੱਚ ਡਿੱਗ ਗਈ। ਦੱਸਿਆ ਜਾ ਰਿਹਾ ਹੈ ਕਿ ਹਾਦਸਾ ਬ੍ਰੇਕ ਫੇਲ੍ਹ ਹੋਣ ਕਾਰਨ ਵਾਪਰਿਆ। ਟਰੈਕਟਰ-ਟਰਾਲੀ ਵਿੱਚ ਸਵਾਰ ਪੰਜਾਬ ਦੇ ਸ਼ਰਧਾਲੂ, ਜੋ ਚਿੰਤਪੁਰਨੀ ਮੰਦਰ ਦੇ ਦਰਸ਼ਨ ਕਰਨ ਤੋਂ ਬਾਅਦ ਜਵਾਲਾਜੀ ਮੰਦਰ ਜਾ ਰਹੇ ਸਨ, ਹਾਦਸੇ ਦਾ ਸ਼ਿਕਾਰ ਹੋ ਗਏ। ਇਸ ਦੌਰਾਨ ਸ਼ਰਧਾਲੂਆਂ ਅਤੇ ਬੱਚਿਆਂ ਵਿੱਚ ਚੀਕ-ਚਿਹਾੜਾ ਮੱਚ ਗਿਆ। ਜ਼ਖ਼ਮੀਆਂ ਦੀ ਆਵਾਜ਼ ਸੁਣ ਕੇ ਸਥਾਨਕ ਲੋਕਾਂ ਨੇ ਤੁਰੰਤ ਪਹੁੰਚ ਕੀਤੀ ਅਤੇ ਪੁਲਿਸ ਦੀ ਮਦਦ ਨਾਲ ਜ਼ਖਮੀਆਂ ਨੂੰ ਖੱਡ ਵਿੱਚੋਂ ਕੱਢਿਆ ਤੇ ਹਸਪਤਾਲ ਪਹੁੰਚਾਇਆ। ਲਾਈਵ ਨਿਊਜ਼ ਸਟ੍ਰੀਮਿੰਗ ਡੇਹਰਾ ਦੇ ਪੁਲਿਸ ਸੁਪਰਡੈਂਟ ਮਯੰਕ ਚੌਧਰੀ ਨੇ ਦੱਸਿਆ ਕਿ ਪੁਲਿਸ ਟੀਮ ਰਾਹਤ ਅਤੇ ਬਚਾਅ ਕਾਰਜਾਂ ਵਿੱਚ ਲੱਗੀ ਹੋਈ ਹੈ। ਜ਼ਖ਼ਮੀਆਂ ਦਾ ਡੇਹਰਾ ਹਸਪਤਾਲ ਵਿੱਚ ਇਲਾਜ ਕੀਤਾ ਜਾ ਰਿਹਾ ਹੈ। ਉਨ੍ਹਾਂ ਅੱਗੇ ਕਿਹਾ ਕਿ ਟਰੈਕਟਰ ਵਿੱਚ 35 ਤੋਂ ਵੱਧ ਸ਼ਰਧਾਲੂ ਸਵਾਰ ਸਨ। ਕਈ ਬੱਚੇ ਅਤੇ ਔਰਤਾਂ ਸੁਰੱਖਿਅਤ ਹਨ।



## ਖ਼ਾਲਸਾ ਸਾਜਣਾ ਦਿਵਸ ਮਨਾਉਣ ਲਈ ਸ਼ੋ੍ਰਮਣੀ ਕਮੇਟੀ ਵੱਲੋਂ ਸਿੱਖ ਸ਼ਰਧਾਲੂਆਂ ਦਾ ਜਥਾ ਪਾਕਿਸਤਾਨ ਲਈ ਰਵਾਨਾ

ਨਵੀਂ ਦਿੱਲੀ, 10 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ):- ਖ਼ਾਲਸਾ ਸਾਜਣਾ ਦਿਵਸ (ਵਿਸਾਖੀ) ਮੌਕੇ ਪਾਕਿਸਤਾਨ ਵਿਖੇ ਹੋਣ ਵਾਲੇ ਸਮਾਗਮਾਂ ਵਿਚ ਸ਼ਮੂਲੀਅਤ ਕਰਨ ਲਈ ਅੱਜ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ 1763 ਸਿੱਖ ਸ਼ਰਧਾਲੂਆਂ ਦਾ ਜਥਾ ਖ਼ਾਲਸਾਈ ਜੈਕਾਰਿਆਂ ਦੀ ਗੂੰਜ 'ਚ ਰਵਾਨਾ ਕੀਤਾ ਗਿਆ। ਸ਼੍ਰੋਮਣੀ ਕਮੇਟੀ ਦਫਤਰ ਤੋਂ ਰਵਾਨਗੀ ਕਰਨ ਸਮੇਂ ਜਥੇ ਦੀ ਅਗਵਾਈ ਕਰਨ ਵਾਲੇ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਸ. ਸੁਰਜੀਤ ਸਿੰਘ ਤੁਗਲਵਾਲ, ਜਨਰਲ ਪ੍ਰਬੰਧਕ ਸ. ਹਰਭਜਨ ਸਿੰਘ ਸੁਪਰਵਾਈਜ਼ਰ ਸਮੇਤ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ ਤੇ ਹੋਰ ਅਧਿਕਾਰੀਆਂ ਨੇ ਸਿਰੋਪਾਓ ਅਤੇ ਫੁੱਲਾਂ ਦੇ ਹਾਰ ਪਾ ਕੇ ਸਨਮਾਨ ਦਿੱਤਾ। ਜਥਾ ਰਵਾਨਾ ਕਰਨ ਸਮੇਂ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ ਨੇ ਦੱਸਿਆ ਕਿ ਇਹ ਜਥਾ ਪਾਕਿਸਤਾਨ ਵਿਖੇ ਗੁਰਦੁਆਰਾ ਸ੍ਰੀ ਪੰਜਾ ਸਾਹਿਬ ਹਸਨਅਬਦਾਲ ਵਿਖੇ ਖਾਲਸਾ ਸਾਜਣਾ ਦਿਵਸ ਵਿਸਾਖੀ ਸਬੰਧੀ ਹੋਣ ਵਾਲੇ ਸਮਾਗਮਾਂ ਵਿਚ ਸ਼ਮੂਲੀਅਤ ਕਰੇਗਾ। ਇਸੇ ਤਰ੍ਹਾਂ ਜਥਾ ਗੁਰਦੁਆਰਾ ਜਨਮ ਅਸਥਾਨ ਸ੍ਰੀ ਨਨਕਾਣਾ ਸਾਹਿਬ, ਗੁਰਦੁਆਰਾ ਸ੍ਰੀ ਸੱਚਾ ਸੌਦਾ ਸਾਹਿਬ, ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਸ੍ਰੀ ਕਰਤਾਰਪੁਰ ਸਾਹਿਬ, ਗੁਰਦੁਆਰਾ ਡੇਹਰਾ ਸਾਹਿਬ ਲਾਹੌਰ, ਗੁਰਦੁਆਰਾ ਰੋੜੀ ਸਾਹਿਬ ਏਮਨਾਬਾਦ ਸਮੇਤ ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ ਕਰਕੇ 19 ਅਪ੍ਰੈਲ ਨੂੰ ਵਾਪਸ ਭਾਰਤ ਪਰਤੇਗਾ। ਸ. ਮੰਨਣ ਨੇ ਮੰਗ ਕੀਤੀ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਮੌਕੇ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਦੇ ਦਰਸ਼ਨਾਂ ਲਈ ਸ਼ੁਰੂ ਹੋਇਆ ਲਾਂਘਾ, ਜੋ ਪਿਛਲੇ ਸਮੇਂ ਤੋਂ ਬੰਦ ਹੈ ਨੂੰ ਸੰਗਤਾਂ ਦੀਆਂ ਭਾਵਨਾਵਾਂ ਦੇ ਮੱਦੇਨਜ਼ਰ ਤੁਰੰਤ ਖੋਲਿਆ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਇਹ ਸਿੱਖ ਆਸਥਾ ਨਾਲ ਜੁੜਿਆ ਮਾਮਲਾ ਹੈ ਜਿਸ ਵੱਲ ਭਾਰਤ ਤੇ ਪਾਕਿਸਤਾਨ ਸਰਕਾਰਾਂ ਨੂੰ ਤੁਰੰਤ ਧਿਆਨ ਦੇਣਾ ਚਾਹੀਦਾ ਹੈ। ਇਸ ਮੌਕੇ ਜਥੇ ਦੇ ਆਗੂ ਅੰਤ੍ਰਿੰਗ ਕਮੇਟੀ ਮੈਂਬਰ ਸ. ਸੁਰਜੀਤ ਸਿੰਘ ਤੁਗਲਵਾਲ ਨੇ ਗੱਲਬਾਤ ਕਰਦਿਆਂ ਕਿਹਾ ਕਿ ਪਾਕਿਸਤਾਨ ਅੰਦਰ ਸਥਿਤ ਗੁਰਦੁਆਰਾ ਸਾਹਿਬਾਨ ਦੇ ਦਰਸ਼ਨਾਂ ਲਈ ਹਰ ਸਿੱਖ ਦੇ ਮਨ ਅੰਦਰ ਤਾਂਘ ਹੁੰਦੀ ਹੈ ਅਤੇ ਦਰਸ਼ਨ ਲਈ ਸਮਾਂ ਮਿਲਣ ਤੇ ਸਿੱਖ ਆਪਣੇ ਆਪ ਨੂੰ ਵਡਭਾਗਾ ਮਹਿਸੂਸ ਕਰਦੇ ਹਨ। ਉਨ੍ਹਾਂ ਕਿਹਾ ਕਿ ਮੇਰੇ ਲਈ ਮਾਣ ਦੀ ਗੱਲ ਹੈ ਕਿ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਜਥੇ ਦੀ ਅਗਵਾਈ ਕਰਨ ਦਾ ਮੌਕਾ ਦਿੱਤਾ ਹੈ। ਉਨ੍ਹਾਂ ਇਸ ਲਈ ਸ਼੍ਰੋਮਣੀ ਕਮੇਟੀ ਪ੍ਰਧਾਨ ਦਾ ਧੰਨਵਾਦ ਵੀ ਕੀਤਾ। ਜਥੇ ਦੀ ਰਵਾਨਗੀ ਸਮੇਂ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਵਧੀਕ ਸਕੱਤਰ ਸ. ਬਿਜੈ ਸਿੰਘ, ਸ. ਪ੍ਰੀਤਪਾਲ ਸਿੰਘ, ਮੀਤ ਸਕੱਤਰ ਸ. ਗੁਰਨਾਮ ਸਿੰਘ, ਸ. ਬਲਵਿੰਦਰ ਸਿੰਘ ਖੈਰਾਬਾਦ, ਸ. ਮਨਜੀਤ ਸਿੰਘ ਤਲਵੰਡੀ, ਸ. ਹਰਭਜਨ ਸਿੰਘ ਵਕਤਾ, ਸ. ਸੁਖਬੀਰ ਸਿੰਘ, ਸੁਪ੍ਰਿੰਟੈਂਡੈਂਟ ਸ. ਨਿਸ਼ਾਨ ਸਿੰਘ, ਸ. ਮਲਕੀਤ ਸਿੰਘ ਬਹਿੜਵਾਲ, ਸ. ਜਗਜੀਤ ਸਿੰਘ ਇੰਚਾਰਜ ਯਾਤਰਾ, ਸ. ਮੇਜਰ ਸਿੰਘ, ਸ. ਗੁਰਮੀਤ ਸਿੰਘ, ਬੀਬੀ ਰਣਜੀਤ ਕੌਰ ਸਮੇਤ ਵੱਡੀ ਗਿਣਤੀ ਵਿਚ ਸ਼੍ਰੋਮਣੀ ਕਮੇਟੀ ਦਾ ਸਟਾਫ਼ ਅਤੇ ਜਥੇ ਵਿਚ ਜਾਣ ਵਾਲੇ ਯਾਤਰੂ ਮੌਜੂਦ ਸਨ।



### ਵੱਖ-ਵੱਖ ਗੁਰਧਾਮਾਂ ਦੇ ਦਰਸ਼ਨਾਂ ਮਗਰੋਂ 19 ਅਪ੍ਰੈਲ ਨੂੰ ਵਾਪਸ ਦੇਸ਼ ਪਰਤੇਗਾ ਜਥਾ

## ਪਾਕਿਸਤਾਨ ਜਾਣ ਵਾਲੇ ਸਿੱਖ ਸ਼ਰਧਾਲੂਆਂ ਦਾ ਜਥਾ ਅਟਾਰੀ ਬਾਰਡਰ 'ਤੇ ਰੋਕਿਆ; 27 ਸ਼ਰਧਾਲੂਆਂ ਨੂੰ ਨਹੀਂ ਮਿਲੀ ਐਂਟਰੀ




**ਨਵੀਂ ਦਿੱਲੀ/ਅੰਮ੍ਰਿਤਸਰ, 10 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਖਾਲਸਾ ਸਾਜਨਾ ਦਿਵਸ ਦੇ ਪਵਿੱਤਰ ਮੌਕੇ 'ਤੇ ਸਿੱਖ ਸ਼ਰਧਾਲੂਆਂ ਦਾ ਇੱਕ ਵੱਡਾ ਜੱਥਾ ਅੱਜ ਅਟਾਰੀ-ਵਾਘਾ ਸਰਹੱਦ ਰਾਹੀਂ ਪਾਕਿਸਤਾਨ ਲਈ ਰਵਾਨਾ ਹੋਇਆ। ਇਸ ਜੱਥੇ ਵਿੱਚ ਪੰਜਾਬ ਦੇ ਵੱਖ-ਵੱਖ ਹਿੱਸਿਆਂ ਤੋਂ ਆਏ ਸ਼ਰਧਾਲੂ ਸ਼ਾਮਲ ਸਨ, ਜੋ ਗੁਰੂਧਾਮਾਂ ਦੇ ਦਰਸ਼ਨ ਕਰਨ ਲਈ ਉਤਸ਼ਾਹ ਨਾਲ ਭਰੇ ਹੋਏ ਸਨ। ਪਰ ਸਰਹੱਦ 'ਤੇ ਪਹੁੰਚਣ 'ਤੇ ਕਈ ਸ਼ਰਧਾਲੂਆਂ ਨੂੰ ਉਸ ਵੇਲੇ ਨਿਰਾਸ਼ਾ ਦਾ ਸਾਹਮਣਾ ਕਰਨਾ ਪਿਆ ਜਦੋਂ ਬੀਐਸਐਫ ਅਧਿਕਾਰੀਆਂ ਨੇ ਕੁਝ ਲੋਕਾਂ ਨੂੰ ਅੱਗੇ ਜਾਣ ਤੋਂ ਰੋਕ ਦਿੱਤਾ। ਅਧਿਕਾਰੀਆਂ ਦੇ ਅਨੁਸਾਰ, ਜਿਨ੍ਹਾਂ ਸ਼ਰਧਾਲੂਆਂ ਨੂੰ ਰੋਕਿਆ ਗਿਆ, ਉਹਨਾਂ ਦੇ ਨਾਂ ਅਜੇ ਤੱਕ ਅਪਰੂਵਲ ਲਿਸਟ ਵਿੱਚ ਸ਼ਾਮਲ ਨਹੀਂ ਹੋਏ। ਬੀਐਸਐਫ ਨੇ ਸਪਸ਼ਟ ਕੀਤਾ ਕਿ ਜਦੋਂ ਤੱਕ ਉੱਚ ਅਧਿਕਾਰੀਆਂ ਵੱਲੋਂ ਮਨਜ਼ੂਰੀ ਨਹੀਂ ਆਉਂਦੀ, ਉਹਨਾਂ ਨੂੰ ਪਾਕਿਸਤਾਨ ਜਾਣ ਦੀ ਇਜਾਜ਼ਤ ਨਹੀਂ ਦਿੱਤੀ ਜਾ ਸਕਦੀ। ਇਸ ਕਾਰਨ ਲਗਭਗ 27 ਸ਼ਰਧਾਲੂਆਂ ਨੂੰ ਬਾਰਡਰ 'ਤੇ ਹੀ ਰੋਕ ਦਿੱਤਾ ਗਿਆ, ਜਦਕਿ ਬਾਕੀ ਜੱਥਾ ਅੱਗੇ ਰਵਾਨਾ ਹੋ ਗਿਆ। ਇਸ ਘਟਨਾ ਨਾਲ ਸ਼ਰਧਾਲੂਆਂ ਵਿੱਚ ਕਾਫ਼ੀ ਨਾਰਾਜ਼ਗੀ ਦੇਖਣ ਨੂੰ ਮਿਲੀ। ਮੋਗਾ ਤੋਂ ਆਏ ਜਸਵਿੰਦਰ ਸਿੰਘ ਨੇ ਮੀਡੀਆ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਉਹ 1799 ਸੋਸਾਇਟੀ ਨਾਲ ਸੰਬੰਧਤ ਹਨ ਅਤੇ ਉਹਨਾਂ ਕੋਲ ਪੂਰੇ ਦਸਤਾਵੇਜ਼ ਅਤੇ ਵੀਜ਼ਾ ਮੌਜੂਦ ਹੈ। ਉਹਨਾਂ ਨੇ ਕਿਹਾ ਕਿ "ਜੇ ਸਾਡਾ ਵੀਜ਼ਾ ਲੱਗ ਚੁੱਕਾ ਹੈ ਤਾਂ ਸਾਨੂੰ ਰੋਕਣ ਦਾ ਕੋਈ ਜਾਇਜ਼ ਕਾਰਨ ਨਹੀਂ ਬਣਦਾ। ਇਹ ਪ੍ਰਬੰਧਕੀ ਖਾਮੀ ਹੈ, ਜਿਸ ਦਾ ਖਮਿਆਜ਼ਾ ਸਾਨੂੰ ਭੁਗਤਣਾ ਪੈ ਰਿਹਾ ਹੈ।" ਉਹਨਾਂ ਨੇ ਦੱਸਿਆ ਕਿ ਕੁੱਲ 127 ਸ਼ਰਧਾਲੂਆਂ ਵਿੱਚੋਂ 27 ਨੂੰ ਰੋਕਿਆ ਗਿਆ ਹੈ, ਜਿਸ ਨਾਲ ਪਰਿਵਾਰਾਂ ਨੂੰ ਵੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਕਈ ਲੋਕ ਆਪਣੇ ਬੱਚਿਆਂ ਸਮੇਤ ਇੱਥੇ ਪਹੁੰਚੇ ਸਨ ਅਤੇ ਹੁਣ ਅਣਿਸ਼ਿਚਤਤਾ ਵਿੱਚ ਖੜੇ ਹਨ। ਸ਼ਰਧਾਲੂਆਂ ਨੇ ਮੰਗ ਕੀਤੀ ਕਿ ਅਜਿਹੇ ਪ੍ਰਬੰਧ ਪਹਿਲਾਂ ਹੀ ਸਪਸ਼ਟ ਕੀਤੇ ਜਾਣ ਚਾਹੀਦੇ ਹਨ ਤਾਂ ਜੋ ਲੋਕਾਂ ਨੂੰ ਅਜਿਹੀ ਪਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਇਸ ਮਾਮਲੇ ਨੇ ਪ੍ਰਬੰਧਕੀ ਤੰਦਰੁਸਤੀ 'ਤੇ ਸਵਾਲ ਖੜੇ ਕਰ ਦਿੱਤੇ ਹਨ ਅਤੇ ਸ਼ਰਧਾਲੂਆਂ ਨੇ ਜਲਦ ਤੋਂ ਜਲਦ ਇਸ ਸਮੱਸਿਆ ਦਾ ਹੱਲ ਕੱਢਣ ਦੀ ਅਪੀਲ ਕੀਤੀ ਹੈ।

### ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਖ਼ਾਲਸਾ ਸਾਜਨਾਂ ਦਿਵਸ ਮੌਕੇ ਹੋਣ ਵਾਲੀ

# ਪੰਥਕ ਕਾਨਫਰੰਸ ਸਬੰਧੀ ਮਾਝਾ ਜੋਨ ਦੀ ਅਹਿਮ ਮੀਟਿੰਗ





**ਅੰਮ੍ਰਿਤਸਰ, 10 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**- ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਖ਼ਾਲਸਾ ਸਾਜਨਾਂ ਦਿਵਸ ਦੇ ਪਵਿੱਤਰ ਦਿਹਾੜੇ ‘ਤੇ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਹੋਣ ਜਾ ਰਹੀ ਵਿਸ਼ਾਲ ਪੰਥਕ ਕਾਨਫ਼ਰੰਸ ਦੀਆਂ ਤਿਆਰੀਆਂ ਨੂੰ ਲੈ ਕੇ ਅੱਜ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਜੀ ਦੇ ਪਿੰਡ ਜੱਲੂਪੁਰ ਸਥਿਤ ਗੁਰਦੁਆਰਾ ਸ੍ਰੀ ਕਾਲੇ ਮਹਿਰ ਵਿਖੇ ਮਾਝਾ ਜੋਨ ਦੀ ਇੱਕ ਅਹਿਮ ਮੀਟਿੰਗ ਚਾਚਾ ਸੁਖਚੈਨ ਸਿੰਘ ਦੀ ਅਗਵਾਈ ਹੇਠ ਕੀਤੀ ਗਈ। ਮੀਡੀਆ ਇੰਚਾਰਜ ਭਾਈ ਸ਼ਮਸ਼ੇਰ ਸਿੰਘ ਪੱਧਰੀ ਵੱਲੋਂ ਜਾਰੀ ਕੀਤੇ ਪ੍ਰੈਸ ਨੋਟ ਰਾਹੀਂ ਮਿਲੀ ਜਾਣਕਾਰੀ ਅਨੁਸਾਰ ਇਸ ਮੀਟਿੰਗ ਵਿੱਚ ਵੱਖ-ਵੱਖ ਹਲਕਿਆਂ ਤੋਂ ਪਹੁੰਚੇ ਆਗੂਆਂ ਅਤੇ ਵਰਕਰਾਂ ਨੇ ਵੱਡੀ ਗਿਣਤੀ ਵਿੱਚ ਸ਼ਿਰਕਤ ਕੀਤੀ। ਮੀਟਿੰਗ ਦੌਰਾਨ ਸਾਰੇ ਆਗੂਆਂ ਅਤੇ ਵਰਕਰਾਂ ਨੇ ਆਪਣੇ ਵਿਚਾਰ ਸਾਂਝੇ ਕਰਦਿਆਂ ਕਾਨਫ਼ਰੰਸ ਨੂੰ ਕਾਮਯਾਬ ਬਣਾਉਣ ਲਈ ਜ਼ੋਰਦਾਰ ਵਿਚਾਰ-ਵਟਾਂਦਰਾ ਕੀਤਾ। ਇਸ ਮੌਕੇ ਤੇ ਅਕਾਲੀ ਦਲ ਵਾਰਿਸ ਪੰਜਾਬ ਦੇ ਆਗੂ ਅਤੇ ਵਰਕਰਾਂ ਵਿੱਚ ਮੁੱਖ ਤੌਰ ਤੇ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਦੇ ਚਾਚਾ ਸੁਖਚੈਨ ਸਿੰਘ ਤੋਂ ਇਲਾਵਾ ਚਾਚਾ ਪ੍ਰਗਟ ਸਿੰਘ, ਭਾਈ ਪ੍ਰਗਟ ਸਿੰਘ ਮੀਆਂਵਿੰਡ, ਭਾਈ ਸਰਬਜੀਤ ਸਿੰਘ ਖ਼ਾਨਪੁਰ, ਭਾਈ ਜੁਗਰਾਜ ਸਿੰਘ ਲਾਲਾਨੰਗਲ, ਭਾਈ ਦਲਜੀਤ ਸਿੰਘ ਮਿਆਦੀਆਂ, ਭਾਈ ਬਲਵੰਤ ਸਿੰਘ, ਭਾਈ ਦਯਾ ਸਿੰਘ, ਭਾਈ ਸੁਖਦੇਵ ਸਿੰਘ ਕਾਦੀਆਂ, ਭਾਈ ਦਲਜੀਤ ਸਿੰਘ ਜਵੰਦਾ, ਭਾਈ ਗੁਰਦੇਵ ਸਿੰਘ ਸੰਧੂ, ਭਾਈ ਅਮਨਦੀਪ ਸਿੰਘ ਨਾਰਲੀ, ਭਾਈ ਨਰਿੰਦਰ ਸਿੰਘ ਕਲਸੀਆਂ, ਬਾਬਾ ਹਰਪ੍ਰੀਤ ਸਿੰਘ, ਬਾਬਾ ਬਿਬੇਕ ਸਿੰਘ, ਭਾਈ ਨਾਥਵਿੰਦਰ ਸਿੰਘ, ਭਾਈ ਬਲਜਿੰਦਰ ਸਿੰਘ ਬਾਜਵਾ, ਭਾਈ ਸਵਰਨ ਸਿੰਘ ਗੋਲਡਨ, ਸਰਪੰਚ ਬਲਜੀਤ ਸਿੰਘ ਚਾਟੀਵਿੰਡ, ਸੁਖਬੀਰ ਸਿੰਘ ਵਲਟੋਹਾ, ਭਾਈ ਦਲਜੀਤ ਸਿੰਘ ਮਿਆਦੀਆਂ, ਭਾਈ ਜਸਕਰਨ ਸਿੰਘ ਰਿਆੜ, ਭਾਈ ਚਰਨਜੀਤ ਸਿੰਘ ਗਾਲਿਬ, ਭਾਈ ਸੁਖਬੀਰ ਸਿੰਘ ਚੀਮਾਂ, ਭਾਈ ਜੁਗਰਾਜ ਸਿੰਘ ਨਰਾਇਣਗੜ੍ਹ, ਭਾਈ ਕੁਲਵਿੰਦਰ ਸਿੰਘ ਵਡਾਲੀ, ਬਾਬਾ ਲਖਬੀਰ ਸਿੰਘ, ਭਾਈ ਗੁਰਪਾਲ ਸਿੰਘ, ਭਾਈ ਹਰਪ੍ਰੀਤ ਸਿੰਘ ਨਰਾਇਣਗੜ੍ਹ ਅਤੇ ਭਾਈ ਦਮਨਦੀਪ ਸਿੰਘ ਹਾਜ਼ਰ ਸਨ। ਸਭ ਆਗੂਆਂ ਅਤੇ ਵਰਕਰਾਂ ਨੇ ਇਕਸੁਰ ਹੋ ਕੇ ਇਹ ਵਿਸ਼ਵਾਸ ਦਵਾਇਆ ਕਿ 14 ਤਾਰੀਖ ਨੂੰ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਹੋਣ ਜਾ ਰਹੀ ਪੰਥਕ ਕਾਨਫ਼ਰੰਸ ਵਿੱਚ ਵੱਧ ਤੋਂ ਵੱਧ ਸੰਗਤ ਨੂੰ ਨਾਲ ਲੈ ਕੇ ਵੱਡੇ ਕਾਫਲਿਆਂ ਵਿੱਚ ਪਹੁੰਚਿਆ ਜਾਵੇਗਾ ਅਤੇ ਇਸਨੂੰ ਇਤਿਹਾਸਕ ਬਣਾਇਆ ਜਾਵੇਗਾ। ਅੰਤ ਵਿੱਚ ਆਗੂਆਂ ਵੱਲੋਂ ਵਿਸ਼ਵਾਸ ਦਵਾਇਆ ਗਿਆ ਕਿ ਖ਼ਾਲਸਾ ਸਾਜਨਾਂ ਦਿਵਸ ਦੇ ਇਸ ਮਹਾਨ ਦਿਹਾੜੇ ਮੌਕੇ ਪੰਥਕ ਏਕਤਾ ਅਤੇ ਹੱਕਾਂ ਦੀ ਆਵਾਜ਼ ਨੂੰ ਮਜ਼ਬੂਤ ਕਰਨ ਲਈ ਵੱਡੀ ਗਿਣਤੀ ਵਿੱਚ ਸ਼ਿਰਕਤ ਕੀਤੀ ਜਾਵੇ।

ਆਵਾਜ਼ਿ ਕੌਮ AWAZE QAUM International Newspaper & WEB TV

**ਮਾਝੇ ਵਿੱਚੋਂ 500 ਤੋਂ ਵੱਧ ਕਾਰਾਂ ਅਤੇ ਬੱਸਾਂ ਦਾ ਕਾਫਲਾ ਲੈਕੇ ਤਖ਼ਤ ਸ੍ਰੀ ਦਮਦਮਾ ਸਾਹਿਬ ਪਹੁੰਚੇਗੀ ਸੰਗਤ**

### ਖਾਲਸਾ ਸੀਨੀਅਰ ਸੈਕੰਡਰੀ ਸਕੂਲ ਤਲਵੰਡੀ ਸਾਬੋ ਵਿਖੇ

# ਪੌਦਾ ਲਗਾ ਕੇ ਨਵੇਂ ਵਿੱਦਿਅਕ ਸੈਸ਼ਨ ਦੀ ਕੀਤੀ ਗਈ ਸ਼ੁਰੂਆਤ



**ਤਲਵੰਡੀ ਸਾਬੋ, 10 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)**- ਸਥਾਨਕ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਵਿਖੇ ਨਵੇਂ ਵਿੱਦਿਅਕ ਸੈਸ਼ਨ ਦੀ ਸ਼ੁਰੂਆਤ ਬੜੇ ਉਤਸ਼ਾਹ ਨਾਲ ਕੀਤੀ ਗਈ। ਇਸ ਮੌਕੇ ਸਕੂਲ ਪ੍ਰਬੰਧਕ ਕਮੇਟੀ ਅਤੇ ਸਟਾਫ਼ ਵੱਲੋਂ ਵਾਤਾਵਰਨ ਦੀ ਸ਼ੁੱਧਤਾ ਦਾ ਸੁਨੇਹਾ ਦਿੰਦਿਆਂ ਸਕੂਲ ਕੈਂਪਸ ਵਿੱਚ ਪੌਦਾ ਲਗਾਇਆ ਗਿਆ। ਇਸ ਸਮਾਗਮ ਵਿੱਚ ਵਿਸ਼ੇਸ਼ ਤੌਰ ’ਤੇ ਪਹੁੰਚੇ ਮੈਨੇਜਰ ਰਣਜੀਤ ਸਿੰਘ ਮਲਕਾਣਾ, ਪ੍ਰਧਾਨ ਛੋਟਾ ਸਿੰਘ ਅਤੇ ਮੈਂਬਰ ਭੁਪਿੰਦਰ ਸਿੰਘ ਜੱਸਲ ਨੇ ਸ਼ਮੂਲੀਅਤ ਕੀਤੀ। ਉਨ੍ਹਾਂ ਨੇ ਬੱਚਿਆਂ ਨੂੰ ਨਵੇਂ ਸੈਸ਼ਨ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਪੜ੍ਹਾਈ ਦੇ ਨਾਲ-ਨਾਲ ਖੇਡਾਂ ਅਤੇ ਸਮਾਜਿਕ ਗਤੀਵਿਧੀਆਂ ਵਿੱਚ ਵਧ-ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ। ਪ੍ਰਿੰਸੀਪਲ ਬਿਕਰਮਜੀਤ ਸਿੰਘ ਸਿੱਧੂ ਨੇ ਆਏ ਹੋਏ ਮਹਿਮਾਨਾਂ ਦਾ ਸਵਾਗਤ ਕੀਤਾ ਅਤੇ ਵਿਸ਼ਵਾਸ ਦਿਵਾਇਆ ਕਿ ਸਕੂਲ ਮਿਆਰੀ ਸਿੱਖਿਆ ਪ੍ਰਦਾਨ ਕਰਨ ਲਈ ਵਚਨਬੱਧ ਹੈ। ਇਸ ਮੌਕੇ ਡੀ.ਪੀ.ਈ ਹਰਪਾਲ ਸਿੰਘ ਅਤੇ ਹੋਰ ਸਾਥੀ ਅਧਿਆਪਕਾਂ ਨੇ ਵੀ ਸ਼ਿਰਕਤ ਕੀਤੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਗੁਰਸੰਦੀਪ ਸਿੰਘ, ਹਰਦੀਪ ਸਿੰਘ ਅਤੇ ਕਰਮਜੀਤ ਸਿੰਘ ਸਮੇਤ ਸਮੂਹ ਸਟਾਫ਼ ਮੈਂਬਰ ਹਾਜ਼ਰ ਸਨ। ਪੌਦਾ ਲਗਾਉਣ ਦੀ ਇਸ ਰਸਮ ਰਾਹੀਂ ਵਿਦਿਆਰਥੀਆਂ ਨੂੰ ਕੁਦਰਤ ਨਾਲ ਜੁੜਨ ਦਾ ਪ੍ਰਭਾਵਸ਼ਾਲੀ ਸੁਨੇਹਾ ਦਿੱਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

# ਯਾਦਵਿੰਦਰਾ ਸਾਇੰਸਜ਼ ਵਿਭਾਗ ਵਿਖੇ ਬੀਐਸਸੀ ਭਾਗ ਤੀਸਰਾ ਦੇ ਵਿਦਿਆਰਥੀਆਂ ਲਈ ਵਿਦਾਇਗੀ ਪਾਰਟੀ ਦਾ ਭਾਵਪੂਰਕ ਆਯੋਜਨ



**ਤਲਵੰਡੀ ਸਾਬੋ, 10 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)**- ਯਾਦਵਿੰਦਰਾ ਸਾਇੰਸਜ਼ ਵਿਭਾਗ, ਪੰਜਾਬੀ ਯੂਨੀਵਰਸਿਟੀ ਕੈਂਪਸ ਤਲਵੰਡੀ ਸਾਬੋ ਦੇ ਬੀਐਸਸੀ ਭਾਗ ਤੀਜਾ ਨੂੰ ਜੂਨੀਅਰ ਵਿਦਿਆਰਥੀਆਂ ਵੱਲੋਂ ਲੰਘੀ 7 ਅਪ੍ਰੈਲ ਨੂੰ ਸਾਓਨਾਰਾ ਟਾਈਟਲ ਨਾਮ ਨਾਲ ਇੱਕ ਸ਼ਾਨਦਾਰ ਵਿਦਾਇਗੀ ਪਾਰਟੀ ਦਿੱਤੀ ਗਈ। ਦੱਸਿਆ ਜਾਂਦਾ ਹੈ ਕਿ ਸਾਓਨਾਰਾ ਜਪਾਨੀ ਭਾਸ਼ਾ ਦਾ ਸ਼ਬਦ ਹੈ ਜਿਸਨੂੰ ਲੰਬੀ ਵਿਦਾਈ ਦੇਣ ਸਮੇਂ ਵਰਤਿਆ ਜਾਂਦਾ ਹੈ। ਇਸ ਕਲਚਰਲ ਪਾਰਟੀ ਦਾ ਆਯੋਜਨ ਕੋਆਰਡੀਨੇਟਰ ਪ੍ਰੋ ਅਨੂ ਬਾਲਾ, ਡਾ. ਦਿਵਿਆ ਤਨੇਜਾ, ਡਾ. ਬਲਜਿੰਦਰ ਕੌਰ, ਡਾ. ਸੰਜੀਵ ਕੁਮਾਰ, ਡਾ. ਅੰਜੂ ਸੈਣੀ ਦੀ ਦੇਖ-ਰੇਖ ਹੇਠ ਕਰਵਾਇਆ ਗਿਆ ਜਿਸ ਦੀ ਸ਼ੁਰੂਆਤ ਵਿਭਾਗ ਮੁਖੀ ਡਾ. ਪ੍ਰੀਤੀ ਬਾਂਸਲ ਵੱਲੋਂ ਜੋਤੀ ਪਰਜਵਲਿਤ ਕਰਨ ਨਾਲ ਹੋਈ। ਇਸ ਪ੍ਰੋਗਰਾਮ ਦੌਰਾਨ ਵੱਖ-ਵੱਖ ਸੱਭਿਆਚਾਰਕ ਗਤੀਵਿਧੀਆਂ ਜਿਹਨਾਂ ਵਿੱਚ ਗਿੱਧਾ, ਭੰਗੜਾ, ਕੋਰੀਓਗ੍ਰਾਫੀ, ਰੈਂਪ ਵਾਕ, ਸੋਲੋ ਸੌਂਗ, ਕਵਿਤਾ ਗਾਇਨ ਆਦਿ ਵਿੱਚ ਵਿਦਿਆਰਥੀਆਂ ਨੇ ਪੂਰੇ ਉਤਸ਼ਾਹ ਨਾਲ ਭਾਗ ਲਿਆ। ਪ੍ਰਦਰਸ਼ਨ ਦੇ ਆਧਾਰ ਤੇ ਬੀਐਸਸੀ ਫਾਈਨਲ ਦੇ ਵਿਦਿਆਰਥੀਆਂ ਵਿੱਚੋਂ ਅਮ੍ਰਿਤਪਾਲ ਸਿੰਘ ਨੂੰ ਮਿਸਟਰ ਫੇਅਰਵੈਲ, ਅਨਮੋਲਪ੍ਰੀਤ ਕੌਰ ਨੂੰ ਮਿਸ ਫੇਅਰਵੈਲ, ਹਰਮਨਜੋਤ ਸਿੰਘ ਨੂੰ ਮਿਸਟਰ ਹੈਂਡਸਮ, ਸਿਮਰਨਜੋਤ ਕੌਰ ਨੂੰ ਮਿਸ ਚਾਰਮਿੰਗ, ਆਸ਼ੀਅਨਾ ਖਾਨ ਨੂੰ ਮਿਸ ਗਲੈਮਰਸ ਚੁਣਿਆ ਗਿਆ ਜਦੋਂ ਕਿ ਵਿਦਿਆਰਥਣ ਮੁਨੀਸ਼ਾ ਨੂੰ ਸਟੂਡੈਂਟ ਆਫ ਦਾ ਈਯਰ ਅਤੇ ਹਰਨੂਰ ਕੌਰ ਨੂੰ ਸਟਾਰ ਆਫ ਦਾ ਸ਼ੋਅ ਟਾਈਟਲਾਂ ਨਾਲ ਨਿਵਾਜਿਆ ਗਿਆ। ਵਿਭਾਗ ਦੇ ਮੁਖੀ ਡਾ. ਪ੍ਰੀਤੀ ਬਾਂਸਲ ਨੇ ਆਪਣੇ ਸੰਬੋਧਨ ਚ ਵਿਦਿਆਰਥੀਆਂ ਨੂੰ ਕਾਮਯਾਬ ਭਵਿੱਖ ਲਈ ਸ਼ੁਭ ਇਛਾਵਾਂ ਦਿੱਤੀਆਂ। ਇਸ ਮੌਕੇ ਕੈਂਪਸ ਡਾਇਰੈਕਟਰ ਡਾ. ਅਮਨਦੀਪ ਸਿੰਘ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਕੇ ਵਿਦਿਆਰਥੀਆਂ ਨੂੰ ਚੰਗੇਰੇ ਭਵਿੱਖ ਲਈ ਉਡਾਰੀ ਲਾਉਣ ਲਈ ਸ਼ੁਭ ਕਾਮਨਾਵਾਂ ਦਿੱਤੀਆਂ। ਡਾ. ਮਨਜੀਤ ਸਿੰਘ ਕਲਸੀ, ਡਾ. ਸ਼ਰੂਤੀ ਸ਼ਰਮਾ ਅਤੇ ਡਾ. ਸਵਿਤਾ ਰਾਣੀ ਨੇ ਜੱਜ ਦੀ ਅਹਿਮ ਭੂਮਿਕਾ ਨਿਭਾਈ।

ਆਵਾਜ਼ਿ ਕੌਮ AWAZE QAUM International Newspaper & WEB TV

# 2 ਦਸੰਬਰ 2024 ਦੇ ਹੁਕਮਨਾਮਿਆ ਨੂੰ ਸੁਖਬੀਰ ਬਾਦਲ ਵੱਲੋ ਸਾਜਿਸ ਗਰਦਾਨਕੇ ਆਪਣੀ ਅਕਲ ਦਾ ਹੀ ਕੱਢਿਆ ਜਾ ਰਿਹੈ ਜਨਾਜ਼ਾ: ਟਿਵਾਣਾ



ਨਵੀਂ ਦਿੱਲੀ, 10 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ):- ਸਮੇ-ਸਮੇ ਤੇ ਪੰਥ ਦੇ ਵੱਡੇਰੇ ਹਿੱਤਾ ਨੂੰ ਮੁੱਖ ਰੱਖਕੇ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋ ਜਾਰੀ ਹੋਣ ਵਾਲੇ ਹੁਕਮਨਾਮਿਆ ਨੂੰ ਹਰ ਗੁਰਸਿੱਖ ਰੱਬੀ ਹੁਕਮ ਮੰਨਕੇ ਪ੍ਰਵਾਨ ਕਰਦਾ ਆਇਆ ਹੈ । ਜੋ 2 ਦਸੰਬਰ 2024 ਨੂੰ ਸ੍ਰੀ ਅਕਾਲ ਤਖਤ ਸਾਹਿਬ ਜੀ ਦੀ ਫਸੀਲ ਤੋ ਹੋਏ ਹੁਕਮਨਾਮਿਆ ਨੂੰ ਸ. ਸੁਖਬੀਰ ਸਿੰਘ ਬਾਦਲ ਅਤੇ ਉਨ੍ਹਾਂ ਦੀ ਦੂਸਰੇ ਨੰਬਰ ਦੀ ਲੀਡਰਸਿਪ ਨੇ ਸੰਗਤ ਦੀ ਹਾਜਰੀ ਵਿਚ ਪ੍ਰਵਾਨ ਕੀਤੇ ਅਤੇ ਆਪਣੇ ਤੇ ਆਪਣੇ ਪਰਿਵਾਰ ਵੱਲੋ ਕੀਤੇ ਗਏ ਗੁਨਾਹਾਂ ਅਤੇ ਗੈਰ ਸਿਧਾਤਿਕ ਪੰਥ ਵਿਰੋਧੀ ਕਾਰਵਾਈਆਂ ਦੇ ਦੋਸ਼ਾਂ ਨੂੰ ਜਨਤਕ ਤੇ ਸੰਗਤੀ ਰੂਪ ਵਿਚ ਪ੍ਰਵਾਨ ਕਰਨ ਉਪਰੰਤ ਮੁਕਤਸਰ ਦੀ ਕਾਨਫਰੰਸ ਵਿਚ ਜਾ ਕੇ ਇਨ੍ਹਾਂ ਹੁਕਮਨਾਮਿਆ ਨੂੰ ਮੰਨਣ ਤੋ ਇਨਕਾਰ ਕਰਕੇ ਬਾਦਲ ਪਰਿਵਾਰ ਨੇ ਆਪਣੀ ਦਾਗੋ ਦਾਗ ਹੋਈਆ ਆਤਮਾਵਾ ਨੂੰ ਹੋਰ ਮੁਲੀਨ ਕਰਨ ਵਿਚ ਕੋਈ ਕਸਰ ਨਹੀ ਛੱਡੀ ਸੀ । ਉਸ ਸਮੇ ਤੋ ਹੀ ਸਿੱਖਾਂ ਨੇ ਇਨ੍ਹਾਂ ਨੂੰ ਆਪਣੇ ਦਿਲ-ਆਤਮਾਵਾ ਵਿਚੋ ਨਕਾਰ ਦਿੱਤਾ ਹੈ । ਭਾਵੇਕਿ ਇਹ ਆਪਣੇ ਸਿਆਸੀ ਇਕੱਠਾਂ ਵਿਚ ਭਾੜੇ ਦੇ ਲੋਕਾਂ ਨੂੰ ਲਿਜਾਕੇ ਭਰਵੇ ਇਕੱਠ ਦਿਖਾਕੇ ਇਹ ਸਾਬਤ ਕਰਨ ਦੀ ਕੋਸਿਸ ਕਰ ਰਹੇ ਹਨ ਕਿ ਸਿੱਖ ਕੌਮ ਦੀ ਬਹੁਗਿਣਤੀ ਸਾਡੇ ਨਾਲ ਹੈ । ਪਰ ਜਦੋ ਵੀ ਕੋਈ ਚੋਣ ਆਵੇਗੀ ਤਾਂ ਇਨ੍ਹਾਂ ਦੇ ਡੱਬੇ ਖਾਲੀ ਨਿਕਲਣ ਤੇ ਇਨ੍ਹਾਂ ਦੀਆਂ ਜ਼ਮਾਨਤਾਂ ਜਬਤ ਹੋਣ ਦੇ ਅਮਲ ਸਮਾਂ ਆਉਣ ਤੇ ਸੱਚ ਨੂੰ ਪ੍ਰਤੱਖ ਕਰਨਗੇ । ਇਥੇ ਇਹ ਵੀ ਵਰਣਨ ਕਰਨਾ ਜਰੂਰੀ ਹੈ ਕਿ 01 ਮਈ 1994 ਨੂੰ ਜਦੋਂ ਉਸ ਸਮੇ ਦੇ ਸ੍ਰੀ ਅਕਾਲ ਤਖਤ ਸਾਹਿਬ ਦੇ ਐਕਟਿੰਗ ਜਥੇਦਾਰ ਪ੍ਰੋ. ਮਨਜੀਤ ਸਿੰਘ ਨੇ ਸਮੁੱਚੇ ਖਾਲਸਾ ਪੰਥ ਨੂੰ ਇਕੱਤਰ ਕਰਨ ਦੀ ਸੋਚ ਅਧੀਨ ‘ਅੰਮ੍ਰਿਤਸਰ ਐਲਾਨਨਾਮੇ’ ਦੀ ਕੌਮੀ ਸ਼ਬਦਾਵਲੀ ਅਧੀਨ ਮੰਜਿਲ ਵੱਲ ਵੱਧਣ ਤੇ ਸੰਘਰਸ਼ ਕਰਨ ਦੇ ਆਦੇਸ ਦਿੱਤੇ ਸਨ ਤਾਂ ਉਸ ਸਮੇ ਵੀ ਸ. ਪ੍ਰਕਾਸ਼ ਸਿੰਘ ਬਾਦਲ ਅਤੇ ਦਿਸ਼ਾਹੀਣ ਗੈਰ ਸਿਧਾਤਿਕ ਬਾਦਲ ਦਲੀਏ ਸ੍ਰੀ ਅਕਾਲ ਤਖਤ ਸਾਹਿਬ ਤੋ ਭਗੌੜੇ ਹੋ ਗਏ ਸਨ ਅਤੇ ਹੁਣ ਦੂਸਰੀ ਵਾਰ 02 ਦਸੰਬਰ 2024 ਦੇ ਹੁਕਮਨਾਮਿਆ ਤੋ ਵੀ ਆਪਣੇ ਸਿਆਸੀ ਤੇ ਸਵਾਰਥੀ ਹਿੱਤਾ ਦੀ ਪੂਰਤੀ ਲਈ ਭਗੌੜੇ ਹੋਏ ਹਨ । ਇਨ੍ਹਾਂ ਵੱਲੋ ਹੁਕਮਨਾਮਿਆ ਨੂੰ ਸਾਜਿਸ ਗਰਦਾਨਕੇ ਪਵਿੱਤਰ ਹੁਕਮਨਾਮਿਆ ਦਾ ਅਪਮਾਨ ਕਰਕੇ ਆਪਣੇ ਚੇਹਰੇ ਨੂੰ ਹੋਰ ਕਾਲਾ ਹੀ ਨਹੀ ਕਰ ਰਹੇ ਬਲਕਿ ਅਜਿਹੀ ਦਿਸ਼ਾਹੀਣ ਬਿਆਨਬਾਜੀ ਕਰਕੇ ਆਪਣੀ ਅਕਲ ਦਾ ਵੀ ਜਨਾਜ਼ਾਂ ਕੱਢ ਰਹੇ ਹਨ । ਇਹ ਵਿਚਾਰ ਸ. ਇਕਬਾਲ ਸਿੰਘ ਟਿਵਾਣਾ ਮੁੱਖ ਬੁਲਾਰਾ ਸਿਆਸੀ ਤੇ ਮੀਡੀਆ ਸਲਾਹਕਾਰ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਸ. ਸੁਖਬੀਰ ਸਿੰਘ ਬਾਦਲ ਵੱਲੋ ਸ੍ਰੀ ਅਕਾਲ ਤਖਤ ਸਾਹਿਬ ਤੋ ਹੋਏ ਉਨ੍ਹਾਂ ਹੁਕਮਨਾਮਿਆ ਜਿਨ੍ਹਾਂ ਨੂੰ ਇਹ ਆਪਣੇ ਗੁਨਾਹ ਕਬੂਲਕੇ ਪ੍ਰਵਾਨ ਕਰ ਚੁੱਕੇ ਹਨ ਉਨ੍ਹਾਂ ਨੂੰ ਸਾਜਿਸ ਗਰਦਾਨਣ ਦੀ ਗੱਲ ਅਤੇ ਹੁਕਮਨਾਮਿਆ ਦਾ ਨਿਰੰਤਰ ਅਪਮਾਨ ਕਰਨ ਦੇ ਅਮਲਾਂ ਉਤੇ ਇਨ੍ਹਾਂ ਦਿਸ਼ਾਹੀਣ ਗੈਰ ਧਾਰਮਿਕ ਸਿਆਸਤਦਾਨਾਂ ਦੀ ਕਰੜੀ ਅਲੋਚਨਾ ਕਰਦੇ ਹੋਏ, ਸਮੁੱਚੀ ਸਿੱਖ ਸੰਗਤ ਨੂੰ ਇਨ੍ਹਾਂ ਦੇ ਦਾਗੀ ਇਖਲਾਕ ਦੀ ਸਜ਼ਾ ਦੇਣ ਲਈ ਤਿਆਰ ਰਹਿਣ ਦੀ ਅਪੀਲ ਕਰਦੇ ਹੋਏ ਪ੍ਰਗਟ ਕੀਤੇ । ਉਨ੍ਹਾਂ ਕਿਹਾ ਕਿ ਜੇਕਰ ਇਹ ਲੋਕ ਆਉਣ ਵਾਲੀਆ ਪੰਜਾਬ ਅਸੈਬਲੀ ਚੋਣਾਂ ਵਿਚ ਜਿੱਤ ਪ੍ਰਾਪਤ ਕਰਨ ਦੀ ਵੱਡੀ ਗਲਤਫਹਿਮੀ ਪਾਲ ਰਹੇ ਹਨ, ਤਾਂ ਇਨ੍ਹਾਂ ਦਾ ਇਹ ਬਹੁਤ ਵੱਡਾ ਭੁਲੇਖਾ ਹੈ ਕਿਉਂਕਿ ਬੀਤੇ ਸਮੇ ਵਿਚ ਕੀਤੇ ਗਏ ਵੱਡੇ ਪੰਥਕ, ਸਮਾਜਿਕ, ਰਾਜਨੀਤਿਕ ਤੇ ਭੂਗੋਲਿਕ ਨੁਕਸਾਨ ਤੋ ਸਿੱਖ ਕੌਮ ਪੂਰਨ ਰੂਪ ਵਿਚ ਵਾਕਫੀਅਤ ਰੱਖਦੀ ਹੈ । ਇਨ੍ਹਾਂ ਦੀ ਕੋਈ ਸਿਆਸੀ ਸਤਰੰਜੀ ਖੇਡ ਜਾਂ ਮੌਕਾਪ੍ਰਸਤੀ ਇਨ੍ਹਾਂ ਅਤੇ ਇਨ੍ਹਾਂ ਦੇ ਦਿਸ਼ਾਹੀਣ ਚੇਲੇ ਚਾਟੜਿਆ ਨੂੰ ਵਿਧਾਨਕਾਰ ਬਣਾਉਣ ਵਿਚ ਕਤਈ ਕਾਮਯਾਬੀ ਪ੍ਰਾਪਤ ਨਹੀ ਹੋ ਸਕੇਗੀ । ਇਸ ਲਈ ਉਹ ਸਿਆਸੀ ਚਲਾਕੀਆ, ਦਾਅਪੇਚਾ ਅਤੇ ਸਿੱਖ ਕੌਮ ਨੂੰ ਦਿੱਤੇ ਜਾਣ ਵਾਲੇ ਧੋਖਿਆ ਦੇ ਵਰਤਾਰੇ ਨੂੰ ਅਲਵਿਦਾ ਕਹਿਕੇ, ਸਭ ਪੰਥਕ ਦਲਾਂ ਦੇ ਆਪੋ ਆਪਣੇ ਪ੍ਰੋਗਰਾਮ ਤੇ ਮਿਸਨਾਂ ਨੂੰ ਕਾਇਮ ਰੱਖਦੇ ਹੋਏ ਸੀਟਾਂ ਦਾ ਸਹੀ ਢੰਗ ਨਾਲ ਲੈਣ-ਦੇਣ ਕਰਕੇ, ਬੀਜੇਪੀ-ਆਰ.ਐਸ.ਐਸ, ਕਾਂਗਰਸ ਅਤੇ ਆਮ ਆਦਮੀ ਪਾਰਟੀ ਆਦਿ ਹੋਰ ਹਿੰਦੂਤਵ ਜਮਾਤਾਂ ਵਿਰੁੱਧ ਇਕ ਪੰਥਕ ਉਮੀਦਵਾਰ ਖੜ੍ਹਾ ਕਰਨ ਵਿਚ ਸੁਹਿਰਦਤਾ ਭਰਿਆ ਯੋਗਦਾਨ ਪਾ ਸਕਣਗੇ, ਫਿਰ ਤਾਂ ਪੰਜਾਬ ਸੂਬੇ, ਪੰਜਾਬੀਆਂ ਅਤੇ ਸਿੱਖ ਕੌਮ ਦੇ ਸਹਿਯੋਗ ਨਾਲ ਭਗਤ ਰਵੀਦਾਸ ਜੀ ਦੀ ਵੱਡਮੁੱਲੀ ਸੋਚ ਬੇਗਮਪੁਰਾ ਦੇ ਮਿਸਨ ਤੇ ਅਧਾਰਿਤ ਸਰਬਸਾਂਝੀ ਪੰਥਕ ਸਰਕਾਰ 2027 ਵਿਚ ਕਾਇਮ ਕਰਨ ਵਿਚ ਕਾਮਯਾਬ ਹੋ ਸਕਣਗੇ । ਵਰਨਾ ਬੀਜੇਪੀ-ਆਰ.ਐਸ.ਐਸ, ਕਾਂਗਰਸ ਜਾਂ ਆਪ ਵਰਗੀਆ ਹਿੰਦੂਤਵ ਜਮਾਤਾਂ ਵਿਚੋ ਕਿਸੇ ਨੂੰ ਵੀ ਪੰਜਾਬ ਦੀ ਪਵਿੱਤਰ ਧਰਤੀ ਤੇ ਪੰਜਾਬ ਵਿਰੋਧੀ ਅਮਲਾਂ ਨੂੰ ਪ੍ਰਫੁੱਲਿਤ ਕਰਨ ਲਈ ਉਹ ਸਿੱਖ ਕੌਮ ਦੇ ਸਦਾ ਲਈ ਦੋਸ਼ੀ ਸਾਬਤ ਹੋਣਗੇ । ਜਿਨ੍ਹਾਂ ਨੂੰ ਪੰਜਾਬੀ ਅਤੇ ਸਿੱਖ ਕੌਮ ਕਤਈ ਵੀ ਮੁਆਫ ਨਹੀ ਕਰੇਗੀ । ਇਸ ਲਈ ਸ. ਸੁਖਬੀਰ ਸਿੰਘ ਬਾਦਲ ਜਾਂ ਹੋਰ ਕੋਈ ਪੰਥ ਦਾ ਹਿਤੈਸੀ ਕਹਾਉਣ ਵਾਲਾ ਦਲ ਪੰਥ ਵਿਚ ਵਖਰੇਵਾ ਖੜ੍ਹਾ ਕਰਕੇ ਪੰਥ ਤੇ ਪੰਜਾਬ ਵਿਰੋਧੀ ਦੁਸ਼ਮਣ ਤਾਕਤਾਂ ਨੂੰ ਮਜਬੂਤੀ ਦੇਣ ਦੀ ਬਜਰ ਗੁਸਤਾਖੀ ਬਿਲਕੁਲ ਨਾ ਕਰੇ ਤਾਂ ਬਿਹਤਰ ਹੋਵੇਗਾ । ਉਨ੍ਹਾਂ ਉਮੀਦ ਪ੍ਰਗਟ ਕੀਤੀ ਕਿ ਪੰਥ ਅਤੇ ਪੰਜਾਬ ਸੂਬੇ ਦੇ ਵੱਡੇਰੇ ਹਿੱਤਾ ਨੂੰ ਮੁੱਖ ਰੱਖਕੇ ਪੰਥ ਨਾਲ ਸੰਬੰਧਤ ਸਭ ਧਿਰਾਂ ਸਮੂਹਿਕ ਰੂਪ ਵਿਚ ਸੰਜ਼ੀਦਗੀ ਨਾਲ ਵਿਚਾਰ ਵਟਾਂਦਰਾ ਕਰਕੇ 2027 ਦੀਆਂ ਅਸੈਬਲੀ ਚੋਣਾਂ ਦੀ ਪੰਥਕ ਜਿੱਤ ਨੂੰ ਯਕੀਨੀ ਬਣਾਉਣ ਲਈ ਉਦਮ ਕਰਨਗੇ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death

Sant Jarnail Singh Ji Khalsa Bhindranwale

www.damdamitaksal.net



ਦਮਦਮੀ ਟਕਸਾਲ

ਨਾਮ ਜਪੋ ਕਿਰਤ ਕਰੋ ਵੰਡ ਛਕੋ — Naam Japo Kirat Karo Vand Shako

ਜਥਾ ਭਿੰਡਰਾਂ (ਮਹਿਤਾ)

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA WAHEGURU JI KI FATEH

**ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ**

Khande Bate di Pahul Shak Ke Guru Wale Bano

**ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ**

Join Gurbani Santhia and Gurmat Sikhia

**ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ**

Learn Kirtan Katha Kavishri and Dhadi Waran

**ਗੁਰਮੁਖੀ ਪੰਜਾਬੀ ਸਿੱਖੋ**

Learn Gurmukhi Punjabi

**ਗਤਕਾ ਸਿੱਖੋ** Learn Gatka

www.damdamitaksal.net



# ਆਵਾਜ਼ਿ ਕੌਮ

Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I
Contact :
+447458381111
+447976210161
+919729091243


ਆਵਾਜ਼ਿ ਕੌਮ AWAZE QAUM TV




ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ – ਪੰਥ ਕੀ ਜੀਤ

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋਂ ਪਾਵਾ ॥

**ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ**



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ

**1 ਨਵੰਬਰ 2026, ਦਿਨ ਐਤਵਾਰ ਨੂੰ**

ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ

ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ

ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ



ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ **ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470**

ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137

ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ

ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ

ਸੰਪਰਕ ਨੰਬਰ 84278-66404


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਅਵਤਾਰ ਪੁਰਬ

• ਅਵਤਾਰ ਪੁਰਬ ਧੰਨ ਸ੍ਰੀ ਗੁਰੂ ਅਰਜਨ ਦੇਵ ਸਾਹਿਬ ਜੀ। • ਜਨਮ ਦਿਹਾੜਾ : ਸਾਹਿਬਜਾਦਾ ਬਾਬਾ ਜੁਝਾਰ ਸਿੰਘ ਸਾਹਿਬ ਜੀ। • ਅਵਤਾਰ ਪੁਰਬ : ਧੰਨ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ।



ਸ਼ੁੱਕਰਵਾਰ 10 ਅਪ੍ਰੈਲ ਸਵੇਰੇ 10:00 ਵਜੇ ਸ੍ਰੀ ਅਖੰਡ ਪਾਠ ਸਾਹਿਬ ਦੀ ਅਰੰਭਤਾ ਹੋਵੇਗੀ ਅਤੇ 12 ਅਪ੍ਰੈਲ ਐਤਵਾਰ ਸਵੇਰੇ 10: 00 ਵਜੇ ਭੋਗ ਪੈਣਗੇ ਉਪਰੰਤ ਦੀਵਾਨ ਸਜਣਗੇ।

ਸ਼ਨਿੱਚਰਵਾਰ 11 ਅਪ੍ਰੈਲ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ। ਐਤਵਾਰ 12 ਅਪ੍ਰੈਲ 2026 ਨੂੰ 6:30 ਵਜੇ ਸਵੇਰ ਚੌਪਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:00 ਵਜੇ ਭੋਗ ਪੈਣ ਉਪਰੰਤ 12:30 ਵਜੇ ਤੱਕ ਦੀਵਾਨ ਸੱਜਣਗੇ।

ਕਥਾ ਵਾਚਕ ਭਾਈ ਦਿਲਪ੍ਰੀਤ ਸਿੰਘ ਕਥਾ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

⋆ ਗੁਰੂ ਪੰਥ ਦੇ ਦਾਸਰੇ ⋆

**ਸਾਧ ਸੰਗਤ, ਪ੍ਰਬੰਧਕ ਕਮੇਟੀ**
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☚ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778




### ਦਸ਼ਮੇਸ਼ ਕਾਲਜ ਫਾਰ ਵਿਮੈਂਨ ਮਹਿਤਾ ਚੌਂਕ ਦਾ ਬੀ.ਕਾਮ ਭਾਗ-3 ਦਾ ਨਤੀਜਾ ਰਿਹਾ ਸ਼ਾਨਦਾਰ

## ਸੂਝਵਾਨ ਮਾਪਿਆਂ ਦਾ ਬਣਿਆ ਉਤਸ਼ਾਹ ਦਸਮੇਸ਼ ਕਾਲਜ ਫਾਰ ਵਿਮੈਨ ਮਹਿਤਾ ਚੌਂਕ



**ਚੌਂਕ ਮਹਿਤਾ, 9 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਇਲਾਕੇ ਦੀ ਨਾਮਵਰ ਸੰਸਥਾ ਦਸ਼ਮੇਸ਼ ਕਾਲਜ ਫ਼ਾਰ ਵਿਮੈਨ ਮਹਿਤਾ ਚੌਂਕ ਦੀਆਂ ਵਿਦਿਆਰਥਣਾਂ ਦਾ ਗੁਰੂ ਨਾਨਕ ਦੇਵ ਯੂਨੀਵਰਸਿਟੀ ਵੱਲੋਂ ਬੀ.ਕਾਮ ਭਾਗ ਤੀਜਾ ਦਾ ਐਲਾਨਿਆ ਗਿਆ, ਨਤੀਜਾ ਸ਼ਾਨਦਾਰ ਰਿਹਾ। ਵਿਦਿਆਰਥਣਾਂ ਦੀ ਮਿਹਨਤ ਸਦਕਾ ਬੀ.ਕਾਮ ਸਮੈਸਟਰ ਤੀਸਰਾ ਦਾ ਨਤੀਜਾ 100 ਫੀਸਦੀ ਰਿਹਾ। ਜਿਸ ਵਿੱਚ ਬੀ.ਕਾਮ ਦੀ ਸੁਖਨਪ੍ਰੀਤ ਕੌਰ, ਰਵਨੀਤ ਕੌਰ, ਗਗਨਦੀਪ ਕੌਰ ਅਤੇ ਅਵਨਪ੍ਰੀਤ ਕੌਰ ਨੇ ਕ੍ਰਮਵਾਰ ਪਹਿਲਾ, ਦੂਜਾ ਅਤੇ ਤੀਜਾ ਸਥਾਨ ਹਾਸਿਲ ਕੀਤਾ। ਇਸ ਤੋਂ ਇਲਾਵਾ ਮੁਸਕਾਨਪ੍ਰੀਤ ਕੌਰ, ਫ਼ਰਨਜੀਤ ਕੌਰ, ਕੁਲਜੀਤ ਕੌਰ, ਹਸਨਦੀਪ ਕੌਰ, ਪਵਨਦੀਪ ਕੌਰ, ਪ੍ਰਭਜੋਤ ਕੌਰ ਅਤੇ ਨਵਦੀਪ ਕੌਰ ਅਤੇ ਇੰਦਰਪ੍ਰੀਤ ਕੌਰ ਨੇ ਵਧੀਆ ਅੰਕ ਹਾਸਿਲ ਕਰਕੇ ਕਾਲਜ ਅਤੇ ਮਾਪਿਆਂ ਦਾ ਨਾਮ ਰੋਸ਼ਨ ਕੀਤਾ। ਇਸ ਮੌਕੇ ਤੇ ਕਾਲਜ ਦੇ ਚੇਅਰਮੈਨ ਸਰਦਾਰ ਗੁਰਦੀਪ ਸਿੰਘ ਰੰਧਾਵਾ ਜੀ ਨੇ ਖੁਸ਼ੀ ਜ਼ਾਹਿਰ ਕਰਦਿਆਂ ਵਿਦਿਆਰਥਣਾਂ ਦੇ ਨਾਲ-ਨਾਲ ਮਾਪਿਆਂ ਅਤੇ ਅਧਿਆਪਕਾਂ ਨੂੰ ਵਧਾਈ ਦਿੱਤੀ ਅਤੇ ਵਿਦਿਆਰਥਣਾਂ ਨੂੰ ਉਹਨਾਂ ਦੇ ਆਉਣ ਵਾਲੇ ਭਵਿੱਖ ਵਿੱਚ ਇਸੇ ਤਰ੍ਹਾਂ ਮਿਹਨਤ ਕਰਕੇ ਕਾਮਯਾਬੀ ਪ੍ਰਾਪਤ ਕਰਨ ਦੀ ਪ੍ਰੇਰਨਾ ਦਿੱਤੀ। ਇਸ ਹੌਸਲਾ ਅਫ਼ਜ਼ਾਈ ਮੌਕੇ ਚੇਅਰਮੈਨ ਗੁਰਦੀਪ ਸਿੰਘ ਰੰਧਾਵਾ ਦੇ ਨਾਲ ਪ੍ਰਿੰਸੀਪਲ ਮੈਡਮ ਗੁਰਬੀਰ ਕੌਰ, ਡਾਇਰੈਕਟਰ ਮੈਡਮ ਹਰਪ੍ਰੀਤ ਕੌਰ, ਕੋਆਰਡੀਨੇਟਰ ਮੈਡਮ ਰਵਿੰਦਰ ਕੌਰ ਅਤੇ ਸਮੂਹ ਸਟਾਫ਼ ਮੈਂਬਰ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM
International Newspaper & WEB TV

## ਫੀਲਡ ਪੱਤਰਕਾਰ ਐਸੋਸੀਏਸ਼ਨ, ਸਬ ਡਵੀਜਨ ਬਾਬਾ ਬਕਾਲਾ ਸਾਹਿਬ ਨੇ ਅਹੁਦੇਦਾਰ ਐਲਾਨੇ, ਪੱਤਰਕਾਰਾਂ ਨੂੰ ਸ਼ਨਾਖਤੀ ਕਾਰਡ ਵੰਡੇ



**ਬਾਬਾ ਬਕਾਲਾ ਸਾਹਿਬ, 10 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਬੀਤੇ ਦਿਨੀਂ ਫੀਲਡ ਪੱਤਰਕਾਰ ਐਸੋਸੀਏਸ਼ਨ, ਸਬ ਡਵੀਜਨ ਬਾਬਾ ਬਕਾਲਾ ਸਾਹਿਬ ਦੀ 2026-28 ਲਈ ਸੂਬਾ ਪ੍ਰਧਾਨ ਹਰਜੀਪ੍ਰੀਤ ਸਿੰਘ ਕੰਗ ਦੀ ਦੇਖ ਰੇਖ ਵਿੱਚ ਚੋਣ ਕਰਵਾਈ ਗਈ, ਜਿਸ ਵਿੱਚ ਸਰਬ ਸੰਮਤੀ ਨਾਲ ਸ: ਸ਼ੈਲਿੰਦਰਜੀਤ ਸਿੰਘ ਰਾਜਨ ਨੂੰ ਲਗਾਤਾਰ 32ਵੀਂ ਵਾਰ ਐਸੋਸੀਏਸ਼ਨ ਦਾ ਸਰਬ ਸੰਮਤੀ ਨਾਲ ਪ੍ਰਧਾਨ ਚੁਣ ਲਿਆ ਗਿਆ ਅਤੇ ਬਾਕੀ ਦੇ ਅਹੁਦੇਦਾਰ ਚੁਨਣ ਦੇ ਅਧਿਕਾਰ ਵੀ ਦਿੱਤੇ ਗਏ । ਜਿਸ ਤਹਿਤ ਪ੍ਰਧਾਨ ਸ: ਸ਼ੈਲਿੰਦਰਜੀਤ ਸਿੰਘ ਰਾਜਨ ਨੇ ਅੱਜ ਜਥੇਬੰਦੀ ਦਾ ਵਿਸਥਾਰ ਕਰਦਿਆਂ ਨਵੇਂ ਅਹੁਦੇਦਾਰਾਂ ਦਾ ਐਲਾਨ ਕੀਤਾ । ਇਸ ਮੌਕੇ ਹਰਜੀਪ੍ਰੀਤ ਸਿੰਘ ਕੰਗ, ਹਰਜੀਤ ਸਿੰਘ ਬੁਤਾਲਾ (ਦੋਵੇਂ ਸਰਪ੍ਰਸਤ), ਅਤਰ ਸਿੰਘ ਤਰਸਿੱਕਾ, ਧਰਮਿੰਦਰ ਸਿੰਘ ਭੰਮਰਾ, ਜਗੀਰ ਸਿੰਘ ਸਫਰੀ, ਪਰਮਜੀਤ ਸਿੰਘ ਰੱਖੜਾ, ਸੁਖਵਿੰਦਰ ਸਿੰਘ ਚਾਹਲ (ਸਾਰੇ ਸੀਨੀਅਰ ਮੀਤ ਪ੍ਰਧਾਨ), ਕੈਪਟਨ ਸਿੰਘ ਮਹਿਤਾ (ਪ੍ਰਧਾਨ ਮਹਿਤਾ ਇਕਾਈ), ਗੁਰਪ੍ਰੀਤ ਸਿੰਘ ਬਾਬਾ ਬਕਾਲਾ (ਜਨਰਲ ਸਕੱਤਰ), ਗੌਰਵ ਜੋਸ਼ੀ (ਸਕੱਤਰ ਜਨਰਲ), ਲੱਖਾ ਸਿੰਘ ਅਜ਼ਾਦ (ਕਾਨੂੰਨੀ ਸਲਹਕਾਰ), ਬਲਵਿੰਦਰ ਸਿੰਘ ਅਠੌਲ਼ਾ (ਪ੍ਰੈੱਸ ਸਕੱਤਰ), ਰਣਜੀਤ ਸਿੰਘ ਸੰਧੂ (ਖਜ਼ਾਨਚੀ), ਬਾਬਾ ਸੁਖਵੰਤ ਸਿੰਘ ਚੰਨਣਕੇ, ਸੁਰਿੰਦਰਪਾਲ ਸਿੰਘ ਲੱਡੂ, ਸੁਰਜੀਤ ਸਿੰਘ ਬੁਤਾਲਾ, ਸੁਸ਼ੀਲ ਅਰੋੜਾ, ਰੋਹਿਤ ਅਰੋੜਾ, ਵਿਸ਼ਵਜੀਤ ਸਿੰਘ (ਸਾਰੇ ਮੀਤ ਪ੍ਰਧਾਨ), ਨਿਰਮਲ ਸਿੰਘ ਸੰਘਾ, ਸਤਨਾਮ ਸਿੰਘ ਨੌਰੰਗਪੁਰੀ, ਅਮਰਜੀਤ ਸਿੰਘ ਬੁੱਟਰ, ਰਾਜਦੀਪ ਸਿੰਘ ਮਹਿਤਾ, ਕਮਲਪ੍ਰੀਤ ਸਿੰਘ ਹੈਪੀ, ਦਿਲਰਾਜ ਸਿੰਘ ਦਰਦੀ (ਸਾਰੇ ਸਕੱਤਰ), ਸੁਖਵਿੰਦਰ ਸਿੰਘ ਗਿੱਲ, ਸਕੱਤਰ ਸਿੰਘ ਪੁਰੇਵਾਲ, ਡਾ: ਸਰਬਜੀਤ ਸਿੰਘ ਬਿੱਲਾ, ਰਣਜੀਤ ਸਿੰਘ ਕੰਗ, ਸੰਦੀਪ ਸਹਿਗਲ, ਪਰਮਜੀਤ ਸਿੰਘ ਸਿਤਾਰਾ, ਜਸਬੀਰ ਸਿੰਘ ਨਾਰਲਾ (ਸਾਰੇ ਪ੍ਰਚਾਰ ਸਕੱਤਰ), ਹਰਕੰਵਲਜੀਤ ਸਾਹਿਲ, ਅਮਰਵੀਰ ਸਿੰਘ ਅਜ਼ਾਦ, ਜਸਪਾਲ ਸਿੰਘ ਗੱਗੜਭਾਣਾ, ਗੁਰਮੁੱਖ ਸਿੰਘ ਪੱਡਾ, ਨਰਿੰਦਰ ਸਿੰਘ ਬਿਆਸ, ਹਰਮਨਪ੍ਰੀਤ ਸਿੰਘ ਗਿੱਲ, ਆਨੰਦਪ੍ਰੀਤ ਸਿੰਘ ਨੌਰੰਗਪੁਰੀ (ਸਾਰੇ ਸਹਾਇਕ ਸਕੱਤਰ) ਆਦਿ ਚੁਣੇ ਗਏ ਹਨ । ਇਸ ਮੌਕੇ ਪ੍ਰੈੱਸ ਕਲੱਬ ਅੰਮ੍ਰਿਤਸਰ ਨਾਲ ਜੁੜੇ ਮੈਂਬਰਾਂ ਨੂੰ ਸ਼ਨਾਖਤੀ ਕਾਰਡ ਵੀ ਵੰਡੇ ਗਏ ਅਤੇ ਕੁਝ ਨਵੇਂ ਮੈਂਬਰਾਂ ਨੂੰ ਸ਼ਾਮਿਲ ਹੋਣ 'ਤੇ ਸਨਮਾਨਿਤ ਵੀ ਕੀਤਾ ਗਿਆ । ਫੀਲਡ ਪੱਤਰਕਾਰ ਐਸੋਸੀਏਸ਼ਨ ਵੱਲੋਂ ਪਿਛਲੇ ਸਮੇਂ ਦੌਰਾਨ ਕੀਤੀਆਂ ਪ੍ਰਾਪਤੀਆਂ ਦਾ ਲੇਖਾ ਜੋਖਾ ਕੀਤਾ ਗਿਆ ਅਤੇ ਸਾਲ 2026-27 ਲਈ ਨਵੇਂ ਪ੍ਰੋਗਰਾਮ ਉਲੀਕਣ ਲਈ ਵਿਚਾਰਾਂ ਹੋਈਆਂ । ਬਾਬਾ ਬਕਾਲਾ ਸਾਹਿਬ ਤਹਿਸੀਲ ਪੱਧਰ 'ਤੇ ਪ੍ਰੈਸ ਕਲੱਬ ਬਣਾਉਣ ਅਤੇ ਤਹਿਸੀਲ ਪੱਧਰ ਦਾ "ਮੌਜੂਦਾ ਪੱਤਰਕਾਰਤਾ ਦੇ ਵਿਸ਼ੇ ਤੇ ਸੈਮੀਨਾਰ" ਕਰਵਾਉਣ ਸੰਬੰਧੀ ਵਿਚਾਰਾਂ ਹੋਈਆਂ । ਫੀਲਡ ਵਿੱਚ ਕੰਮ ਕਰਨ ਵਾਲੇ ਪੱਤਰਕਾਰਾਂ ਨੇ ਦਰਪੇਸ਼ ਮੁਸ਼ਕਲਾਂ ਤੇ ਵਿਚਾਰਾਂ ਕੀਤੀਆਂ ਗਈਆਂ।

ਪੂਜਾ ਅਕਾਲ ਕੀ ਪਰਚਾ ਸ਼ਬਦ ਕਾ ਦੀਦਾਰ ਖਾਲਸੇ ਕਾ

## ਅਕਾਲ ਤਖ਼ਤ ਦੇ ਦੋਸ਼ੀ ਬਾਦਲ ਭਜਾਓ
## ਮੀਰੀ ਪੀਰੀ ਕਾਲਜ ਪੰਥ ਤੇ ਹਰਿਆਣਾ ਕਮੇਟੀ ਬਚਾਓ

# ਪੰਥਕ ਇਕੱਤਰਤਾ

ਮਿਤੀ 12 ਅਪ੍ਰੈਲ 2026, ਦਿਨ ਐਂਤਵਾਰ
ਸਮਾਂ: ਦੁਪਹਿਰ 12 ਤੋਂ 3 ਵਜੇ ਤੱਕ

ਸਥਾਨ: ਗੁਰਦੁਆਰਾ ਗੁਰੂ ਗ੍ਰੰਥਸਰ ਦਾਦੂ ਸਾਹਿਬ ਸਿਰਸਾ (ਹਰਿਆਣਾ)

ਪੰਥਕ ਬੁਲਾਰੇ ਸਿੱਖ ਸੰਗਤਾਂ ਨੂੰ ਸੰਬੋਧਨ ਕਰਨਗੇ ਜੀ ਹੁੰਮ ਹੁੰਮਾ ਕੇ ਪੁੱਜੋ

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਬੇਨਤੀ ਕਰਤਾ - ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਸਮੂੰਹ ਅਹੁਦੇਦਾਰ ਅਤੇ ਮੈਂਬਰ ਸਾਹਿਬਾਨ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ

ਸੰਪਰਕ:- 9356060960-9779172813

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਵਿੱਚ

# ਅਧੁਨਿਕ ਇੰਗਲਿਸ਼ ਲੈਂਗਵੇਜ ਲੈਬ ਦੀ ਸ਼ੁਰੂਆਤ

**ਫ਼ਿਰੋਜ਼ਪੁਰ, 10 ਅਪ੍ਰੈਲ (ਮਨੋਹਰ ਲਾਲ)** :— ਮੋਗਾ ਰੋਡ ਤੇ ਸਥਿਤ ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਵਿੱਚ ਵਿਦਿਆਰਥੀਆਂ ਦੇ ਸਰਵਾਂਗੀਣ ਵਿਕਾਸ ਨੂੰ ਧਿਆਨ ਵਿੱਚ ਰੱਖਦੇ ਹੋਏ ਅਧੁਨਿਕ ਇੰਗਲਿਸ਼ ਲੈਂਗਵੇਜ ਲੈਬ ਦੀ ਸ਼ੁਰੂਆਤ ਕੀਤੀ ਗਈ ਹੈ। ਇਹ ਉਪਰਾਲਾ ਵਿਦਿਆਰਥੀਆਂ ਦੀ ਭਾਸ਼ਾਈ ਯੋਗਤਾ ਨੂੰ ਮਜ਼ਬੂਤ ਕਰਨ ਦੇ ਨਾਲ—ਨਾਲ ਉਨ੍ਹਾਂ ਨੂੰ ਭਵਿੱਖ ਦੀਆਂ ਮੁਕਾਬਲਾਤੀ ਚੁਣੌਤੀਆਂ ਲਈ ਤਿਆਰ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਮੰਨਿਆ ਜਾ ਰਿਹਾ ਹੈ। ਜਾਣਕਾਰੀ ਦਿੰਦਿਆਂ ਸਕੂਲ ਦੀ ਪ੍ਰਿੰਸੀਪਲ ਸ਼੍ਰੀਮਤੀ ਰੇਖਾ ਪਾਸੀ ਨੇ ਦੱਸਿਆ ਕਿ ਅੱਜ ਦੇ ਸਮੇਂ ਵਿੱਚ ਅੰਗਰੇਜ਼ੀ ਭਾਸ਼ਾ ਦਾ ਗਿਆਨ ਸਿਰਫ ਇੱਕ ਵਿਸ਼ੇ ਤੱਕ ਸੀਮਿਤ ਨਹੀਂ ਰਿਹਾ, ਸਗੋਂ ਇਹ ਵਿਦਿਆਰਥੀਆਂ ਦੇ ਆਤਮ ਵਿਸ਼ਵਾਸ, ਵਿਅਕਤਿਤਵ ਵਿਕਾਸ ਅਤੇ ਕਰੀਅਰ ਨਿਰਮਾਣ ਦਾ ਅਹਿਮ ਹਿੱਸਾ ਬਣ ਚੁੱਕਾ ਹੈ। ਇਸੇ ਗੱਲ ਨੂੰ ਧਿਆਨ ਵਿੱਚ ਰੱਖਦੇ ਹੋਏ ਸਕੂਲ ਪ੍ਰਬੰਧਕਾਂ ਵੱਲੋਂ ਆਧੁਨਿਕ ਤਕਨੀਕਾਂ ਨਾਲ ਸਜੀ ਇੰਗਲਿਸ਼ ਲੈਂਗਵੇਜ ਲੈਬ ਸਥਾਪਿਤ ਕੀਤੀ ਗਈ ਹੈ।





ਉਨ੍ਹਾਂ ਦੱਸਿਆ ਕਿ ਇਸ ਲੈਬ ਵਿੱਚ ਵਿਦਿਆਰਥੀਆਂ ਨੂੰ ਸਪੋਕਨ ਇੰਗਲਿਸ਼, ਰਾਈਟਿੰਗ ਸਕਿਲਜ਼, ਸਹੀ ਉਚਾਰਨ (ਪ੍ਰੋਨੰਸੀਏਸ਼ਨ) ਅਤੇ ਸੁਣਨ ਸਮਝਣ ਦੀ ਸਮਰੱਥਾ (ਲਿਸਨਿੰਗ ਸਕਿਲਜ਼) ਤੇ ਖਾਸ ਤੌਰ ਤੇ ਤਰਬੀਅਤ ਦਿੱਤੀ ਜਾ ਰਹੀ ਹੈ। ਇਸ ਦੇ ਨਾਲ ਹੀ ਇੰਟਰਐਕਟਿਵ ਸਾਫਟਵੇਅਰ, ਆਡੀਓ ਵੀਡੀਓ ਟੂਲਜ਼ ਅਤੇ ਪ੍ਰੈਕਟਿਕਲ ਗਤੀਵਿਧੀਆਂ ਰਾਹੀਂ ਬੱਚਿਆਂ ਨੂੰ ਸਿੱਖਣ ਲਈ ਨਵਾਂ ਅਤੇ ਰੁਚਿਕਰ ਮਾਹੌਲ ਪ੍ਰਦਾਨ ਕੀਤਾ ਜਾ ਰਿਹਾ ਹੈ। ਪ੍ਰਿੰਸੀਪਲ ਨੇ ਅੱਗੇ ਕਿਹਾ ਕਿ ਇਸ ਲੈਬ ਦਾ ਮੁੱਖ ਉਦੇਸ਼ ਬੱਚਿਆਂ ਦੇ ਅੰਦਰੋਂ ਝਿਝਕ ਨੂੰ ਦੂਰ ਕਰਨਾ ਅਤੇ ਉਨ੍ਹਾਂ ਨੂੰ ਆਤਮ ਵਿਸ਼ਵਾਸ ਨਾਲ ਆਪਣੀ ਗੱਲ ਰੱਖਣ ਲਈ ਪ੍ਰੇਰਿਤ ਕਰਨਾ ਹੈ। ਲੈਬ ਵਿੱਚ ਨਿਯਮਿਤ ਅਭਿਆਸ ਰਾਹੀਂ ਵਿਦਿਆਰਥੀਆਂ ਨੂੰ ਸਹੀ ਉਚਾਰਨ, ਸ਼ਬਦਾਂ ਦੇ ਸਹੀ ਇਸਤੇਮਾਲ ਅਤੇ ਪ੍ਰਭਾਵਸ਼ਾਲੀ ਸੰਚਾਰ ਦੀ ਕਲਾ ਸਿਖਾਈ ਜਾ ਰਹੀ ਹੈ, ਜਿਸ ਨਾਲ ਉਹ ਨਾ ਸਿਰਫ਼ ਸ਼ੈਖਸਿਕ ਸਗੋਂ ਸਮਾਜਿਕ ਜੀਵਨ ਵਿੱਚ ਵੀ ਵਧੀਆ ਪ੍ਰਦਰਸ਼ਨ ਕਰ ਸਕਣ। ਸਕੂਲ ਪ੍ਰਬੰਧਨ ਅਨੁਸਾਰ ਇਹ ਲੈਂਗਵੇਜ ਲੈਬ ਵਿਦਿਆਰਥੀਆਂ ਨੂੰ ਇੰਟਰਵਿਊ, ਪ੍ਰਜ਼ੈਂਟੇਸ਼ਨ ਅਤੇ ਵੱਖ—ਵੱਖ ਮੁਕਾਬਲਾਤੀ ਪ੍ਰੀਖਿਆਵਾਂ ਲਈ ਵੀ ਤਿਆਰ ਕਰੇਗੀ। ਇਸ ਰਾਹੀਂ ਬੱਚਿਆਂ ਨੂੰ ਗਲੋਬਲ ਪੱਧਰ ਦੀ ਸਿੱਖਿਆ ਦੇਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ ਤਾਂ ਜੋ ਉਹ ਬਦਲਦੇ ਸਮੇਂ ਨਾਲ ਕਦਮ ਮਿਲਾ ਸਕਣ। ਅੰਤ ਵਿੱਚ ਪ੍ਰਿੰਸੀਪਲ ਨੇ ਮਾਪਿਆਂ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਉਹ ਵੀ ਬੱਚਿਆਂ ਨੂੰ ਘਰ ਵਿੱਚ ਅੰਗਰੇਜ਼ੀ ਭਾਸ਼ਾ ਦਾ ਅਭਿਆਸ ਕਰਨ ਲਈ ਪ੍ਰੇਰਿਤ ਕਰਨ ਤਾਂ ਜੋ ਸਕੂਲ ਵੱਲੋਂ ਦਿੱਤੀ ਜਾ ਰਹੀ ਇਸ ਸੁਵਿਧਾ ਦਾ ਪੂਰਾ ਲਾਭ ਮਿਲ ਸਕੇ। ਉਨ੍ਹਾਂ ਨੇ ਵਿਸ਼ਵਾਸ ਜਤਾਇਆ ਕਿ ਇਸ ਉਪਰਾਲੇ ਨਾਲ ਵਿਦਿਆਰਥੀਆਂ ਦੇ ਵਿਅਕਤਿਤਵ ਵਿੱਚ ਸਕਾਰਾਤਮਕ ਬਦਲਾਅ ਆਏਗਾ ਅਤੇ ਉਹ ਆਤਮ ਵਿਸ਼ਵਾਸ ਨਾਲ ਆਪਣੇ ਭਵਿੱਖ ਵੱਲ ਅੱਗੇ ਵਧਣਗੇ।

### ਪੰਜਾਬ ਸਰਕਾਰ ਨੂੰ ਬੇਅਦਬੀ ਦੀ ਪਰਿਭਾਸ਼ਾ ਦਸਣੀ ਚਾਹੀਦੀ ਹੈ ਕਿ ਓਹ ਬੇਅਦਬੀ, ਮਾਣਹਾਣੀ ਅਤੇ ਹਮਲੇ ਨੂੰ

# ਕਿਸ ਤਰ੍ਹਾਂ ਦੇ ਸਵਰੂਪ ਵਿਚ ਮੰਨਦੀ ਹੈ: ਪਰਮਜੀਤ ਸਿੰਘ ਵੀਰਜੀ

**ਨਵੀਂ ਦਿੱਲੀ 10 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ)**:- ਬੀਤੇ ਕੁਝ ਸਮੇਂ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਮੁੱਦੇ ਤੇ ਪੰਜਾਬ ਸਰਕਾਰ ਵਲੋਂ ਕਾਨੂੰਨ ਬਣਾਏ ਜਾਣ ਦੀ ਚਰਚਾ ਜ਼ੋਰ ਸ਼ੋਰ ਨਾਲ ਚਲ ਰਹੀ ਹੈ ਅਤੇ ਇਸ ਕਾਨੂੰਨ ਬਾਰੇ ਸਿੱਖ ਪੰਥ ਦੀ ਮੁਹਿਰੀ ਨੁਮਾਇੰਦਾ ਸੰਸਥਾ ਐਸਜੀਪੀਸੀ ਨੂੰ ਭਰੋਸੇ ਵਿਚ ਨਹੀਂ ਲਿਆ ਗਿਆ ਹੈ ਜੋ ਕਿ ਵਡੀ ਚਿੰਤਾ ਦਾ ਵਿਸ਼ਾ ਹੈ। ਇੰਨ੍ਹਾ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਗੁਰੂਬਾਣੀ ਰਿਸਰਚ ਫਾਉਡੇਸ਼ਨ ਦੇ ਮੁੱਖੀ ਅਤੇ ਦਿੱਲੀ ਕਮੇਟੀ ਦੀ ਧਰਮ ਪ੍ਰਚਾਰ ਵਿੰਗ ਦੇ ਸਾਬਕਾ ਕੋ ਚੇਅਰਮੈਨ ਸਰਦਾਰ ਪਰਮਜੀਤ ਸਿੰਘ ਵੀਰ ਜੀ ਨੇ ਕਿਹਾ ਸਰਕਾਰ ਨੂੰ ਪਹਿਲਾਂ ਬੇਅਦਬੀ ਦੀ ਪਰਿਭਾਸ਼ਾ ਦਸਣੀ ਚਾਹੀਦੀ ਹੈ ਕਿ ਓਹ ਬੇਅਦਬੀ, ਮਾਣਹਾਣੀ ਅਤੇ ਹਮਲੇ ਨੂੰ ਕਿਸ ਤਰ੍ਹਾਂ ਦੇ ਸਵਰੂਪ ਵਿਚ ਮੰਨਦੀ ਹੈ..? ਕਿਉਕਿ ਤਿਨਾ ਦੀ ਪਰਿਭਾਸ਼ਾ ਵੱਖ ਵੱਖ ਸਮੇਂ ਉਪਰ ਵੱਖਰੀ ਵੱਖਰੀ ਪਰਿਭਾਸ਼ਿਤ ਹੁੰਦੀ ਹੈ ਅਤੇ ਜਾਣੇ ਅਣਜਾਣੇ ਵਿਚ ਗੁਰੂ ਸਾਹਿਬਾਂ ਪ੍ਰਤੀ ਕੀਤੀ ਗਈ ਉਲੰਘਣਾ ਨੂੰ ਓਹ ਕਿਸ ਰੂਪ ਵਿਚ ਪ੍ਰਦਰਸ਼ਿਤ ਕਰ ਰਹੇ ਹਨ..? ਉਨ੍ਹਾਂ ਪੰਜਾਬ ਸਰਕਾਰ ਦੇ ਮੁੱਖਮੰਤਰੀ ਭਗਵੰਤ ਮਾਨ ਨੂੰ ਪੁੱਛਿਆ ਕਿ ਤੁਸੀਂ ਇਹ ਕਾਨੂੰਨ ਬਣਾਉਣ ਤੋਂ ਪਹਿਲਾਂ ਸਿੱਖ ਨੁਮਾਇੰਦਿਆਂ ਜੱਥੇਬੰਦੀਆਂ, ਬੁਧੀਜੀਵੀ, ਕਾਨੂੰਨੀ ਮਾਹਿਰ, ਧਾਰਮਿਕ ਸ਼ਖਸ਼ੀਅਤਾਂ ਨਾਲ ਸੰਪਰਕ ਕਰਕੇ ਇਸ ਬਾਬਤ ਉਨ੍ਹਾਂ ਕੋਲੋਂ ਕੌਈ ਜਾਣਕਾਰੀ/ਵਿਚਾਰ ਇੱਕਠੇ ਕੀਤੇ ਸਨ ਕਿ ਓਹ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਨੂੰ ਕਿਸ ਤਰ੍ਹਾਂ ਪਰਿਭਾਸ਼ਿਤ ਕਰ ਰਹੇ ਹਨ..? ਉਨ੍ਹਾਂ ਕਿਹਾ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਸੰਸਾਰ ਭਰ ਵਿਚ ਮਨੁੱਖਤਾ ਦੀ ਅਗਵਾਈ ਕਰ ਰਹੇ ਹਨ ਤੇ ਕਿ ਤੁਸੀਂ ਵਿਦੇਸ਼ੀ ਸਿੱਖ ਜੱਥੇਬੰਦੀਆਂ ਦੇ ਇਸ ਬਾਬਤ ਵਿਚਾਰ ਲਏ ਹਨ ਕਿ ਬੇਅਦਬੀ ਸੰਬੰਧੀ ਉਨ੍ਹਾਂ ਦੇ ਵਿਚਾਰ ਕੀ ਹਨ..? ਉਨ੍ਹਾਂ ਕਿਹਾ ਇਹ ਮੁੱਦਾ ਬਹੁਤ ਹੀ ਗੰਭੀਰ ਹੈ ਤੇ ਇਸ ਕਾਨੂੰਨ ਅੰਦਰ ਕਿਸੇ ਹੋਰ ਧਰਮ ਬਾਰੇ ਬੇਅਦਬੀ ਦੀ ਧਾਰਾ ਰਲਗਡ ਨਹੀਂ ਹੋਣੀ ਚਾਹੀਦੀ ਹੈ ਕਿਉਕਿ ਹਰ ਧਰਮ ਦੇ ਪੈਰੋਕਾਰਾਂ ਦੀ ਆਪਣੇ ਧਰਮ ਪ੍ਰਤੀ ਆਸਥਾ ਅਲਗ ਅਲਗ ਹੁੰਦੀ ਹੈ ਤੇ ਹਰ ਧਰਮ ਦੇ ਪੈਰੋਕਾਰਾਂ ਨਾਲ ਸਲਾਹ ਮਸ਼ਵਰਾ ਕਰਕੇ ਹੀ ਉਨ੍ਹਾਂ ਦੀਆਂ ਭਾਵਨਾਵਾਂ ਦੀ ਕਦਰ ਕਰਦੇ ਕਾਨੂੰਨ ਅੰਦਰ ਧਾਰਾਵਾਂ ਜੋੜਨੀਆਂ ਚਾਹੀਦੀਆਂ ਹਨ ਨਾ ਕਿ ਆਪਣੀ ਮਨਮਰਜੀ ਨਾਲ। ਉਨ੍ਹਾਂ ਕਿਹਾ ਅਸੀਂ ਵੀ ਚਾਹੁੰਦੇ ਹਾਂ ਕਿ ਬੇਅਦਬੀ ਮੁੱਦੇ ਤੇ ਕਾਨੂੰਨ ਬਣੇ ਪਰ ਓਹ ਸਿੱਖ ਪਰੰਪਰਾਵਾ ਅਤੇ ਭਾਵਨਾਵਾਂ ਦੀ ਤਰਜਮਾਨੀ ਕਰਦਾ ਹੋਏ ਇਸ ਲਈ ਸਾਡੀ ਸਰਕਾਰ ਕੋਲੋਂ ਪੁਰਜ਼ੋਰ ਮੰਗ ਹੈ ਕਿ ਜਲਦਬਾਜ਼ੀ ਵਿਚ ਸਿਰਫ ਆਪਣਾ ਵੋਟ ਬੈਂਕ ਪੱਕਾ ਕਰਣ ਲਈ ਅਧੂਰਾ ਕਾਨੂੰਨ ਲਾਗੂ ਨਾ ਕੀਤਾ ਜਾਏ ਜਿਸ ਦਾ ਸੰਸਾਰ ਭਰ ਅੰਦਰ ਵੱਡੇ ਪੱਧਰ ਤੇ ਵਿਰੋਧ ਕੀਤਾ ਜਾ ਰਿਹਾ ਹੈ।



**ਰਾਜ ਸਰਕਾਰ ਵੋਟ ਬੈਂਕ ਪੱਕਾ ਕਰਣ ਲਈ ਬੇਅਦਬੀ ਮੁੱਦੇ ਉਪਰ ਅਧੂਰਾ ਕਾਨੂੰਨ ਲਾਗੂ ਨਾ ਕਰਨ**

### ਓ.ਐਸ.ਡੀ. ਸੁਖਵੀਰ ਸਿੰਘ ਨੇ ਪਿੰਡ ਦੁਗਨੀ ਦੇ

# 105 ਲਾਭਪਾਤਰੀਆਂ ਨੂੰ ਮਾਲਕਾਨਾ ਹੱਕ ਦੇ ਸਰਟੀਫਿਕੇਟ ਵੰਡੇ

**ਧੂਰੀ (ਰਣਜੀਤ ਸਿੰਘ ਪੇਧਨੀ )**-ਪੰਜਾਬ ਸਰਕਾਰ ਵੱਲੋਂ ਪਿੰਡਾਂ ਵਿੱਚ ਲਾਲ ਲਕੀਰ ਦੇ ਅੰਦਰ ਰਹਿ ਰਹੇ ਲੋਕਾਂ ਨੂੰ ਉਹਨਾਂ ਦੇ ਘਰਾਂ ਦੇ ਕਾਨੂੰਨੀ ਮਾਲਕਾਨਾ ਹੱਕ ਪ੍ਰਦਾਨ ਕਰਨ ਲਈ ਚਲਾਈ ਜਾ ਰਹੀ 'ਮੇਰਾ ਘਰ ਮੇਰੇ ਨਾਮ' ਸਕੀਮ ਤਹਿਤ ਅੱਜ ਧੂਰੀ ਦੇ ਪਿੰਡ ਦੁਗਨੀ ਵਿਖੇ ਇੱਕ ਸਮਾਗਮ ਕਰਵਾਇਆ ਗਿਆ। ਇਸ ਮੌਕੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੇ ਓ.ਐਸ.ਡੀ. ਸੁਖਵੀਰ ਸਿੰਘ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਦਿਆਂ 105 ਲਾਭਪਾਤਰੀ ਪਰਿਵਾਰਾਂ ਨੂੰ ਉਹਨਾਂ ਦੇ ਘਰਾਂ ਦੇ ਮਾਲਕਾਨਾ ਹੱਕਾਂ ਦੇ ਸਰਟੀਫਿਕੇਟ ਸੌਂਪੇ। ਸਮਾਗਮ ਦੌਰਾਨ ਪੰਜਾਬ ਲਘੂ ਉਦਯੋਗ ਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਵੀ ਹਾਜ਼ਰ ਰਹੇ। ਸਮਾਗਮ ਨੂੰ ਸੰਬੋਧਨ ਕਰਦਿਆਂ ਓ.ਐਸ.ਡੀ. ਸੁਖਵੀਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਆਮ ਲੋਕਾਂ ਦੀਆਂ ਮੁਸ਼ਕਲਾਂ ਨੂੰ ਜੜ੍ਹ ਤੋਂ ਖ਼ਤਮ ਕਰਨ ਲਈ ਵਚਨਬੱਧ ਹੈ ਹੈ। ਇਸ ਮੌਕੇ ਹਾਜ਼ਰ ਐਸ.ਡੀ.ਐਮ. ਧੂਰੀ ਡਾ. ਇਸਮਤ ਵਿਜੇ ਸਿੰਘ ਨੇ ਦੱਸਿਆ ਕਿ ਪ੍ਰਸ਼ਾਸਨ ਵੱਲੋਂ ਪਾਰਦਰਸ਼ੀ ਤਰੀਕੇ ਨਾਲ ਸਰਵੇ ਮੁਕੰਮਲ ਕਰਕੇ ਇਹ ਸਰਟੀਫਿਕੇਟ ਤਿਆਰ ਕੀਤੇ ਗਏ ਹਨ ਤਾਂ ਜੋ ਹਰ ਯੋਗ ਵਿਅਕਤੀ ਨੂੰ ਇਸ ਦਾ ਲਾਭ ਮਿਲ ਸਕੇ। ਇਸ ਮੌਕੇ ਸਰਪੰਚ ਗੋਗਾ ਦੁਗਨੀ, ਬਲਾਕ ਸੰਮਤੀ ਮੈਂਬਰ ਅਮਰਦੀਪ ਸਿੰਘ ਧਾਂਦਰਾ, ਅਮਨਦੀਪ ਸਿੰਘ ਸਰਪੰਚ ਜਾਤੀਮਾਜਰਾ , ਅਜਗਰ ਖਾਨ, ਜਸਪਿੰਦਰ ਸਿੰਘ ਸਮੇਤ ਵੱਖ-ਵੱਖ ਪਿੰਡਾਂ ਦੇ ਪਤਵੰਤੇ ਸੱਜਣ ਅਤੇ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਹਾਜ਼ਰ ਸਨ।



# ਪੜ੍ਹਾਈ ਦੇ ਨਾਲ-ਨਾਲ ਨੈਤਿਕ ਜਿੰਮੇਵਾਰੀਆਂ ਵੀ ਜ਼ਰੂਰੀ : ਪੀ.ਸੀ ਕੁਮਾਰ



**ਫ਼ਿਰੋਜ਼ਪੁਰ, 10 ਅਪ੍ਰੈਲ (ਮਨੋਹਰ ਲਾਲ)** :— ਸਮਾਜ ਸੇਵੀ ਕਾਰਜ ਕਰਦੇ ਆ ਰਹੇ ਪੀ.ਸੀ ਕੁਮਾਰ ਵੱਲੋਂ ਰੋਜਾਨਾ ਸਕੂਲਾਂ ਵਿਚ ਜਾ ਕੇ ਸਕੂਲੀ ਬੱਚਿਆਂ ਨੂੰ ਸਿੱਖਿਆ ਦੇ ਨਾਲ—ਨਾਲ ਨੈਤਿਕ ਜਿੰਮੇਵਾਰੀਆਂ ਬਾਰੇ ਜਾਣੂ ਕਰਵਾ ਰਹੇ ਹਨ। ਅੱਜ ਸਕੂਲ ਵਿਚ ਪੁੱਜੇ ਪੀ.ਸੀ ਕੁਮਾਰ ਨੇ ਸਕੂਲੀ ਬੱਚਿਆਂ ਅਤੇ ਅਧਿਆਪਕਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਅੱਜ ਸਾਰੇ ਪਾਸੇ ਹਾ—ਹਾ ਕਾਰ, ਨੈਤਿਕਤਾ ਦਾ ਅਲੋਪ ਹੋਣਾ, ਨਸ਼ਿਆਂ ਦੀ ਭਰਮਾਰ, ਰਿਸ਼ਵਤਖੋਰੀ, ਮਿਲਾਵਟਖੋਰੀ, ਸਰੀਰਕ, ਮਾਨਸਿਕ, ਸਮਾਜਿਕ ਕੁਰੀਤੀਆਂ, ਬਿਮਾਰੀਆਂ ਹਰ ਤਰ੍ਹਾਂ ਦੀ ਅਰਾਜਕਤਾ, ਪਤਨ ਨੂੰ ਵੇਖਣ ਨੂੰ ਮਿਲ ਰਿਹਾ ਹੈ, ਟੀਚਰ, ਪਰੀਚਰ, ਲੀਡਰ ਭਾਵ ਹਰ ਦਾਇਰੇ ਵਿਚ ਗਿਰਾਵਟ ਹੀ ਨਹੀਂ ਬਲਕਿ ਪਤਨ ਵੱਲ ਵਧਣਾ ਲੋਕਾਂ ਦੀ ਜਾਨ—ਮਾਲ ਖਤਰੇ ਵਿਚ, ਭਾਵ ਅੱਜ ਖੇਤ ਨੂੰ ਵਾੜ ਖਾ ਰਹੀ ਹੈ। ਦੇਸ਼ ਕੌਮ ਸਰਕਾਰਾਂ ਦੇ ਰਖਸ਼ਕ ਹੀ ਭਕਸ਼ਕ ਬਣ ਭਾਵ ਖਤਰਾ ਸਾਨੂੰ ਬਾਹਰੋਂ ਨਹੀਂ ਅੰਦਰੋਂ ਹੈ, ਜ਼ੋ ਦੇਸ਼ ਵਾਸੀ ਹੀ ਦੇਸ਼ ਦੇ ਦੁਸ਼ਮਣ ਬਣ ਕੁਤੀ ਤੇ ਚੋਰ ਰਲ ਦੇਸ਼ ਦੀਆਂ ਜੜ੍ਹਾਂ ਖੋਖਲੀਆਂ ਕਰ ਦੇਸ਼ ਨੂੰ ਵੱਡੀਆਂ ਪਹਿਲਾਂ 1947 ਾਲੇ ਹਾਲਾਤ ਭਾਵ ਘੱਲੂਘਾਰੇ ਅੰਤਕਵਾਦ 1984 ਵਾਲੇ ਤੇ ਕਸ਼ਮੀਰ—ਪੰਜਾਬ ਵਾਲੇ ਹਾਲਾਤ ਬਣਾਉਣ ਵਿਚ ਲੱਗੇ ਹੋਏ ਹਨ। ਇਹ ਸਭ ਵਿਦਿਆਰਥੀ ਦਾ ਮਿਆਰ ਗਿਰਨਾ, ਕਰਮਚਾਰੀ, ਦੇਸ਼ ਧ੍ਰੋਹੀ ਪੈਦਾ, ਇਨ੍ਹਾਂ ਸਿੱਖਿਆ ਦਾ ਪਤਨ ਹੋਣਾ ਹੈ।

# ਧਾਰਮਿਕ ਸੰਸਥਾਵਾਂ ਵੱਲੋਂ ਅਮਿਤ ਸ਼ਾਹ ਨੂੰ ਨਨਕਾਣਾ ਸਾਹਿਬ ਜੱਥੇ ਭੇਜਣ ਦੀ ਪ੍ਰਵਾਨਗੀ ਲਈ ਅਪੀਲ







**ਫ਼ਿਰੋਜ਼ਪੁਰ, 10 ਅਪ੍ਰੈਲ (ਮਨੋਹਰ ਲਾਲ)** :— ਇਸ ਵਾਰ ਵਿਸਾਖੀ ਮੌਕੇ ਨਨਕਾਣਾ ਸਾਹਿਬ ਜਾਣ ਵਾਲੇ ਜਥਿਆਂ ਵਿੱਚ ਵਿਸ਼ਵ ਭਾਈ ਮਰਦਾਨਾ ਸੁਸਾਇਟੀ ਨਨਕਾਣਾ ਸਾਹਿਬ ਫਾਊਂਡੇਸ਼ਨ ਅੰਮ੍ਰਿਤਸਰ, ਸੁਖਮਨੀ ਸੇਵਾ ਸੋਸਾਇਟੀ ਡੱਬਵਾਲੀ, ਖਾਲੜਾ ਮਿਸ਼ਨ ਕਮੇਟੀ ਝਬਾਲ ਨੂੰ ਇਸ ਵਾਰ ਵੀਜ਼ੇ ਨਹੀਂ ਜਾਰੀ ਕੀਤੇ ਗਏ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਵਿਸ਼ਵ ਭਾਈ ਮਰਦਾਨਾ ਸੋਸਾਇਟੀ ਦੇ ਪ੍ਰਧਾਨ ਜਗਜੀਤ ਸਿੰਘ ਭੁੱਲਰ ਨੇ ਕਿਹਾ ਕਿ ਅਸੀਂ ਇਸ ਵਾਰ ਵਿਸਾਖੀ ਮੌਕੇ ਨਨਕਾਣਾ ਸਾਹਿਬ ਜਾਣ ਵਾਸਤੇ ਲਿਸਟਾਂ ਬਣਾ ਕੇ ਗ੍ਰਹਿ ਵਿਭਾਗ ਅਤੇ ਐਕਸਟਰਨਲ ਅਫੇਅਰਸ ਨੂੰ ਭੇਜੀਆਂ ਸਨ ਅਤੇ ਗ੍ਰਹਿ ਮੰਤਰੀ ਅਮਿਤ ਸ਼ਾਹ ਨੂੰ ਪੱਤਰ ਲਿਖ ਕੇ ਅਪੀਲ ਵੀ ਕੀਤੀ ਸੀ ਕਿ ਸਾਡੀਆਂ ਸੰਸਥਾਵਾਂ ਨੂੰ ਵੀ ਮਨਜ਼ੂਰੀ ਭਾਰਤ ਸਰਕਾਰ ਵੱਲੋਂ ਦਿੱਤੀ ਜਾਵੇ, ਪਰ ਕਾਫੀ ਲੰਬੇ ਇੰਤਜ਼ਾਰ ਤੋਂ ਬਾਅਦ ਸਰਕਾਰ ਵੱਲੋਂ ਕੋਈ ਜਵਾਬ ਨਹੀਂ ਆਇਆ ਇਸ ਕਰਕੇ ਸਾਡੀਆਂ ਸੰਸਥਾਵਾਂ ਦੇ ਵੀਜ਼ੇ ਨਹੀਂ ਲੱਗ ਸਕੇ। ਗੱਲਬਾਤ ਕਰਦਿਆਂ ਸ੍ਰੀ ਭੁੱਲਰ ਨੇ ਕਿਹਾ ਕਿ ਸੰਸਥਾਵਾਂ ਵੱਲੋਂ ਲਿਸਟਾਂ ਬਣਾ ਕੇ ਭਾਰਤ ਸਰਕਾਰ ਨੂੰ ਭੇਜੀਆਂ ਜਾਂਦੀਆਂ ਹਨ ਅਤੇ ਨਾਲ ਹੀ ਏਜੰਸੀਆਂ ਕੋਲੋਂ ਇਨ੍ਹਾਂ ਯਾਤਰੀਆਂ ਦੀਆਂ ਇਨਕੁਆਰੀਆਂ ਵੀ ਕਰਵਾਈਆਂ ਜਾਂਦੀਆਂ ਹਨ, ਇਨਕੁਆਇਰੀਆਂ ਕਰਵਾਉਣ ਤੋਂ ਬਾਅਦ ਹੀ ਅੰਬੈਸੀ ਵਿੱਚ ਪਾਸਪੋਰਟ ਜਮਾ ਹੁੰਦੇ ਹਨ, ਅਸੀਂ ਸਾਲ ਵਿੱਚ ਚਾਰ ਜਥੇ ਭੇਜਦੇ ਸੀ। ਇਸ ਮੌਕੇ ਵਿਸ਼ਵ ਭਾਈ ਮਰਦਾਨਾ ਸੋਸਾਇਟੀ ਦੇ ਜਗਜੀਤ ਸਿੰਘ ਭੁੱਲਰ, ਖਾਲੜਾ ਮਿਸ਼ਨ ਕਮੇਟੀ ਦੇ ਬਲਵਿੰਦਰ ਸਿੰਘ ਝਬਾਲ, ਸ਼੍ਰੀ ਨਨਕਾਣਾ ਸਾਹਿਬ ਫਾਊਂਡੇਸ਼ਨ ਅੰਮ੍ਰਿਤਸਰ ਦੇ ਰੋਬਿਨ ਗਿੱਲ, ਸ੍ਰੀ ਸੁਖਮਨੀ ਸੇਵਾ ਸੋਸਾਇਟੀ ਦੇ ਗੁਰਬਚਨ ਸਿੰਘ ਨੇ ਭਾਰਤ ਦੇ ਗ੍ਰਹਿ ਮੰਤਰੀ ਸ਼੍ਰੀ ਅਮਿਤ ਸ਼ਾਹ ਨੂੰ ਅਪੀਲ ਕਰਦੇ ਹਾਂ ਕਿ ਸਾਡੀਆਂ ਇਹ ਜਥੇਬੰਦੀਆਂ ਨੂੰ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਗੁਰਪੁਰਬ ਮੌਕੇ ਨਨਕਾਣਾ ਸਾਹਿਬ ਯਾਤਰਾ ਦੇ ਲਈ ਜਥੇ ਭੇਜਣ ਦੀ ਪ੍ਰਵਾਨਗੀ ਦਿੱਤੀ ਜਾਵੇ। ਉਨ੍ਹਾਂ ਕਿਹਾ ਕਿ ਅਸੀਂ ਜਲਦੀ ਹੀ ਸ਼੍ਰੀ ਅਮਿਤ ਸ਼ਾਹ ਨੂੰ ਮਿਲ ਕੇ ਉਨ੍ਹਾਂ ਦੇ ਧਿਆਨ ਵਿੱਚ ਲਿਆਵਾਂਗੇ। ਉਨ੍ਹਾਂ ਦੱਸਿਆ ਕਿ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਪੁਰਬ ਤੇ ਇਹ ਜਥਾ 8 ਜੂਨ ਨੂੰ ਜਾਂਦਾ ਹੈ ਅਤੇ 17 ਜੂਨ ਨੂੰ ਭਾਰਤ ਵਾਪਸ ਪਰਤ ਆਉਂਦਾ ਹੈ।



## ਵਿਆਹ ਦੀ ਵਰ੍ਹੇਗੰਢ

**ਗੁਰਜਿੰਦਰ ਸਿੰਘ ਬਲਾਕ ਪ੍ਰਧਾਨ ਕੁਹਾਟਵਿੰਡ, ਅਮਨਦੀਪ ਕੌਰ ਨੇ ਆਪਣੇ ਵਿਆਹ ਦੀ 13 ਵੀ ਵਰ੍ਹੇਗੰਢ ਮਨਾਈ**

(ਫੋਟੋ ਵੇਰਵਾ ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ)

ਆਵਾਜ਼ਿ ਕੌਮ AWAZE QAUM International Newspaper & WEB TV

# ਸ਼੍ਰੋਮਣੀ ਕਮੇਟੀ ਪ੍ਰਧਾਨ ਅਤੇ ਜੱਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਅਤਾਯੁੱਲਾ ਖ਼ੁਮੇਨੀ ਦੇ ਸ਼ਰਧਾਂਜਲੀ ਸਮਾਗਮ ਵਿੱਚ ਪੁੱਜਣ ਲਈ ਸੱਦਾ ਪੱਤਰ ਦਿੱਤਾ





ਈਰਾਨ ਦੀ ਅੰਬੈਸੀ ਦੇ ਸੀਨੀਅਰ ਅਧਿਕਾਰੀਆਂ ਦੇ ਇੱਕ ਵਫ਼ਦ ਵੱਲੋਂ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਪਹੰਚ ਕੇ SGPC ਪ੍ਰਧਾਨ ਅਤੇ ਜੱਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਅਤਾਯੁੱਲਾ ਖ਼ੁਮੇਨੀ ਦੇ ਸ਼ਰਧਾਂਜਲੀ ਸਮਾਗਮ ਵਿੱਚ ਪੁੱਜਣ ਲਈ ਸੱਦਾ ਪੱਤਰ ਦਿੱਤਾ ਗਿਆ ਹੈ । ਸ਼ੋਸ਼ਲ ਮੀਡੀਏ ਉੱਪਰ ਇਸ ਸਬੰਧੀ ਵੱਖੋ-ਵੱਖਰੇ ਤਰ੍ਹਾਂ ਦੇ ਵਿਚਾਰ ਪ੍ਰਗਟਾਏ ਗਏ ਹਨ । ਕਿਸੇ ਮਸਲੇ ਬਾਰੇ ਨਿੱਜੀ ਰਾਏ ਰੱਖਣੀ ਜਾਂ ਫਿਰ ਪੰਥਕ ਤੌਰ 'ਤੇ ਕਿਸੇ ਸਾਂਝੀ ਰਾਏ ਉਪਜ ਪੁੱਜਣਾ ਦੋ ਵੱਖੋ-ਵੱਖਰੇ ਵਿਸ਼ੇ ਹਨ । ਮਨੁੱਖ ਅਕਸਰ ਅੱਡਰੀ ਰਾਏ ਰੱਖਣ ਦੇ ਬਾਵਜੂਦ ਵੱਡੇ ਹਿੱਤਾਂ ਲਈ ਘਰ ,ਜੱਥੇਬੰਦੀ ,ਕੌਮ ਅਤੇ ਦੇਸ਼ ਵਿੱਚ ਸਾਂਝੀ ਰਾਏ ਅੱਗੇ ਸਿਰ ਝੁਕਾ ਦਿੰਦਾ ਹੈ । ਸਾਡੇ ਕੋਲ ਤਾਂ ਇਸ ਸਬੰਧੀ ਸਰਬੱਤ ਖਾਲਸਾ ਜਿਹੀ ਮਹਾਨ ਰਵਾਇਤ ਦਾ ਇਤਿਹਾਸ ਹੈ । ਇਹ ਠੀਕ ਹੈ ਕਿ ਸਿੱਖ ਜਿਸ ਤਰ੍ਹਾਂ ਦੀ ਸਥਿਤੀ ਵਿੱਚ ਫਸੇ ਹੋਏ ਹਨ ,ਉਹਨਾਂ ਨੂੰ ਹਰੇਕ ਮਸਲੇ ਬਾਰੇ ਗੰਭੀਰ ਚਿੰਤਨ ਤੋਂ ਬਾਅਦ ਹੀ ਕੋਈ ਪੱਕੀ ਰਾਏ ਬਣਾਉਣੀ ਚਾਹੀਦੀ ਹੈ ।ਇਹ ਜ਼ਰੂਰੀ ਵੀ ਨਹੀਂ ਕਿ ਹਰ ਵਰਤਾਰੇ ਅਤੇ ਘਟਨਾ ਬਾਰੇ ਸਾਡੇ ਸਾਰਿਆਂ ਦਾ ਨਜ਼ਰੀਆ ਇਕ ਦੂਜੇ ਨਾਲ ਬਿਲਕੁਲ ਮੇਲ ਜਾਂਦਾ ਹੋਵੇ । ਪਰ ਜੇਕਰ ਇਮਾਨਦਾਰੀ ਵਾਲੀ ਪਹੁੰਚ ਅਤੇ ਦਿਲ-ਦਿਮਾਗ. ਖੁੱਲ੍ਹਾ ਹੋਵੇ ਤਾਂ ਸੰਵਾਦ ਰਾਹੀਂ ਸਾਂਝੀ ਰਾਏ ਤੱਕ ਵੀ ਪਹੁੰਚਿਆ ਜਾ ਸਕਦਾ ਹੈ ।ਪਰ ਵੱਖਰੀ ਰਾਏ ਕਾਰਨ ਫਤਵੇਬਾਜੀ ਅਤੇ ਗਾਲ਼ੀ-ਗਲੋਚ ਤਕ ਪੁੱਜ ਜਾਣਾ ਕਿਸੇ ਵੀ ਤਰ੍ਹਾਂ ਨਾਲ ਦਿਆਨਤਦਾਰੀ ਨਹੀਂ ਆਖੀ ਸਕਦੀ । ਇਰਾਨ ਦੇ ਵਫ਼ਦ ਦੀ ਆਮਦ ਨੂੰ ਬਿਨਾਂ ਕਿਸੇ ਗੰਭੀਰ ਵਿਚਾਰ ਦੇ ਭਾਰਤ ਸਰਕਾਰ ਦੀ ਸਾਜਿਸ਼ ਕਰਾਰ ਦੇਣਾ ,ਕਿਸੇ ਵੀ ਦਲੀਲ ਉੱਪਰ ਨਹੀਂ ਢੁੱਕਦਾ ।ਪੰਜਾਬ ਵਿਧਾਨ ਸਭਾ ਵਿੱਚ ਪਾਸ ਮਤਾ ਅਤੇ ਬਾਦਲ ਦਲ ਦੇ ਦਿੱਲੀ ਆਗੂਆਂ ਦੇ ਇਰਾਨ ਅੰਬੈਸੀ ਵਿੱਚ ਜਾਣ ਪਿੱਛੇ ਜੋ ਮਰਜ਼ੀ ਸਿਆਸੀ ਇਰਾਦੇ ਹੋਣ ,ਪਰ ਇਰਾਨ ਨੇ ਇਸ ਐਕਸ਼ਨ ਨੂੰ ਭਾਰਤ ਵਿੱਚ ਸਿੱਖਾਂ ਦੇ ਵੱਖਰੇ ਰੁਖ਼ ਵੱਲੋਂ ਪਛਾਣਿਆ ਹੈ । ਕਿਸੇ ਬਹੁਗਿਣਤੀ ਦੇ ਚੁਗਲ ਵਿੱਚ ਫਸੀ ਕੌਮ ਲਈ ਅੰਤਰਰਾਸ਼ਟਰੀ ਪੱਧਰ ਉੱਪਰ ਅਜਿਹੀ ਪਛਾਣ ਪ੍ਰਦਾਨ ਕਰਨ ਵਾਲੀ ਘਟਨਾ ਸਾਡੇ ਲਈ ਮਾਣ ਵਾਲੀ ਗੱਲ ਹੈ । ਮੈਰਟ ਦੇ ਅਧਾਰ ਉੱਤੇ ਇਸ ਗੱਲ ਉਪਰ ਵਿਚਾਰ ਕੀਤੀ ਜਾਣੀ ਬਣਦੀ ਹੈ ਕਿ ਇਸ ਸੱਦੇ ਨੂੰ ਪ੍ਰਵਾਨ ਕਰਕੇ SGPC ਪ੍ਰਧਾਨ ਜਾਂ ਜੱਥੇਦਾਰ ਦਾ ਉਹਨਾਂ ਦੇ ਸਮਾਗਮ ਵਿੱਚ ਸ਼ਾਮਲ ਹੋਣਾ ਚਾਹੀਦਾ ਹੈ ਜਾ ਨਹੀਂ ।ਉਹਨਾਂ ਦੇ ਸਮਾਗਮ ਵਿੱਚ ਸ਼ਮੂਲੀਅਤ ਦਾ ਸਾਡਾ ਜੋ ਮਰਜ਼ੀ ਫੈਸਲਾ ਹੋਵੇ,ਪਰ ਇਸ ਗੱਲ ਤੋਂ ਇਨਕਾਰੀ ਨਹੀਂ ਹੋਇਆ ਜਾ ਸਕਦਾ ਕਿ ਇਰਾਨੀ ਵਫ਼ਦ ਦਾ ਇਹ ਸੱਦਾ ਭਾਰਤ ਵਿੱਚ ਸਾਡੀ ਵੱਖਰੀ ਹਸਤੀ ਅਤੇ ਹੋਂਦ ਦੀ ਪਛਾਣ ਨੂੰ ਗੂਹੜੀ ਕਰਨ ਦਾ ਜ਼ਰੀਆ ਹੀ ਬਣਿਆ ਹੈ । ਇਰਾਕੀ ਵਫ਼ਦ ਵੱਲੋਂ ਸਿੱਖਾਂ ਨਾਲ ਸਿਧਾਂਤਕ ਅਤੇ ਇਤਿਹਾਸਕ ਸਾਂਝ ਦਾ ਹਵਾਲਾ ਦੇ ਕੇ ਕੀਤੇ ਗਏ ਦੋਸਤੀ ਦੇ ਇਜ਼ਹਾਰ ਨੂੰ ਸਾਜਿਸ਼ ਦੇ ਤੌਰ ਤੇ ਵੇਖਣਾ ਇੱਕ ਤੰਗ ਨਜ਼ਰੀਆ ਅਤੇ ਪੱਛਮ ਪ੍ਰਤੀ ਉਲਾਰੂ ਸੋਚ ਹੀ ਆਖੀ ਜਾ ਸਕਦੀ ਹੈ ।ਈਰਾਨ ਜੰਗ ਸਬੰਧੀ ਟਰੰਪ ਦੀ ਪੁਜੀਸ਼ਨ ਦੇ ਵਿਰੋਧ ਨੂੰ ਅਮਰੀਕਾ ਦਾ ਵਿਰੋਧ ਕਰਾਰ ਦੇਣਾ ਅਤੇ ਈਰਾਨ ਦੇ ਦੁੱਖ ਲਈ ਹਾਅ ਦਾ ਨਾਅਰਾ ਮਾਰਨ ਨੂੰ ਪੱਛਮ ਖ਼ਿਲਾਫ਼ ਸਾਜਿਸ਼ ਕਰਾਰ ਦੇਣਾ ਵੀ ਏਸੇ ਤਰ੍ਹਾਂ ਦੀ ਸੋਚ ਦਾ ਹਿੱਸਾ ਹਨ । ਅਮਰੀਕਾ ਦੀ ਅੱਧੀ ਤੋ ਜ਼ਿਆਦਾ ਵੱਸੋਂ ਅਤੇ ਨਾਟੋ ਦੇ ਸਾਰੇ ਦੇਸ਼ ਟਰੰਪ ਦੀਆਂ ਨੀਤੀਆਂ ਦਾ ਸ਼ਰੇਆਮ ਵਿਰੋਧ ਕਰ ਰਹੇ ਹਨ। ਟਰੰਪ ਦੀਆਂ ਨੀਤੀਆਂ ਦੇ ਵਿਰੋਧ ਨੂੰ ਅਮਰੀਕਾ ਅਤੇ ਪੱਛਮ ਦਾ ਵਿਰੋਧ ਕਰਾਰ ਦੇ ਕੇ ਆਪਣਿਆਂ ਪ੍ਰਤੀ ਗੈਰ ਇਖਲਾਕੀ ਰਵੱਈਆ ਧਾਰਨ ਕਰਨਾ ਕਿਸੇ ਵੀ ਤਰ੍ਹਾਂ ਦੀ ਕੂਟਨੀਤੀ ਜਾਂ ਸਿਆਣਪ ਨਹੀਂ ਆਖੀ ਜਾ ਸਕਦੀ ।

**-ਭਾਈ ਅਮਰੀਕ ਸਿੰਘ ਮੁਕਤਸਰ**

ਆਵਾਜ਼ਿ ਕੌਮ AWAZE QAUM International Newspaper & WEB TV

# ਪੰਜਾਬ ਸਰਕਾਰ ਮੁਲਾਜਮਾਂ ਦਾ ਬਕਾਇਆ ਡੀ ਏ ਜਲਦ ਕਰੇ ਜਾਰੀ:ਪ੍ਰਧਾਨ ਮਦਨ ਲਾਲ




ਚੌਂਕ ਮਹਿਤਾ 10 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)ਆਲ ਕੈਡਰ ਪੈਨਸ਼ਨਰ ਐਸੋਸੀਏਸ਼ਨ ਦੀ ਮੀਟਿੰਗ ਪ੍ਰਧਾਨ ਸ਼੍ਰੀ ਮਦਲ ਲਾਲ ਸ਼ਰਮਾ ਜੀ ਦੀ ਅਗਵਾਈ ਹੇਠ ਸਿਟੀ ਸਰਕਲ ਅੰਮ੍ਰਿਤਸਰ ਵਿਖੇ ਹੋਈ ਇਸ ਮੀਟਿੰਗ ਦੇ ਵਿੱਚ ਪੈਨਸ਼ਨਰਾਂ ਦੇ ਜੀਵਨ ਪ੍ਰਮਾਣ ਸਰਟੀਫਿਕੇਟ ਆਨਲਾਈਨ ਭਰਵਾਏ ਗਏ ਅਤੇ ਜਿੰਨਾ ਪੈਨਸ਼ਨਰਾਂ ਦੇ ਜੀਵਨ ਪ੍ਰਮਾਣ ਸਰਟੀਫਿਕੇਟ ਆਨਲਾਈਨ ਨਹੀਂ ਅਪਲੋਡ ਹੋ ਰਹੇ ਸੀ ਉਸ ਲਈ ਲੇਖਾ ਅਫਸਰ ਅੰਮ੍ਰਿਤਸਰ ਨਾਲ ਮੀਟਿੰਗ ਲੈ ਕੇ ਉਹ ਸਰਟੀਫਿਕੇਟ ਮੈਨੁਅਲ ਭਰਵਾ ਦਿੱਤੇ ਗਏ ਇਸ ਤੋਂ ਇਲਾਵਾ ਪੈਨਸ਼ਨਰਾਂ ਨੇ ਪੰਜਾਬ ਸਰਕਾਰ ਖਿਲਾਫ ਨਾਰੇਬਾਜ਼ੀ ਕਰਦਿਆਂ ਹੋਇਆ ਕਿਹਾ ਕਿ ਸਰਕਾਰ ਮੁਲਾਜ਼ਮਾਂ ਦਾ ਬਕਾਇਆ ਡੀਏ ਜਲਦ ਤੋਂ ਜਲਦ ਰਿਲੀਜ਼ ਕਰੇ ਅਤੇ ਉਹਨਾਂ ਨੇ ਮਾਨਯੋਗ ਹਾਈ ਕੋਰਟ ਦਾ ਧੰਨਵਾਦ ਕਰਦਿਆਂ ਹੋਇਆਂ ਕਿਹਾ ਕਿ ਜੋ ਮਾਣਯੋਗ ਹਾਈਕੋਰਟ ਨੇ ਕਰਮਚਾਰੀਆਂ ਅਤੇ ਪੈਨਸ਼ਨਰਾਂ ਦੇ ਹੱਕ ਵਿੱਚ ਡੀਏ ਦੇ ਸੰਬੰਧ ਵਿੱਚ ਫੈਸਲਾ ਦਿੱਤਾ ਹੈ ਉਸ ਦਾ ਅਸੀਂ ਸਵਾਗਤ ਕਰਦੇ ਹਾਂ ਪੈਨਸ਼ਨਰ ਨੇ ਕਿਹਾ ਕਿ ਜੇਕਰ ਪੰਜਾਬ ਸਰਕਾਰ ਦਾ ਵਤੀਰਾ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੇ ਪ੍ਰਤੀ ਇਹੋ ਹੀ ਰਿਹਾ ਤਾਂ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਆਮ ਆਦਮੀ ਪਾਰਟੀ ਨੂੰ ਇਸ ਦਾ ਨਤੀਜਾ ਭੁਗਤਨਾ ਪਵੇਗਾ ਇਸ ਮੌਕੇ ਹਰਜੀਤ ਸਿੰਘ ,ਪਲਵਿੰਦਰ ਸ਼ਰਮਾ, ਕੁਲਵਿੰਦਰ ਸਿੰਘ ,ਮਨਜੀਤ ਸਿੰਘ, ਬਾਬਾ ਗੁਰਮੀਤ ਸਿੰਘ, ਸੁਰਜੀਤ ਕੁਮਾਰ, ਰਮੇਸ਼ ਖੰਨਾ ਕੁਲਵੰਤ ਸਿੰਘ ,ਰਾਮ ਪ੍ਰਤਾਪ ਅਤੇ ਕੇ ਕੇ ਨੰਦਾ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸਿਹਤ ਨਾਲ ਖਿਲਵਾੜ ਕਰਨ ਵਾਲਿਆ ਖਿਲਾਫ ਕੀਤੀ ਜਾਵੇਗੀ ਸਖ਼ਤ ਕਾਰਵਾਈ: ਸਹਾਇਕ ਫੂਡ ਕਮਿਸ਼ਨਰ:ਰਾਜਿੰਦਰਪਾਲ ਸਿੰਘ



**ਚੌਕ ਮਹਿਤਾ 10 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਮਾਨਯੋਗ ਸਿਹਤ ਮੰਤਰੀ ਡਾ ਬਲਬੀਰ ਸਿੰਘ ਦੇ ਦਿਸ਼ਾ ਨਿਰਦੇਸ਼ਾ ਅਤੇ ਕਮਿਸ਼ਨਰ ਫੂਡ ਅਤੇ ਡਰਗਜ਼ ਐਡਮਨਿਸਟਰੇਸਨ ਸ੍ਰੀ ਮਤੀ ਕੰਵਲਜੀਤ ਬਰਾੜ ਆਈ ਏ ਐਸ ਅਤੇ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸ੍ਰੀ ਦਲਵਿੰਦਰਜੀਤ ਸਿੰਘ ਆਈ ਏ ਐਸ ਦੇ ਹੁਕਮਾਂ ਦੀ ਪਾਲਣਾ ਕਰਦੇ ਹੋਏ ਸਿਵਲ ਸਰਜਨ ਡਾ ਸਤਿੰਦਰ ਸਿੰਘ ਬਜਾਜ ਵਲੋਂ ਸਹਾਇਕ ਫੂਡ ਕਮਿਸ਼ਨਰ ਰਾਜਿੰਦਰਪਾਲ ਸਿੰਘ ਦੀ ਅਗਵਾਈ ਹੇਠ ਫੂਡ ਸੇਫਟੀ ਟੀਮ ਦਾ ਗਠਨ ਕੀਤਾ ਗਿਆ ਜਿਸ ਵਿੱਚ ਫੂਡ ਸੇਫਟੀ ਅਫ਼ਸਰ ਮਿਸ ਰਜਨੀ ਅਤੇ ਟੀਮ ਵਲੋ ਡੇਅਰੀ ਦਾ ਸਮਾਨ ਵੇਚਣ ਵਾਲਿਆ ਪਾਸੋ ਪਨੀਰ ਬਣਾਉਣ ਲਈ ਵਰਤੇ ਜਾਣ ਵਾਲੇ ਐਸਿਡ ਜੌ ਕਿ Citrix Acid ਅਤੇ vinegar ਦੇ ਸੈਂਪਲ ਇੱਕਠੇ ਕਰਕੇ ਫੂਡ ਲੇਬਰਾਟਰੀ ਲਈ ਜਾਂਚ ਲਈ ਭੇਜੇ ਗਏ ਕਿ ਇਹ ਐਸਿਡ ਨਾਲ ਪਨੀਰ ਬਣਾਇਆ ਜਾ ਸਕਦਾ ਹੈ ਅਤੇ ਇਹ ਐਸਿਡ ਦੁਕਾਨਦਾਰਾ ਵਲੋ Citrix Acid ਜਾਂ Vinegar ਕਹੇ ਜਾ ਰਹੇ ਹਨ ਉਹਨਾਂ ਮੁਤਾਬਿਕ ਹੀ ਹਨ ਜਾਂ ਕੋਈ ਹੋਰ ਤੇਜ਼ਾਬ ਤਾ ਨਹੀਂ ਹੈ ਜੌ ਪਨੀਰ ਬਣਾਉਣ ਲਈ ਵਰਤਿਆ ਜਾ ਰਿਹਾ ਹੈ ਇਸ ਤੋਂ ਇਲਾਵਾ ਫੂਡ ਸੇਫਟੀ ਟੀਮ ਵਲੋ ਲੋਹਗੜ੍ਹ ਚੌਕ ਤੋਂ ਇੱਕ ਡੇਅਰੀ ਤੋਂ ਦੁੱਧ ਅਤੇ ਘਿਓ ਦੇ ਸੈਂਪਲ ਅਤੇ ਨਾਲ ਹੀ ਮਸਾਲਿਆਂ ਦੇ ਸੈਂਪਲ ਭਰੇ ਇਹਨਾਂ ਸੈਂਪਲਾ ਨੂੰ ਜਾਂਚ ਲਈ ਖਰੜ ਵਿਖੇ ਭੇਜ ਦਿੱਤਾ ਗਿਆ ਹੈ ਰਿਪੋਰਟ ਆਉਣ ਤੇ ਬਣਦੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ ਇਸ ਤੋਂ ਇਲਾਵਾ ਫੂਡ ਸੇਫਟੀ ਅਫ਼ਸਰ ਕਮਲਦੀਪ ਕੌਰ ਅਤੇ ਟੀਮ ਵਲੋ ਜੰਡਿਆਲਾ ਗੁਰੂ ਵਿੱਚ ਸਕੂਲ ਦੇ ਵਿਦਿਆਰਥੀਆਂ ਨੂੰ ਫੂਡ ਸੇਫਟੀ ਆਨ ਵੀਲ ਤੇ ਜਾ ਕੇ ਚੰਗਾ ਖਾਣ ਪੀਣ ਸੰਬਧੀ ਜਾਗਰੂਕ ਕੀਤਾ ਗਿਆ ਅਤੇ ਬੱਚਿਆਂ ਨੂੰ ਜੰਕ ਫੂਡ ਤੋਂ ਦੂਰ ਰਹਿਣ ਲਈ ਕਿਹਾ ਗਿਆ ਅਤੇ ਜੰਡਿਆਲਾ ਗੁਰੂ ਦੇ ਦੁਕਾਨਦਾਰਾਂ ਨੂੰ ਵੀ ਫੂਡ ਸੇਫਟੀ ਐਕਟ ਸੰਬਧੀ ਜਾਗਰੂਕ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

# ਸਮਾਜ ਸੇਵਿਕਾ ਸ਼੍ਰੀਮਤੀ ਅੰਜਨਾ ਲੂਥਰਾ ਨੂੰ ਕੀਤਾ ਸਨਮਾਨਿਤ




ਚੌਕ ਮਹਿਤਾ, 10 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ) ਯੋਗ ਅਭਿਆਸ ਮਨੁੱਖੀ ਜੀਵਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਯੋਗਾ ਸਪੋਰਟਸ ਡਿਵੈਲਪਮੈਂਟ ਐਸੋਸੀਏਸ਼ਨ (ਰਜਿ) ਅਤੇ ਪੰਜਾਬੀ ਯੋਗਾ ਕਮੇਟੀ ਨੇ ਅੰਮ੍ਰਿਤਸਰ ਦੇ ਬੀਬੀਕੇ ਕਾਲਜ ਫਾਰ ਵੂਮੈਨ ਵਿਖੇ ਇੱਕ ਰਾਸ਼ਟਰੀ ਯੋਗਾਸਨ ਮੁਕਾਬਲਾ ਕਰਵਾਇਆ। ਇਸ ਮੁਕਾਬਲੇ ਵਿੱਚ ਭਾਰਤ ਭਰ ਦੇ 13 ਰਾਜਾਂ ਦੇ ਭਾਗੀਦਾਰਾਂ ਅਤੇ ਅਧਿਆਪਕਾਂ ਨੇ ਹਿੱਸਾ ਲਿਆ। ਲਗਭਗ 250 ਖਿਡਾਰੀਆਂ ਨੇ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ। ਸਾਰੇ ਭਾਗੀਦਾਰਾਂ ਨੂੰ ਸਕਾਲਰਸ਼ਿਪ, ਮੈਡਲ ਅਤੇ ਯਾਦਗਾਰੀ ਚਿੰਨ੍ਹਾਂ ਨਾਲ ਸਨਮਾਨਿਤ ਕੀਤਾ ਗਿਆ। ਚੌਂਕ ਪਾਸੀਆਂ ਵਿਖੇ ਸਥਿਤ ਪ੍ਰਾਚੀਨ ਮੰਦਰ ਸ਼੍ਰੀ ਜੈ ਕ੍ਰਿਸ਼ਨੀਆ ਦੀ ਮੁਖੀ ਸ਼੍ਰੀਮਤੀ ਅੰਜਨਾ ਲੂਥਰਾ ਨੇ ਮੁੱਖ ਮਹਿਮਾਨ ਵਜੋਂ ਸੇਵਾ ਨਿਭਾਈ ਅਤੇ ਕਮੇਟੀ ਦੇ ਪ੍ਰਧਾਨ ਧੀਰਜ ਕੁਮਾਰ ਅਤੇ ਜਨਰਲ ਸਕੱਤਰ ਸੰਜੇ ਕੁਮਾਰ ਦੁਆਰਾ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਕੱਠ ਨੂੰ ਸੰਬੋਧਨ ਕਰਦਿਆਂ ਅੰਜਨਾ ਲੂਥਰਾ ਨੇ ਕਿਹਾ ਕਿ ਜੇਕਰ ਲੋਕ ਅੱਜ ਇੱਕ ਸਿਹਤਮੰਦ ਸਰੀਰ ਚਾਹੁੰਦੇ ਹਨ, ਤਾਂ ਉਨ੍ਹਾਂ ਨੂੰ ਯੋਗਾ ਨੂੰ ਅਪਣਾਉਣਾ ਚਾਹੀਦਾ ਹੈ ਅਤੇ ਹਰ ਘਰ ਵਿੱਚ ਯੋਗਾ ਅਤੇ ਸੱਭਿਆਚਾਰਕ ਖੇਡਾਂ ਨੂੰ ਉਤਸ਼ਾਹਿਤ ਕਰਨ ਲਈ ਅਜਿਹੇ ਪ੍ਰੋਗਰਾਮ ਆਯੋਜਿਤ ਕਰਨੇ ਚਾਹੀਦੇ ਹਨ। ਉਨ੍ਹਾਂ ਨੇ ਇਸ ਮੌਕੇ 'ਤੇ ਸਾਰਿਆਂ ਨੂੰ ਵਧਾਈ ਦਿੱਤੀ। ਪ੍ਰੋਗਰਾਮ ਦਾ ਸਮਾਪਨ ਰਾਸ਼ਟਰੀ ਗੀਤ ਨਾਲ ਹੋਇਆ। ਇਸ ਮੌਕੇ ਡਾ: ਹਰਦੀਪ ਕਪੂਰ (ਡਾਇਰੈਕਟਰ, ਗ੍ਰੇਸ ਹਸਪਤਾਲ), ਆਸ਼ੂ ਵਿਸ਼ਾਲ, ਡਾ: ਟੈਗ ਕਰਤਾਰ ਸਿੰਘ, ਡਾ: ਅਨਮੋਲ ਸਿੰਘ, ਡਾ: ਸੁਖਮਨ ਸਿੰਘ, ਸ਼ਕੁੰਤਲਾ ਦੇਵੀ, ਰਾਜ ਕੁਮਾਰ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਸਫਾਈ ਕਰਮਚਾਰੀਆਂ ਦੇ ਅਧਿਕਾਰਾਂ ਦੀ ਰੱਖਿਆ ਕਰਨਾ ਕਮਿਸ਼ਨ ਦੀ ਤਰਜੀਹ-ਹਰਦੀਪ ਗਿੱਲ

# ਜੰਡਿਆਲਾ ਗੁਰੂ ਵਿਖੇ ਸਮਾਜਿਕ-ਧਾਰਮਿਕ ਅਤੇ ਕਰਮਚਾਰੀ ਸੰਗਠਨਾਂ ਦੇ ਪ੍ਰਤਿਨਿਧੀਆਂ ਨਾਲ ਮੀਟਿੰਗ







**ਜੰਡਿਆਲਾ ਗੁਰੂ, 10 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ )**-ਰਾਸ਼ਟਰੀ ਸਫਾਈ ਕਰਮਚਾਰੀ ਕਮਿਸ਼ਨ ਭਾਰਤ ਸਰਕਾਰ ਦੇ ਉਪ ਚੇਅਰਮੈਨ ਹਰਦੀਪ ਸਿੰਘ ਗਿੱਲ ਵੱਲੋਂ ਜੰਡਿਆਲਾ ਗੁਰੂ ਵਿਖੇ ਵੱਖ-ਵੱਖ ਸਮਾਜਿਕ, ਧਾਰਮਿਕ ਅਤੇ ਕਰਮਚਾਰੀ ਸੰਗਠਨਾਂ ਦੇ ਪ੍ਰਤਿਨਿਧੀਆਂ ਨਾਲ ਇਕ ਵਿਸ਼ੇਸ਼ ਮੀਟਿੰਗ ਕੀਤੀ ਗਈ। ਇਸ ਮੀਟਿੰਗ ਦਾ ਮੁੱਖ ਉਦੇਸ਼ ਸਫਾਈ ਕਰਮਚਾਰੀਆਂ ਨਾਲ ਸੰਬੰਧਿਤ ਮਸਲਿਆਂ ਨੂੰ ਸਮਝਣਾ ਅਤੇ ਸਮਾਜ ਦੇ ਹੋਰ ਅਹਿਮ ਮੁੱਦਿਆਂ 'ਤੇ ਵਿਚਾਰ-ਵਟਾਂਦਰਾ ਕਰਨਾ ਸੀ। ਮੀਟਿੰਗ ਦੌਰਾਨ ਹਰਦੀਪ ਗਿੱਲ ਨੇ ਸੰਗਠਨਾਂ ਦੇ ਨੁਮਾਇੰਦਿਆਂ ਦੀਆਂ ਮੁਸ਼ਕਲਾਂ ਨੂੰ ਧਿਆਨ ਨਾਲ ਸੁਣਿਆ ਅਤੇ ਉਨ੍ਹਾਂ ਵੱਲੋਂ ਉਠਾਏ ਗਏ ਮੁੱਦਿਆਂ 'ਤੇ ਗੰਭੀਰਤਾ ਨਾਲ ਚਰਚਾ ਕੀਤੀ। ਉਨ੍ਹਾਂ ਨੇ ਕਿਹਾ ਕਿ ਸਫਾਈ ਕਰਮਚਾਰੀਆਂ ਦੀ ਭਲਾਈ ਅਤੇ ਉਨ੍ਹਾਂ ਦੇ ਅਧਿਕਾਰਾਂ ਦੀ ਰੱਖਿਆ ਕਰਨਾ ਕਮਿਸ਼ਨ ਦੀ ਪਹਿਲੀ ਤਰਜੀਹ ਹੈ। ਉਨ੍ਹਾਂ ਨੇ ਇਹ ਵੀ ਭਰੋਸਾ ਦਿੱਤਾ ਕਿ ਜਿਹੜੀਆਂ ਸਮੱਸਿਆਵਾਂ ਸਥਾਨਕ ਪੱਧਰ 'ਤੇ ਹੱਲ ਨਹੀਂ ਹੋ ਰਹੀਆਂ, ਉਹਨਾਂ ਨੂੰ ਉੱਚ ਪੱਧਰ 'ਤੇ ਉਠਾਇਆ ਜਾਵੇਗਾ। ਮੀਟਿੰਗ ਵਿੱਚ ਸਫਾਈ ਕਰਮਚਾਰੀਆਂ ਦੀ ਨਿਯਮਿਤ ਨਿਯੁਕਤੀ, ਉਨ੍ਹਾਂ ਦੀ ਤਨਖਾਹਾਂ ਵਿੱਚ ਸੁਧਾਰ, ਸੁਰੱਖਿਆ ਸਮੱਗਰੀ ਦੀ ਉਪਲਬਧਤਾ ਅਤੇ ਕੰਮਕਾਜ ਦੇ ਸੁਰੱਖਿਅਤ ਮਾਹੌਲ ਬਾਰੇ ਵਿਸਥਾਰ ਨਾਲ ਗੱਲ ਕੀਤੀ ਗਈ, ਇਸ ਤੋਂ ਇਲਾਵਾ, ਮੈਨੂਅਲ ਸਕੈਵੇਂਜਿੰਗ ਦੇ ਖਾਤਮੇ ਅਤੇ ਮਸ਼ੀਨੀਕਰਨ ਨੂੰ ਵਧਾਉਣ 'ਤੇ ਵੀ ਜ਼ੋਰ ਦਿੱਤਾ ਗਿਆ। ਇਸ ਮੌਕੇ ਸਮਾਜਿਕ ਸੰਗਠਨਾਂ ਦੇ ਨੁਮਾਇੰਦਿਆਂ ਨੇ ਸਮਾਜ ਵਿੱਚ ਫੈਲੀ ਨਸ਼ੇ ਦੀ ਸਮੱਸਿਆ, ਬੇਰੁਜ਼ਗਾਰੀ ਅਤੇ ਸਿੱਖਿਆ ਦੇ ਮਿਆਰ ਨੂੰ ਸੁਧਾਰਨ ਦੀ ਲੋੜ ਬਾਰੇ ਆਪਣੇ ਵਿਚਾਰ ਪ੍ਰਗਟ ਕੀਤੇ। ਇਸ ਸਮੇਂ ਹਰਦੀਪ ਗਿੱਲ ਨੇ ਕਿਹਾ ਕਿ ਸਮਾਜ ਦੇ ਹਰ ਵਰਗ ਨੂੰ ਇਕੱਠੇ ਹੋ ਕੇ ਸਮਾਜਿਕ ਸੁਧਾਰ ਲਈ ਯੋਗਦਾਨ ਪਾਉਣਾ ਚਾਹੀਦਾ ਹੈ। ਉਨ੍ਹਾਂ ਨੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਨਸ਼ਿਆਂ ਤੋਂ ਦੂਰ ਰਹਿਣ ਅਤੇ ਸਿੱਖਿਆ ਤੇ ਰੁਜ਼ਗਾਰ ਵੱਲ ਧਿਆਨ ਦੇਣ। ਉਨ੍ਹਾਂ ਨੇ ਇਹ ਵੀ ਕਿਹਾ ਕਿ ਕਮਿਸ਼ਨ ਵੱਲੋਂ ਜਲਦ ਹੀ ਵੱਖ-ਵੱਖ ਜ਼ਿਲ੍ਹਿਆਂ ਵਿੱਚ

ਆਵਾਜ਼ਿ ਕੌਮ AWAZE QAUM International Newspaper & WEB TV

ਜਾਗਰੂਕਤਾ ਮੁਹਿੰਮਾਂ ਚਲਾਈਆਂ ਜਾਣਗੀਆਂ ਤਾਂ ਜੋ ਸਫਾਈ ਕਰਮਚਾਰੀਆਂ ਦੇ ਹੱਕਾਂ ਬਾਰੇ ਲੋਕਾਂ ਨੂੰ ਜਾਣਕਾਰੀ ਮਿਲ ਸਕੇ। ਮੀਟਿੰਗ ਦੇ ਅੰਤ ਵਿੱਚ ਸੰਗਠਨਾਂ ਦੇ ਨੁਮਾਇੰਦਿਆਂ ਨੇ ਹਰਦੀਪ ਸਿੰਘ ਗਿੱਲ ਦਾ ਧੰਨਵਾਦ ਕੀਤਾ ਅਤੇ ਉਮੀਦ ਜਤਾਈ ਕਿ ਉਨ੍ਹਾਂ ਵੱਲੋਂ ਉਠਾਏ ਗਏ ਮੁੱਦਿਆਂ ਦਾ ਜਲਦ ਹੱਲ ਕੀਤਾ ਜਾਵੇਗਾ। ਇਸ ਮੌਕੇ 'ਤੇ ਕੇਵਲ ਸਿੰਘ ਮਹਿਤਾ, ਰਾਜਵੀਰ ਸਿੰਘ ਮਹਿਤਾ ,ਸੁਖਦੇਵ ਸਿੰਘ ਰਜਧਾਨ, ਨਰਿੰਦਰ ਸਿੰਘ ਮੁੱਛਲ, ਮਨਜੀਤ ਸਿੰਘ ਤਰਸਿੱਕਾ, ਸੁਖਵਿੰਦਰ ਕੌਰ ਜੰਡਿਆਲਾ ਦਿਹਾਤੀ, ਸਰਬਜੀਤ ਸਿੰਘ ਸੰਧੂ ਜਨਰਲ ਸਕੱਤਰ, ਜਸਵਿੰਦਰ ਸਿੰਘ ਦਫਤਰ ਇੰਚਾਰਜ, ਬਲਜਿੰਦਰ ਸਿੰਘ, ਗੁਰਬਖਸ਼ ਸਿੰਘ ਮੀਤ ਪ੍ਰਧਾਨ, ਹਰਜਿੰਦਰ ਸਿੰਘ ਕੌਂਸਲਰ, ਬਲਜਿੰਦਰ ਸਿੰਘ ਰਸੂਲਪੁਰ, ਬਲਜਿੰਦਰ ਸਿੰਘ ਸਰਪੰਚ ਰਸੂਲਪੁਰ, ਸੁਰਜੀਤ ਸਿੰਘ ਰਾਏਪੁਰ, ਕੁਲਵੰਤ ਸਿੰਘ ਰਾਏਪੁਰ, ਸਰਬਜੀਤ ਸਿੰਘ ਖਾਨਕੋਟ, ਪ੍ਰਕਾਸ਼ ਸਿੰਘ ਖਾਨਕੋਟ, ਹਰਭਜਨ ਸਿੰਘ ਸਰਕਾਰੀਆ, ਬਲਜਿੰਦਰ ਸਿੰਘ ਭੰਗੂਵਾਂ, ਬਲਵਿੰਦਰ ਸਿੰਘ ਮਲਕਪੁਰ, ਹਰਪਾਲ ਸਿੰਘ ਉਦੋ ਨੰਗਲ, ਚਰਨ ਸਿੰਘ ਤਾਰਾਗੜ੍ਹ, ਸੁਖਵਿੰਦਰ ਸਿੰਘ ਜੰਡਿਆਲਾ ਗੁਰੂ, ਸਾਹਿਬ ਸਿੰਘ ਰਜਧਾਨ, ਸੁਖਵਿੰਦਰ ਸਿੰਘ ਰੂਬੀ, ਨਿਸ਼ਾਨ ਸਿੰਘ, ਜੋਬਨ ਖਾਨਕੋਟ, ਕਸ਼ਮੀਰ ਸਿੰਘ ਨੰਗਲ ਮੋੜ, ਜਸਬੀਰ ਸਿੰਘ ਮਿਓਕਾ, ਜਗਤਾਰ ਸਿੰਘ ਫਤਿਹਪੁਰ , ਸਰਬਜੀਤ ਸਿੰਘ ਸੈਦੋਲੇਲ , ਦਲਜੀਤ ਸਿੰਘ ਲਾਲਕਾ ਨਗਰ, ਹਰਦਿਆਲ ਸਿੰਘ ਗਹਿਰੀ ਮੰਡੀ, ਬਿੱਟੂ ਮੇਹਰਬਾਨਪੁਰਾ, ਹਰੀਸ਼ ਆਨੰਦ, ਭੂਸ਼ਣ ਆਨੰਦ, ਲਾਲੀ ਖਡੂਰ ਸਾਹਿਬ, ਭੁਪਿੰਦਰ ਸਿੰਘ ਭਿੰਦਾ, ਕੁਲਦੀਪ ਸਿੰਘ ਨਵਾਂਕੋਟ ਕਈ ਪ੍ਰਮੁੱਖ ਸ਼ਖਸੀਅਤਾਂ ਅਤੇ ਵੱਡੀ ਗਿਣਤੀ ਵਿੱਚ ਸਥਾਨਕ ਲੋਕ ਵੀ ਮੌਜੂਦ ਸਨ।

### ਓ.ਐਸ.ਡੀ. ਸੁਖਵੀਰ ਸਿੰਘ ਦੀ ਮੌਜੂਦਗੀ 'ਚ ਧੂਰੀ ਬਲਾਕ ਸੰਮਤੀ ਦੇ ਚੇਅਰਮੈਨ ਚਰਨ ਸਿੰਘ ਖੇੜੀ ਅਤੇ

# ਵਾਈਸ ਚੇਅਰਪਰਸਨ ਰਮਨਦੀਪ ਕੌਰ ਘਨੌਰੀ ਨੇ ਸੰਭਾਲਿਆ ਅਹੁਦਾ



**ਸੇਰਪੁਰ ( ਰਣਜੀਤ ਸਿੰਘ ਪੇਧਨੀ )**-ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੇ ਓ.ਐਸ.ਡੀ. ਸੁਖਵੀਰ ਸਿੰਘ ਅਤੇ ਐਮ ਐਲ ਏ ਕੁਲਵੰਤ ਸਿੰਘ ਪੰਡੋਰੀ ਦੀ ਮੌਜੂਦਗੀ ਵਿੱਚ ਅੱਜ ਬਲਾਕ ਸੰਮਤੀ ਸੇਰਪੁਰ ਦੇ ਚੇਅਰਮੈਨ ਚਰਨ ਸਿੰਘ ਖੇੜੀ ਅਤੇ ਵਾਈਸ ਚੇਅਰਪਰਸਨ ਰਮਨਦੀਪ ਕੌਰ ਘਨੌਰੀ ਨੇ ਬੀ.ਡੀ.ਪੀ.ਓ ਦਫ਼ਤਰ ਸੇਰਪੁਰ ਵਿਖੇ ਆਪਣਾ ਅਹੁਦਾ ਸੰਭਾਲਿਆ। ਇਸ ਮੌਕੇ ਓ.ਐਸ.ਡੀ. ਸੁਖਵੀਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪਾਰਟੀ ਵੱਲੋਂ ਆਪ ਵਲੰਟੀਅਰਾਂ ਅਤੇ ਮਿਹਨਤੀ ਵਰਕਰਾਂ ਨੂੰ ਅੱਗੇ ਲਿਆਂਦਾ ਜਾ ਰਿਹਾ ਹੈ ਅਤੇ ਉਨ੍ਹਾਂ ਨੂੰ ਜ਼ਿੰਮੇਵਾਰੀਆਂ ਦੇ ਕੇ ਸਨਮਾਨਿਤ ਕੀਤਾ ਜਾ ਰਿਹਾ ਹੈ। ਐਮ ਐਲ ਏ ਕੁਲਵੰਤ ਸਿੰਘ ਪੰਡੋਰੀ ਨੇ ਕਿਹਾ ਹੈ ਇਹ ਕਦਮ ਲੋਕਤੰਤਰ ਦੀ ਅਸਲ ਰੂਹ ਨੂੰ ਮਜ਼ਬੂਤ ਕਰਦਾ ਹੈ ਅਤੇ ਆਮ ਲੋਕਾਂ ਦੀ ਭਾਗੀਦਾਰੀ ਨੂੰ ਵਧਾਉਂਦਾ ਹੈ।

ਉਨ੍ਹਾਂ ਨਵੀਂ ਚੁਣੀ ਲੀਡਰਸ਼ਿਪ ਨੂੰ ਵਧਾਈ ਦਿੰਦਿਆਂ ਭਰੋਸਾ ਦਿੱਤਾ ਕਿ ਸਰਕਾਰ ਵੱਲੋਂ ਹਰ ਪੱਧਰ 'ਤੇ ਪੂਰਾ ਸਹਿਯੋਗ ਦਿੱਤਾ ਜਾਵੇਗਾ ਤਾਂ ਜੋ ਵਿਕਾਸ ਕਾਰਜਾਂ ਨੂੰ ਤੇਜ਼ੀ ਨਾਲ ਅੱਗੇ ਵਧਾਇਆ ਜਾ ਸਕੇ। ਇਸ ਮੌਕੇ ਚੇਅਰਮੈਨ ਚਰਨ ਸਿੰਘ ਖੇੜੀ ਅਤੇ ਵਾਈਸ ਚੇਅਰਪਰਸਨ ਰਮਨਦੀਪ ਕੌਰ ਘਨੌਰੀ ਨੇ ਕਿਹਾ ਬਲਾਕ ਦੇ ਹਰ ਪਿੰਡ ਅਤੇ ਹਰ ਵਰਗ ਦੇ ਵਿਕਾਸ ਲਈ ਪੂਰੀ ਨਿਸ਼ਠਾ ਨਾਲ ਕੰਮ ਕਰਨਗੇ। ਉਨ੍ਹਾਂ ਕਿਹਾ ਕਿ ਬੁਨਿਆਦੀ ਸਹੂਲਤਾਂ ਦੀ ਮਜ਼ਬੂਤੀ, ਪਿੰਡਾਂ ਦੀ ਬਿਹਤਰੀ, ਸਫਾਈ ਪ੍ਰਬੰਧ ਅਤੇ ਨੌਜਵਾਨਾਂ ਲਈ ਮੌਕੇ ਪੈਦਾ ਕਰਨਾ ਉਨ੍ਹਾਂ ਦੀਆਂ ਪਹਿਲੀਆਂ ਤਰਜੀਹਾਂ ਵਿੱਚ ਸ਼ਾਮਲ ਹੋਵੇਗਾ। ਇਸ ਮੌਕੇ ਚੇਅਰਮੈਨ ਮਹਿੰਦਰ ਸਿੰਘ ਸਿੱਧੂ, ਚੇਅਰਮੈਨ ਦਲਵੀਰ ਸਿੰਘ ਢਿੱਲੋਂ, ਚੇਅਰਮੈਨ ਰਣਜੋਧ ਸਿੰਘ ਕਾਂਝਲਾ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਹਰਜਿੰਦਰ ਸਿੰਘ ਕਾਂਝਲਾ, ਦਰਸ਼ਨ ਸਿੰਘ ਪਾਠਕ, ਸਮਾਜ ਸੇਵੀ ਭਿੰਦੀ ਧੂਰੀ, ਮਨਜੀਤ ਸਿੰਘ ਲੱਡਾ, ਨਰਪਿੰਦਰ ਸਿੰਘ ਕਾਂਝਲਾ, ਪੂਰਨ ਖੇੜੀ, ਰੇਸਮ ਸਿੰਘ ਬਾਲੀਆਂ, ਸਰਪੰਚ ਅਮਰੀਕ ਸਿੰਘ ਕਿਲਾ ਹਕੀਮਾਂ, ਸਰਪੰਚ ਸੁਖਚੈਨ ਸਿੰਘ ਮੂਲੋਂਵਾਲ, ਪਰਮਜੀਤ ਸਿੰਘ ਮੂਲੋਂਵਾਲ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

**ਸੇਰਪੁਰ ਬਲਾਕ ਨੂੰ ਤਰੱਕੀ ਦੀਆਂ ਲੀਹਾਂ 'ਤੇ ਲਿਜਾਣ 'ਚ ਕੋਈ ਕਸਰ ਬਾਕੀ ਨਹੀਂ ਛੱਡਾਗੇ : ਚੇਅਰਮੈਨ ਚਰਨ ਸਿੰਘ ਖੇੜੀ : ਵਾਈਸ ਚੇਅਰਪਰਸਨ ਰਮਨਦੀਪ ਕੌਰ ਘਨੌਰੀ**

# ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵੱਲੋਂ ਸ੍ਰੀ ਅੰਮ੍ਰਿਤਸਰ ਸਾਹਿਬ ਨੂੰ ਦਿੱਤਾ ਗਿਆ ਪਵਿੱਤਰ ਸ਼ਹਿਰ ਦਾ ਦਰਜਾ ਲਾਗੂ ਕੀਤਾ ਜਾਵੇ-ਰਣਜੀਤ ਸਿੰਘ ਭੋਮਾ



**ਜੰਡਿਆਲਾ ਗੁਰੂ, 10 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ )**-ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਗੁਰੂ ਨਗਰੀ ਚ ਸਰਾਬ ਪਾਨ ਬੀੜੀਆਂ ਮੀਟ ਤੇ ਮੱਛੀ ਤਮਾਕੂ ਦੀਆਂ ਚੱਲ ਰਹੀਆਂ ਦੁਕਾਨਾਂ ਨੂੰ ਸ਼ਹਿਰ ਤੋਂ ਬਾਹਰ ਕੱਢਕੇ ਪਵਿੱਤਰ ਸ਼ਹਿਰ ਦਾ ਦਰਜਾ ਦਿੱਤੇ ਗਏ ਐਲਾਨ ਨੂੰ ਤੁਰੰਤ ਲਾਗੂ ਕੀਤਾ ਜਾਵੇ ਇਨਾਂ ਗੱਲਾਂ ਦਾ ਪ੍ਰਧਾਨ ਭੋ ਕਰਦਿਆ ਹੋਇਆ ਸਮਾਜ ਸੁਧਾਰ ਸੰਸਥਾ ਦੇ ਪ੍ਰਧਾਨ ਰਣਜੀਤ ਸਿੰਘ ਭੋਮਾ ਤੇ ਨਨਿਹੰਗ ਸਿੰਘ ਖਾਪੜ ਖੇੜੀ ਵਲੋਂ ਅੱਗੇ ਕਿਹਾ ਕਿ ਪਵਿੱਤਰਤਾ ਬਹਾਲੀ ਨਾ ਹੋਣ ਕਾਰਣ ਨਾਨਕ ਨਾਮ ਲੇਵੀ ਸੰਗਤਾਂ ਦੇ ਮਨਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਅਤੇ ਇਸ ਦੁਖਾਂਤ ਤੇ ਪੱਕਾ ਮੋਰਚਾ ਕਿਸੇ ਵਕਤ ਵੀ ਲੱਗ ਸਕਦਾ ਹੈ ਸਚਖੰਡ ਸ੍ਰੀ ਹਰਮਿੰਦਰ ਸਾਹਿਬ ਜੀ ਸ੍ਰੀ ਅੰਮਿਤਸਰ ਸਾਹਿਬ ਜੀ ਤੇ ਧੰਨ ਬਾਬਾ ਦੀਪ ਸਿੰਘ ਜੀ ਸ਼ਹੀਦ ਸ੍ਰੀ ਦੁਰਗਿਆਣਾ ਮੰਦਰ ਦੇ ਰਸਤਿਆਂ ਚੋਕ ਮਹਾ ਸਿੰਘ ਤੇ ਹਾਲ ਗੇਟ ਕਹੀਆਂ ਵਾਲਾ ਬਜਾਰ ਵਿਚੋਂ ਦੀ ਬੱਸ ਸਟੈਂਡ ਤੇ ਰੇਲਵੇ ਸਟੇਸ਼ਨ ਤੋਂ ਦਰਸਨ ਕਰਨ ਆਉਂਦੀਆਂ ਸੰਗਤਾਂ ਨੂੰ ਭਾਰੀ ਮੁਸ਼ਿਕਲ ਦਾ ਸਾਹਮਣਾ ਕਰਨਾ ਪੈਂਦਾ ਹੈ ਅੱਗੇ ਉਨਾਂ ਕਿਹਾ ਕਿ ਪਿਛਲੇ 15 ਸਾਲਾਂ ਤੋਂ ਸਮਾਜ ਸੁਧਾਰ ਸੰਸਥਾ ਪੰਜਾਬ, ਨਿਹੰਗ ਮੁੱਖੀ ਬਾਬਾ ਸਤਨਾਮ ਸਿੰਘ ਖਾਪੜ ਖੇੜੀ ਸਹੀਦ ਬਾਬਾ ਰਾਮ ਸਿੰਘ ਅਟਾਰੀ ਚੱਕਰਵਰਤੀ ਦਲ ਵੱਲੋ ਵੱਖ ਵੱਖ ਰਾਜਨੀਤਿਕ ਰਾਜ ਸਮੇਂ ਆਵਾਜ ਉਠਾਈ ਜਾ ਰਹੀ ਹੈ ਕਿਉਂਕਿ ਸਰਾਬ ਦੇ ਠੇਕੇ ਪਾਨ ਮੀਟ ਬੀੜੀਆਂ ਮੱਛੀ ਮੰਡੀ ਸਾਰੀਆਂ ਦੁਕਾਨਾਂ ਸਚਖੰਡ ਸ੍ਰੀ ਦਰਬਾਰ ਸਾਹਿਬ ਜੀ ਤੇ ਹੋਰ ਗੁਰਧਾਮਾਂ ਦੇ ਦਰਸ਼ਨ ਕਰਨ ਆ ਰਹੀਆਂ ਸੰਗਤਾਂ ਦੇਸ ਵਿਦੇਸ ਤੋ ਸਭ ਤੋਂ ਪਹਿਲਾਂ ਸੰਗਤਾਂ ਦੇ ਮੱਥੇ ਲਗਦੀਆਂ ਹਨ ਤੇ ਦਰਸਨ ਕਰਨ ਵਾਲੀਆਂ ਸੰਗਤਾਂ ਦੇ ਮਨਾਂ ਨੂੰ ਭਾਰੀ ਠੇਸ ਪਹੁੰਚਦੀਆਂ ਸਨ ਪਰ ਪਿਛਲੇ ਸਮੇਂ ਕਿਸੇ ਵੀ ਸਰਕਾਰ ਨੇ ਮੰਗ ਸ੍ਰੀ ਅੰਮਿਤਸਰ ਸਾਹਿਬ ਗੁਰੂ ਨਗਰੀ ਦੀ ਪਵਿੱਤਰਤਾ ਬਹਾਲੀ ਵਾਲੀ ਮੰਗ ਨਹੀਂ ਮੰਨੀ ਪਰ ਹੁਣ ਵੀ ਡਿਪਟੀ ਕਮਿਸਨਰ ਅੰਮ੍ਰਿਤਸਰ ਨੂੰ ਮੰਗ ਪੱਤਰ ਦਿੱਤੇ ਗਏ ਤੇ ਸੰਗਤਾਂ ਦੀ ਮੰਗ ਨੂੰ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕੈਬਨਿਟ ਵਿੱਚ ਮਤਾ ਪਾਸ ਕਰਕੇ ਗੁਰੂ ਨਗਰੀ ਸ੍ਰੀ ਅੰਮ੍ਰਿਸਰ ਸਾਹਿਬ ਜੀ ਨੂੰ ਪਵਿੱਤਰ ਸ਼ਹਿਰ ਦਾ ਦਰਜਾ ਦੇਣ ਦਾ ਐਲਾਨ ਕੀਤਾ ਗਿਆ ਸੀ ਤੇ ਪਵਿੱਤਰਤਾ ਬਹਾਲੀ ਐਲਾਨ ਨਾਲ ਦੇਸ ਵਿਦੇਸ ਦੀਆਂ ਸੰਗਤਾਂ ਵਿੱਚ ਬਹੁਤ ਖੁਸ਼ੀ ਦੀ ਲਹਿਰ ਪਾਈ ਗਈ ਤੇ ਮਾਨ ਸਰਕਾਰ ਦੀ ਸੰਗਤਾਂ ਨੇ ਸਲਾਘਾ ਕੀਤੀ ਗਈ ਪਰ ਪਿਛਲੇ ਚਾਰ ਮਹੀਨੇ ਤੋ ਉੱਪਰ ਪਵਿੱਤਰਤਾ ਬਹਾਲੀ ਐਲਾਨ ਹੋਏ ਨੂੰ ਹੋ ਗਏ ਹਨ ਪਰ ਅਜੇ ਤੱਕ ਕੋਈ ਵੀ ਦੁਕਾਨਾਂ ਬੰਦ ਨਹੀਂ ਹੋਈ ਨਾ ਹੀ ਪਵਿੱਤਰ ਸ਼ਹਿਰ ਦਾ ਦਰਜਾ ਲਾਗੂ ਹੋਇਆ ਪੰਜਾਬ ਸਰਕਾਰ ਵੱਲੋਂ ਲੱਖਾਂ ਕਰੋੜਾਂ ਰੁਪਏ ਦੇ ਇਸਤਿਹਾਰ ਦੇ ਕੇ ਪਵਿੱਤਰਤਾ ਬਹਾਲੀ ਐਲਾਨ ਨੂੰ ਪ੍ਰਚਾਰਿਆ ਗਿਆ ਪਰ ਗਰਾਊਂਡ ਤੇ ਇਹ ਐਲਾਨ ਠੰਡੇ ਬਸਤੇ ਵਿੱਚ ਪਾ ਦਿੱਤਿ ਗਿਆ ਹੈ ਪ੍ਰਧਾਨ ਰਣਜੀਤ ਸਿੰਘ ਭੋਮਾ ਤੇ ਨਿੰਹੰਗ ਮੁੱਖੀ ਬਾਬਾ ਸਤਨਾਮ ਸਿੰਘ ਖਾਪੜ ਖੇੜੀ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਅਪੀਲ ਕਰਦਿਆਂ ਕਿਹਾ ਕਿ ਗੁਰੂ ਨਗਰੀ ਸ੍ਰੀ ਅੰਮਿਤਸਰ ਸਾਹਿਬ ਜੀ ਨੂੰ ਪਵਿੱਤਰਤਾ ਬਹਾਲੀ ਐਲਾਨ ਨੂੰ ਤੁਰੰਤ ਪਵਿੱਤਰ ਸ਼ਹਿਰ ਦਾ ਦਰਜਾ ਲਾਗੂ ਕਰਕੇ ਚੋਕ ਮਹਾ ਸਿੰਘ ਹਾਲ ਗੇਟ ਥਾਨਾ ਬੀ ਡਵੀਜ਼ਨ ਕਹੀਆਂ ਵਾਲਾ ਬਜਾਰਾਂ ਚ ਸਰਾਬ ਮੀਟ ਪਾਨ ਬੀੜੀਆਂ ਤਮਾਕੂ ਮੱਛੀ ਮੰਡੀ ਸਾਰੀਆਂ ਦੁਕਾਨਾਂ ਪੱਕੇ ਤੌਰ ਬੰਦ ਕਰਕੇ ਸ਼ਹਿਰ ਤੋਂ ਵੱਖਰੀ ਮਾਰਕੀਟ ਵਿੱਚ ਤਬਦੀਲ ਕੀਤੀਆਂ ਜਾਣ ਤੇ ਰਸਤਿਆਂ ਚ ਹੋਟਲਾਂ ਵਿੱਚ ਨਜਾਇਜ਼ ਦੇਹ ਵਪਾਰ ਹੋਟਲਾਂ ਨੂੰ ਸੀਲ ਕਰਕੇ ਸਖਤ ਕਰਵਾਈ ਕੀਤੀ ਜਾਵੇ ਤੇ ਚੋਕ ਮਹਾ ਸਿੰਘ ਚ ਸੁੰਦਰ ਸੁਨਿਹਰੀ ਗੇਟ ਬਣਾਇਆ ਜਾਵੇ ਤੇ ਵੱਖ ਵੱਖ ਬਜਾਰਾਂ ਵਿੱਚ ਸੁੰਦਰ ਵਧੀਆ ਪ੍ਰੀਮਕਸ ਪਾ ਕੇ ਸੜਕਾਂ ਬਣਾਈਆਂ ਜਾਣ ਤੇ ਨਸੇੜੀ ਤੇ ਮੰਗਣ ਵਾਲਿਆਂ ਵਿਰੁੱਧ ਸਖਤ ਕਾਰਵਾਈ ਕੀਤੀ ਜਾਵੇ ਤੇ ਦੁਕਾਨਾਂ ਖੋਲਣ ਵਾਲੇ ਵੀ ਨਸਿਆ ਤੇ ਮੀਟ ਪਾਨ ਬੀੜੀਆਂ ਸਰਾਬ ਵਾਲੇ ਗੁਰੂ ਨਗਰੀ ਚ ਦੁਕਾਨਾਂ ਖੋਲਕੇ ਪਾਪਾਂ ਦੇ ਭਾਗੀ ਨਾ ਬਣੋ ਪੱਕੇ ਤੌਰ ਬੰਦ ਕਰਕੇ ਹੋਰ ਕਾਰੋਬਾਰ ਕਰਕੇ ਖੁਸੀਆਂ ਪ੍ਰਾਪਤ ਕਰੋ ਤੇ ਗੁਰੂ ਨਗਰੀ ਗੁਰੂ ਰਾਮਦਾਸ ਸਾਹਿਬ ਜੀ ਮਹਾਰਾਜ ਜੀ ਦੇ ਚਾਰੇ ਪਾਸੇ ਰਸਤੇ ਬੱਸ ਸਟੈਂਡ ਤੇ ਰੇਲਵੇ ਸਟੇਸ਼ਨ ਤੋ ਸਵਰਗਾਂ ਦੇ ਰੂਪ ਵਿੱਚ ਰਸਤੇ ਵਧੀਆ ਅਤੇ ਸੁੰਦਰੀ ਕਰਨ ਕਰਕੇ ਦੇਸ ਵਿਦੇਸ ਦੀਆਂ ਸੰਗਤਾਂ ਦਰਸਨ ਕਰਨ ਸਮੇਂ ਵਧੀਆ ਪ੍ਰਭਾਵ ਨਜ਼ਰ ਆਵੇ !

ਆਵਾਜ਼ਿ ਕੌਮ AWAZE QAUM International Newspaper & WEB TV

# ਅੱਠਵੀਂ ਜਮਾਤ ਦੇ ਨਤੀਜਿਆਂ ਵਿੱਚ ਪਠਾਨਕੋਟ ਨੇ ਬਣਾਇਆ ਇਤਿਹਾਸ, ਪੰਜਾਬ ਭਰ ਵਿੱਚ ਹਾਸਲ ਕੀਤਾ ਪਹਿਲਾ ਸਥਾਨ

### ਲਾਲ ਚੰਦ ਕਟਾਰੂ ਚੱਕ ਕੈਬਨਿਟ ਮੰਤਰੀ ਪੰਜਾਬ ਨੇ ਬੱਚਿਆਂ, ਟੀਚਰਾਂ ਅਤੇ ਮਾਪਿਆਂ ਨੂੰ ਦਿੱਤੀਆਂ ਵਧਾਈਆਂ

**ਪਠਾਨਕੋਟ, 10 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਜ਼ਿਲ੍ਹਾ ਪਠਾਨਕੋਟ ਲਈ ਅੱਜ ਬਹੁਤ ਹੀ ਮਾਣ ਵਾਲੀ ਗੱਲ ਸਾਹਮਣੇ ਆਈ ਹੈ, ਕਿਉਂਕਿ ਅੱਠਵੀਂ ਜਮਾਤ ਦੇ ਨਤੀਜਿਆਂ ਵਿੱਚ ਪਠਾਨਕੋਟ ਨੇ ਸਮੁੱਚੇ ਪੰਜਾਬ ਵਿੱਚ ਪਹਿਲਾ ਸਥਾਨ ਹਾਸਲ ਕਰਕੇ ਇਤਿਹਾਸ ਰਚ ਦਿੱਤਾ ਹੈ। ਇਸ ਉਪਲਬਧੀ ਨਾਲ ਨਾ ਸਿਰਫ਼ ਜ਼ਿਲ੍ਹੇ ਦਾ ਸਨਮਾਨ ਵਧਿਆ ਹੈ, ਸਗੋਂ ਪੂਰੇ ਪੰਜਾਬ ਵਿੱਚ ਪਠਾਨਕੋਟ ਦਾ ਨਾਮ ਰੋਸ਼ਨ ਹੋਇਆ ਹੈ। ਇਸ ਸੰਬੰਧੀ ਪ੍ਰਕਟਾਵਾ ਕਰਦਿਆਂ ਕੈਬਨਿਟ ਮੰਤਰੀ ਪੰਜਾਬ ਸ਼੍ਰੀ ਲਾਲ ਚੰਦ ਕਟਾਰੂਚੱਕ ਨੇ ਖੁਸ਼ੀ ਦਾ ਪ੍ਰਗਟਾਵਾ ਕੀਤਾ ਅਤੇ ਕਿਹਾ ਕਿ ਇਹ ਉਪਲੱਬਧੀ ਪੰਜਾਬ ਸਰਕਾਰ ਵੱਲੋਂ ਸਿੱਖਿਆ ਖੇਤਰ ਵਿੱਚ ਕੀਤੇ ਗਏ ਸੁਧਾਰਾਂ ਅਤੇ ਉਪਰਾਲਿਆਂ ਦਾ ਨਤੀਜਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ "ਸਿੱਖਿਆ ਕ੍ਰਾਂਤੀ" ਦੇ ਤਹਿਤ ਸਕੂਲਾਂ ਵਿੱਚ ਬੁਨਿਆਦੀ ਢਾਂਚਾ ਮਜ਼ਬੂਤ ਕੀਤਾ ਗਿਆ ਹੈ ਅਤੇ ਬੱਚਿਆਂ ਨੂੰ ਉੱਚ ਦਰਜੇ ਦੀ ਪੜ੍ਹਾਈ ਲਈ ਵਧੀਆ ਸਾਧਨ ਮੁਹੱਈਆ ਕਰਵਾਏ ਗਏ ਹਨ। ਉਨ੍ਹਾਂ ਨੇ ਹੋਰ ਦੱਸਿਆ ਕਿ ਅਧਿਆਪਕਾਂ ਦੀ ਯੋਗਤਾ ਨੂੰ ਨਿਖਾਰਨ ਲਈ ਉਹਨਾਂ ਨੂੰ ਵਿਦੇਸ਼ਾਂ ਵਿੱਚ ਟ੍ਰੇਨਿੰਗ ਲਈ ਭੇਜਿਆ ਗਿਆ, ਜਿੱਥੇ ਉਨ੍ਹਾਂ ਨੇ ਆਧੁਨਿਕ ਸਿੱਖਿਆ ਪ੍ਰਣਾਲੀਆਂ ਨੂੰ ਸਮਝਿਆ ਅਤੇ ਉਹਨਾਂ ਨੂੰ ਆਪਣੇ ਸਕੂਲਾਂ ਵਿੱਚ ਲਾਗੂ ਕੀਤਾ। ਇਸ ਦੇ ਨਾਲ ਬੱਚਿਆਂ ਦੇ ਮਾਨਸਿਕ ਅਤੇ ਬੌਧਿਕ ਵਿਕਾਸ ਵਿੱਚ ਮਹੱਤਵਪੂਰਨ ਸੁਧਾਰ ਆਇਆ ਹੈ, ਜਿਸਦਾ ਸਿੱਧਾ ਅਸਰ ਨਤੀਜਿਆਂ ਵਿੱਚ ਵੇਖਣ ਨੂੰ ਮਿਲਿਆ ਹੈ। ਕੈਬਨਿਟ ਮੰਤਰੀ ਨੇ ਇਹ ਵੀ ਕਿਹਾ ਕਿ ਪੰਜਾਬ ਸਰਕਾਰ ਦੇ ਯਤਨਾਂ ਨਾਲ ਸਰਕਾਰੀ ਸਕੂਲਾਂ ਪ੍ਰਤੀ ਲੋਕਾਂ ਦਾ ਭਰੋਸਾ ਵਧਿਆ ਹੈ, ਜਿਸ ਕਾਰਨ ਪਹਿਲਾਂ ਨਾਲੋਂ ਬੱਚਿਆਂ ਦੀ ਦਾਖਲਾ ਦਰ ਵਿੱਚ ਵੀ ਵਾਧਾ ਹੋਇਆ ਹੈ। ਇਹ ਸਿੱਖਿਆ ਖੇਤਰ ਵਿੱਚ ਆ ਰਹੀ ਸਕਾਰਾਤਮਕ ਤਬਦੀਲੀ ਦਾ ਸਪਸ਼ਟ ਸੰਕੇਤ ਹੈ। ਉਨ੍ਹਾਂ ਨੇ ਅੱਠਵੀਂ ਜਮਾਤ ਦੇ ਨਤੀਜਿਆਂ ਵਿੱਚ ਪਠਾਨਕੋਟ ਦੇ ਪਹਿਲੇ ਸਥਾਨ 'ਤੇ ਰਹਿਣ ਲਈ ਜ਼ਿਲ੍ਹੇ ਦੇ ਸਮੂਹ ਸਕੂਲਾਂ ਦੇ ਸਟਾਫ, ਵਿਦਿਆਰਥੀਆਂ ਅਤੇ ਉਹਨਾਂ ਦੇ ਮਾਪਿਆਂ ਨੂੰ ਦਿਲੋਂ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਇਹ ਸਾਰਿਆਂ ਦੀ ਸਾਂਝੀ ਮਿਹਨਤ ਅਤੇ ਲਗਨ ਦਾ ਨਤੀਜਾ ਹੈ, ਜਿਸ ਨੇ ਪਠਾਨਕੋਟ ਨੂੰ ਵੱਖਰੀ ਪਹਿਚਾਣ ਦਿੱਤੀ ਹੈ। ਅੰਤ ਵਿੱਚ ਉਨ੍ਹਾਂ ਨੇ ਆਸ ਪ੍ਰਗਟਾਈ ਕਿ ਭਵਿੱਖ ਵਿੱਚ ਵੀ ਪਠਾਨਕੋਟ ਦੇ ਵਿਦਿਆਰਥੀ ਇਸੇ ਤਰ੍ਹਾਂ ਮਿਹਨਤ ਕਰਦੇ ਰਹਿਣਗੇ ਅਤੇ ਨਵੇਂ ਮਾਪਦੰਡ ਸਥਾਪਿਤ ਕਰਨਗੇ।

## ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਵੱਲੋਂ ਕੀਤੀਆਂ ਨਵੀਆਂ ਨਿਯੁਕਤੀਆਂ ਦਾ

# ਕਰਨੈਲ ਸਿੰਘ ਪੀਰ ਮੁਹੰਮਦ ਨੇ ਕੀਤਾ ਭਰਵਾਂ ਸਵਾਗਤ








**ਅੰਮ੍ਰਿਤਸਰ/ਚੰਡੀਗੜ੍ਹ, 10 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਦੇ ਸੀਨੀਅਰ ਮੀਤ ਪ੍ਰਧਾਨਸਰਦਾਰ ਕਰਨੈਲ ਸਿੰਘ ਪੀਰ ਮੁਹੰਮਦ ਨੇ ਸ੍ਰੀ ਅਕਾਲ ਤਖਤ ਸਾਹਿਬ ਜੀ ਦੇ ਸਾਬਕਾ ਜਥੇਦਾਰ ਅਤੇ ਪਾਰਟੀ ਦੇ ਪ੍ਰਧਾਨ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਜੀ ਦਾ ਤਹਿ ਦਿਲੋਂ ਧੰਨਵਾਦ ਕੀਤਾ ਹੈ। ਉਨ੍ਹਾਂ ਕਿਹਾ ਕਿ ਜਥੇਦਾਰ ਸਾਹਿਬ ਨੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਅਤੇ ਸ਼੍ਰੋਮਣੀ

ਆਵਾਜ਼ਿ ਕੌਮ AWAZE QAUM
International Newspaper & WEB TV

ਅਕਾਲੀ ਦਲ ਵਿੱਚ ਲੰਮਾ ਸਮਾਂ ਅਹਿਮ ਸੇਵਾਵਾਂ ਨਿਭਾਉਣ ਵਾਲੇ ਟਕਸਾਲੀ ਅਤੇ ਮਿਹਨਤੀ ਸਾਥੀਆਂ ਨੂੰ ਪਾਰਟੀ ਵਿੱਚ ਅਹਿਮ ਜ਼ਿੰਮੇਵਾਰੀਆਂ ਦੇ ਕੇ ਨਿਵਾਜਿਆ ਹੈ। ਜਾਰੀ ਕੀਤੇ ਗਏ ਬਿਆਨ ਵਿੱਚ ਸ.ਪੀਰ ਮੁਹੰਮਦ ਨੇ ਦੱਸਿਆ ਕਿ ਪਾਰਟੀ ਦੀ ਮਜ਼ਬੂਤੀ ਲਈ ਹੇਠ ਲਿਖੇ ਆਗੂਆਂ ਨੂੰ ਨਵੀਆਂ ਜ਼ਿੰਮੇਵਾਰੀਆਂ ਸੌਂਪੀਆਂ ਗਈਆਂ ਹਨ:

**ਨਾਮ/ਅਹੁਦਾ**

**ਭਾਈ ਜਗਰੂਪ ਸਿੰਘ ਕੌਮੀ ਜਨਰਲ ਸਕੱਤਰ**
**ਸਰਦਾਰ ਗੁਰਮੁਖ ਸਿੰਘ ਸੰਧੂ ਕੌਮੀ ਮੀਤ ਪ੍ਰਧਾਨ**
**ਡਾਕਟਰ ਕਾਰਜ ਸਿੰਘ ਧਰਮ ਸਿੰਘ ਵਾਲਾ ਕੌਮੀ ਮੀਤ ਪ੍ਰਧਾਨ**
**ਸਰਦਾਰ ਗਗਨਦੀਪ ਸਿੰਘ ਰਿਆੜ ਵਰਕਿੰਗ ਕਮੇਟੀ ਮੈਂਬਰ**
**ਸਰਦਾਰ ਸੁਖਵਿੰਦਰ ਸਿੰਘ ਦੀਨਾਨਗਰ ਕੌਮੀ ਜਥੇਬੰਦਕ ਸਕੱਤਰ**
**ਸਰਦਾਰ ਹਰਦੀਪ ਸਿੰਘ ਬਾਠ (ਖਰੜ) ਕੌਮੀ ਜਥੇਬੰਦਕ ਸਕੱਤਰ**

**ਪੰਥਕ ਸੇਵਾਵਾਂ ਦਾ ਮਿਲਿਆ ਮਾਣ**:-ਸ.ਪੀਰ ਮੁਹੰਮਦ ਨੇ ਕਿਹਾ ਕਿ ਇਹ ਸਾਰੇ ਆਗੂ ਮੇਰੇ ਨਿਕਟਵਰਤੀ ਸਾਥੀ ਹਨ ਜਿਨ੍ਹਾਂ ਨੇ ਹਮੇਸ਼ਾ ਪੰਥ ਅਤੇ ਪਾਰਟੀ ਦੀ ਚੜ੍ਹਦੀ ਕਲਾ ਲਈ ਕੰਮ ਕੀਤਾ ਹੈ। ਇਨ੍ਹਾਂ ਦੀਆਂ ਨਿਯੁਕਤੀਆਂ ਨਾਲ ਪਾਰਟੀ ਦਾ ਸੰਗਠਨਾਤਮਕ ਢਾਂਚਾ ਹੋਰ ਮਜ਼ਬੂਤ ਹੋਵੇਗਾ। ਉਨ੍ਹਾਂ ਸਮੂਹ ਨਵ-ਨਿਯੁਕਤ ਅਹੁਦੇਦਾਰਾਂ ਨੂੰ ਵਧਾਈ ਦਿੰਦਿਆਂ ਉਮੀਦ ਪ੍ਰਗਟਾਈ ਕਿ ਉਹ ਆਪਣੀ ਜ਼ਿੰਮੇਵਾਰੀ ਪੂਰੀ ਤਨਦੇਹੀ ਨਾਲ ਨਿਭਾਉਣਗੇ।

**ਆਉਣ ਵਾਲੇ ਦਿਨਾਂ ਵਿੱਚ ਹੋਰ ਵਿਸਥਾਰ** : ਉਨ੍ਹਾਂ ਅੱਗੇ ਦੱਸਿਆ ਕਿ ਪਾਰਟੀ ਦੇ ਪੁਨਰਗਠਨ ਦੀ ਪ੍ਰਕਿਰਿਆ ਜਾਰੀ ਹੈ ਅਤੇ ਆਉਣ ਵਾਲੇ ਦਿਨਾਂ ਦੌਰਾਨ ਹੋਰ ਵੀ ਮਿਹਨਤੀ ਸਾਥੀਆਂ ਨੂੰ ਪਾਰਟੀ ਵਿੱਚ ਬਣਦਾ ਮਾਣ-ਸਤਿਕਾਰ ਅਤੇ ਅਹਿਮ ਸਥਾਨ ਦਿੱਤਾ ਜਾਵੇਗਾ।

ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਦੇ ਆਦੇਸ਼ਾਂ ਅਨੁਸਾਰ ਪਾਰਟੀ ਦੀ ਮਜਬੂਤੀ ਲਈ ਅਹੁਦੇਦਾਰਾਂ ਦਾ ਵਿਸਥਾਰ ਕਰਦਿਆਂ ਵਰਕਿੰਗ ਕਮੇਟੀ ਮੈਂਬਰ, ਮੀਤ ਪ੍ਰਧਾਨ, ਸੀਨੀਅਰ ਮੀਤ ਪ੍ਰਧਾਨ, ਜਰਨਲ ਸਕੱਤਰ ਅਤੇ ਜਥੇਬੰਦਕ ਸਕੱਤਰ ਸਹਿਬਾਨ ਦੀਆਂ ਨਿਯੁਕਤੀਆਂ ਕੀਤੀਆਂ ਗਈਆਂ ਜਿੰਨਾਂ ਦੇ ਨਾਵਾਂ ਦੀ ਲਿਸਟ ਹੇਠ ਲਿਖੇ ਅਨੁਸਾਰ ਹੈ।

ਸ.ਰਵਿੰਦਰ ਸਿੰਘ ਵਿੰਦਾ ਨੂੰ ਪਾਰਟੀ ਦਾ ਜਿਲ੍ਹਾ ਪਟਿਆਲਾ ਸ਼ਹਿਰੀ ਦਾ ਪ੍ਰਧਾਨ ਨਿਯੁਕਤ ਕੀਤਾ ਜਾਂਦਾ ਹੈ।

ਵਰਕਿੰਗ ਕਮੇਟੀ ਮੈਂਬਰ
ਸ. ਗਗਨਦੀਪ ਸਿੰਘ ਹਰਚੋਵਾਲ
ਸ. ਸੁਖਵਿੰਦਰ ਸਿੰਘ ✥⊘ $3 ਸਰਦੂਲਗੜ੍ਹ
ਸ. ਮਨਜੀਤ ਸਿੰਘ ਸਰਪੰਚ ਪਿੰਡ ਚੋਟੀਆਂ ਸਰਦੂਲਗੜ੍ਹ
ਸ. ਭਰਪੂਰ ਸਿੰਘ ਸਾਬਕਾ ਮੈਨੇਜਰ ਦਮਦਮਾ ਸਾਹਿਬ
ਸ. ਹਰਜਸ਼ਨ ਸਿੰਘ ਜੱਸੀ ਬੋਹਾ
ਸ. ਜਸਵਿੰਦਰ ਸਿੰਘ ਪਿੰਡ ਰੱਲਾ ਮਾਨਸਾ
ਸ. ਅਜੀਤ ਸਿੰਘ ਭੰਗੂ ਵਕੀਲ ਸਰਦੂਲਗੜ੍ਹ
ਸ. ਜਗਤਾਰ ਸਿੰਘ ਚੱਕ ਅਲੀਸ਼ੇਰ ਬੁਢਲਾਡਾ
ਸ. ਨੈਬ ਸਿੰਘ ਸਰਪੰਚ ਭੂਪਾਲ ਕਲਾਂ ਮਾਨਸਾ
ਸ. ਦਰਸ਼ਨ ਸਿੰਘ ਅਨਾਇਤਪੁਰ
ਸ. ਰੇਸ਼ਮ ਸਿੰਘ ਨਵਾਂ ਸ਼ਹਿਰ

**ਸੀਨੀਅਰ ਮੀਤ ਪ੍ਰਧਾਨ**
ਸ. ਹਰਪਾਲ ਸਿੰਘ ਬਖਸ਼ੀ (ਦਿੱਲੀ)

**ਮੀਤ ਪ੍ਰਧਾਨ**
ਸ. ਗੁਰਵਿੰਦਰ ਸਿੰਘ ਸ਼ਕਤੀਮਾਨ
ਸ. ਸਰਬਜੀਤ ਸਿੰਘ ਕਾਦੀਮਾਜਰਾ
ਸ. ਗੁਰਬਚਨ ਸਿੰਘ ਨਾਨੋਕੀ
ਸ. ਤਰਸੇਮ ਸਿੰਘ ਕੋਟਲਾ
14ੋ ਇੰਦਰਜੀਤ ਸਿੰਘ ਮਾਨ
ਸ. ਪ੍ਰੇਮ ਸਿੰਘ ਸਵਾਈ ਸਿੰਘ ਵਾਲਾ
ਸ. ਅਵਤਾਰ ਸਿੰਘ ਘਲੌੜੀ
ਸ. ਪਲਵਿੰਦਰ ਸਿੰਘ ਰਿੰਕੂ
ਸ. ਜਰਨੈਲ ਸਿੰਘ ਅਲੀਪੁਰ ਅਰਾਈਆਂ
ਸ. ਜਸਬੀਰ ਸਿੰਘ ਜ਼ਫ਼ਰਵਾਲ
ਸ. ਕੇਵਲ ਸਿੰਘ ਕੱਦੋਂ
ਡਾ. ਕਾਰਜ ਸਿੰਘ ਧਰਮ ਸਿੰਘ ਵਾਲਾ
ਸ. ਗੁਰਮੁਖ ਸਿੰਘ ਸੰਧੂ
ਸ. ਗੁਰਵਿੰਦਰ ਸਿੰਘ ਸ਼ਕਤੀਮਾਨ
ਸ. ਤਰਲੋਚਨ ਸਿੰਘ ਢਿੱਲੋਂ (ਦਿੱਲੀ)
ਸ. ਰਾਜਾ ਹਰਪ੍ਰੀਤ ਸਿੰਘ (ਦਿੱਲੀ)
ਸ. ਅਮਰਜੀਤ ਸਿੰਘ ਬੱਬੂ ਭਾਟੀਆ (ਦਿੱਲੀ)
ਇੰਜੀ: ਦਿਲਬਾਗ ਸਿੰਘ ਗੁਰਦਾਸਪੁਰ

ਜਰਨਲ ਸਕੱਤਰ ਅਤੇ ਮੁੱਖ ਬੁਲਾਰਾ
ਸ. ਕੁਲਵਿੰਦਰ ਸਿੰਘ ਲਵਲੀ

ਜਰਨਲ ਸਕੱਤਰ
ਸ. ਗੁਰਵਿੰਦਰ ਸਿੰਘ ਡੂਮਛੇੜੀ
ਸ. ਕੈਪਟਨ ਖੁਸ਼ਵੰਤ ਸਿੰਘ ਢਿੱਲੋਂ
ਸ. ਹਰਪ੍ਰੀਤ ਸਿੰਘ ਬੰਨੀ ਜੌਲੀ (ਇੰਚ:ਦਿੱਲੀ)
ਸ. ਜਗਰੂਪ ਸਿੰਘ ਚੀਮਾਂ
ਸ. ਜਸਵੰਤ ਸਿੰਘ ਕੋਟੜਾ
14ੋ ਅਨਿਲ ਕੁਮਾਰ ਚੀਮਾ
ਸ. ਕੁਲਦੀਪ ਸਿੰਘ ਸਿੱਧੂ
ਸ. ਮੇਜਰ ਚਰਨ ਸਿੰਘ ਸਮਰਾਲਾ
ਸ. ਸੁਖਮੋਹਨ ਸਿੰਘ ਸਹਿਗਲ
ਸ. ਸੁਖਜੀਤ ਸਿੰਘ ਜੋਹਲ
ਸ. ਹਰਵਿੰਦਰਪਾਲ ਸਿੰਘ ਜੈਨਪੁਰ

ਜੱਥੇਬੰਦਕ ਸਕੱਤਰ
ਸ. ਅਮਰਜੀਤ ਸਿੰਘ (ਸਾਬਕਾ ਮੈਨੇਜਰ)
ਸ. ਨਿਰਮਲ ਸਿੰਘ ਸ਼ਾਦੀਪੁਰ
ਸ. ਜਗਦੀਸ ਸਿੰਘ ਬੈਂਸ ਬਸੀ ਪਠਾਣਾ
ਸ. ਮਲਕੀਤ ਸਿੰਘ ਰੈਲੋ
ਸ. ਸਨੇਹਪਾਲ ਸਿੰਘ ਰਸ਼ੀਦਪੁਰ
ਸ. ਭਾਗ ਸਿੰਘ ਚੁੰਨੀ ਕਲਾਂ
ਸ. ਗੁਰਇਕਬਾਲ ਸਿੰਘ ਫਤਿਹਗੜ੍ਹ ਸਾਹਿਬ
ਸ. ਹਰਭੇਜ ਸਿੰਘ ਪਠਾਨ ਨੰਗਲ
ਡਾ. ਮਨਜੀਤ ਸਿੰਘ ਸੁਹਾਗਹੇੜੀ
ਸ. ਸੂਬੇਦਾਰ ਮੇਜਰ ਸਿੰਘ
ਸ. ਜਗਦੀਸ਼ ਸਿੰਘ ਰਾਣਾ
ਸ. ਹਰਦੀਪ ਸਿੰਘ ਬਾਠ
ਸ. ਸੁਖਵਿੰਦਰ ਸਿੰਘ ਦੀਨਾਨਗਰ
ਮਾ. ਰਣਜੀਤ ਸਿੰਘ ਛਾਜਲਾ
ਸ. ਗੁਰਜੀਤ ਸਿੰਘ ਜੀਤੀ
ਜਥੇ.ਭਰਪੂਰ ਸਿੰਘ ਛਾਜਲੀ
ਮਾ. ਦਰਬਾਰਾ ਸਿੰਘ ਛਾਜਲੀ
ਸ. ਸੋਹਣ ਸਿੰਘ ਭੰਗੂ
ਸ. ਅਵਤਾਰ ਸਿੰਘ (ਦਿੱਲੀ)
ਸ. ਰਘਵੀਰ ਸਿੰਘ (ਦਿੱਲੀ)
ਸ. ਗੁਰਵਿੰਦਰ ਸਿੰਘ ਝਬਾਲ
ਸ. ਭਗਤ ਸਿੰਘ ਪੰਜਕੋਹਾ


ਮੁੱਖ ਦਫ਼ਤਰ
ਸ਼੍ਰੋਮਣੀ ਅਕਾਲੀ ਦਲ
ਪੁਨਰ ਸੁਰਜੀਤ
Head Office
Shiromani Akali Dal

ਮਿਤੀ 10/04/2026

ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਦੇ ਆਦੇਸ਼ਾਂ ਅਨੁਸਾਰ ਪਾਰਟੀ ਦੀ ਮਜਬੂਤੀ ਲਈ ਅਹੁਦੇਦਾਰਾਂ ਦਾ ਵਿਸਥਾਰ ਕਰਦਿਆਂ ਵਰਕਿੰਗ ਕਮੇਟੀ ਮੈਂਬਰ, ਮੀਤ ਪ੍ਰਧਾਨ, ਸੀਨੀਅਰ ਮੀਤ ਪ੍ਰਧਾਨ, ਜਰਨਲ ਸਕੱਤਰ ਅਤੇ ਜਥੇਬੰਦਕ ਸਕੱਤਰ ਸਹਿਬਾਨ ਦੀਆਂ ਨਿਯੁਕਤੀਆਂ ਕੀਤੀਆਂ ਗਈਆਂ ਜਿੰਨਾਂ ਦੇ ਨਾਵਾਂ ਦੀ ਲਿਸਟ ਹੇਠ ਲਿਖੇ ਅਨੁਸਾਰ ਹੈ।

ਸ. ਰਵਿੰਦਰ ਸਿੰਘ ਵਿੰਦਾ ਨੂੰ ਪਾਰਟੀ ਦਾ ਜਿਲ੍ਹਾ ਪਟਿਆਲਾ ਸ਼ਹਿਰੀ ਦਾ ਪ੍ਰਧਾਨ ਨਿਯੁਕਤ ਕੀਤਾ ਜਾਂਦਾ ਹੈ

**ਵਰਕਿੰਗ ਕਮੇਟੀ ਮੈਂਬਰ**
ਸ. ਗਗਨਦੀਪ ਸਿੰਘ ਹਰਚੋਵਾਲ
ਸ. ਸੁਖਵਿੰਦਰ ਸਿੰਘ ex MC ਸਰਦੂਲਗੜ੍ਹ
ਸ. ਮਨਜੀਤ ਸਿੰਘ ਸਰਪੰਚ ਪਿੰਡ ਚੋਟੀਆਂ ਸਰਦੂਲਗੜ੍ਹ
ਸ. ਭਰਪੂਰ ਸਿੰਘ ਸਾਬਕਾ ਮੈਨੇਜਰ ਦਮਦਮਾ ਸਾਹਿਬ
ਸ. ਹਰਜਸ਼ਨ ਸਿੰਘ ਜੱਸੀ ਬੋਹਾ
ਸ. ਜਸਵਿੰਦਰ ਸਿੰਘ ਪਿੰਡ ਰੱਲਾ ਮਾਨਸਾ
ਸ. ਅਜੀਤ ਸਿੰਘ ਭੰਗੂ ਵਕੀਲ ਸਰਦੂਲਗੜ੍ਹ
ਸ. ਜਗਤਾਰ ਸਿੰਘ ਚੱਕ ਅਲੀਸ਼ੇਰ ਬੁਢਲਾਡਾ
ਸ. ਨੈਬ ਸਿੰਘ ਸਰਪੰਚ ਭੂਪਾਲ ਕਲਾਂ ਮਾਨਸਾ
ਸ. ਦਰਸ਼ਨ ਸਿੰਘ ਅਨਾਇਤਪੁਰ
ਸ. ਰੇਸ਼ਮ ਸਿੰਘ ਨਵਾਂ ਸ਼ਹਿਰ

**ਸੀਨੀਅਰ ਮੀਤ ਪ੍ਰਧਾਨ**
ਸ. ਹਰਪਾਲ ਸਿੰਘ ਬਖਸ਼ੀ (ਦਿੱਲੀ)

**ਮੀਤ ਪ੍ਰਧਾਨ**
ਸ. ਗੁਰਵਿੰਦਰ ਸਿੰਘ ਸ਼ਕਤੀਮਾਨ
ਸ. ਸਰਬਜੀਤ ਸਿੰਘ ਕਾਦੀਮਾਜਰਾ
ਸ. ਗੁਰਬਚਨ ਸਿੰਘ ਨਾਨੋਕੀ
ਸ. ਤਰਸੇਮ ਸਿੰਘ ਕੋਟਲਾ
ADV ਇੰਦਰਜੀਤ ਸਿੰਘ ਮਾਨ
ਸ. ਪ੍ਰੇਮ ਸਿੰਘ ਸਵਾਈ ਸਿੰਘ ਵਾਲਾ
ਸ. ਅਵਤਾਰ ਸਿੰਘ ਘਲੌੜੀ
ਸ. ਪਲਵਿੰਦਰ ਸਿੰਘ ਰਿੰਕੂ
ਸ. ਜਰਨੈਲ ਸਿੰਘ ਅਲੀਪੁਰ ਅਰਾਈਆਂ
ਸ. ਜਸਬੀਰ ਸਿੰਘ ਜ਼ਫ਼ਰਵਾਲ
ਸ. ਕੇਵਲ ਸਿੰਘ ਕੱਦੋਂ
ਡਾ. ਕਾਰਜ ਸਿੰਘ ਧਰਮ ਸਿੰਘ ਵਾਲਾ
ਸ. ਗੁਰਮੁਖ ਸਿੰਘ ਸੰਧੂ
ਸ. ਗੁਰਵਿੰਦਰ ਸਿੰਘ ਸ਼ਕਤੀਮਾਨ
ਸ. ਤਰਲੋਚਨ ਸਿੰਘ ਢਿੱਲੋਂ (ਦਿੱਲੀ)
ਸ. ਰਾਜਾ ਹਰਪ੍ਰੀਤ ਸਿੰਘ (ਦਿੱਲੀ)
ਸ. ਅਮਰਜੀਤ ਸਿੰਘ ਬੱਬੂ ਭਾਟੀਆ (ਦਿੱਲੀ)
ਇੰਜੀ: ਦਿਲਬਾਗ ਸਿੰਘ ਗੁਰਦਾਸਪੁਰ

**ਜਰਨਲ ਸਕੱਤਰ ਅਤੇ ਮੁੱਖ ਬੁਲਾਰਾ**
ਸ. ਕੁਲਵਿੰਦਰ ਸਿੰਘ ਲਵਲੀ

**ਜਰਨਲ ਸਕੱਤਰ**
ਸ. ਗੁਰਵਿੰਦਰ ਸਿੰਘ ਡੂਮਛੇੜੀ
ਸ. ਕੈਪਟਨ ਖੁਸ਼ਵੰਤ ਸਿੰਘ ਢਿੱਲੋਂ
ਸ. ਹਰਪ੍ਰੀਤ ਸਿੰਘ ਬੰਨੀ ਜੌਲੀ (ਇੰਚ:ਦਿੱਲੀ)
ਸ. ਜਗਰੂਪ ਸਿੰਘ ਚੀਮਾਂ
ਸ. ਜਸਵੰਤ ਸਿੰਘ ਕੋਟੜਾ
ADV ਅਨਿਲ ਕੁਮਾਰ ਚੀਮਾ
ਸ. ਕੁਲਦੀਪ ਸਿੰਘ ਸਿੱਧੂ
ਸ. ਮੇਜਰ ਚਰਨ ਸਿੰਘ ਸਮਰਾਲਾ
ਸ. ਸੁਖਮੋਹਨ ਸਿੰਘ ਸਹਿਗਲ
ਸ. ਸੁਖਜੀਤ ਸਿੰਘ ਜੋਹਲ
ਸ. ਹਰਵਿੰਦਰਪਾਲ ਸਿੰਘ ਜੈਨਪੁਰ

**ਜੱਥੇਬੰਦਕ ਸਕੱਤਰ**
ਸ. ਅਮਰਜੀਤ ਸਿੰਘ (ਸਾਬਕਾ ਮੈਨੇਜਰ)
ਸ. ਨਿਰਮਲ ਸਿੰਘ ਸ਼ਾਦੀਪੁਰ
ਸ. ਜਗਦੀਸ ਸਿੰਘ ਬੈਂਸ ਬਸੀ ਪਠਾਣਾ
ਸ. ਮਲਕੀਤ ਸਿੰਘ ਰੈਲੋ
ਸ. ਸਨੇਹਪਾਲ ਸਿੰਘ ਰਸ਼ੀਦਪੁਰ
ਸ. ਭਾਗ ਸਿੰਘ ਚੁੰਨੀ ਕਲਾਂ
ਸ. ਗੁਰਇਕਬਾਲ ਸਿੰਘ ਫਤਿਹਗੜ੍ਹ ਸਾਹਿਬ
ਸ. ਹਰਭੇਜ ਸਿੰਘ ਪਠਾਨ ਨੰਗਲ
ਡਾ. ਮਨਜੀਤ ਸਿੰਘ ਸੁਹਾਗਹੇੜੀ
ਸ. ਸੂਬੇਦਾਰ ਮੇਜਰ ਸਿੰਘ
ਸ. ਜਗਦੀਸ਼ ਸਿੰਘ ਰਾਣਾ
ਸ. ਹਰਦੀਪ ਸਿੰਘ ਬਾਠ
ਸ. ਸੁਖਵਿੰਦਰ ਸਿੰਘ ਦੀਨਾਨਗਰ
ਮਾ. ਰਣਜੀਤ ਸਿੰਘ ਛਾਜਲਾ
ਸ. ਗੁਰਜੀਤ ਸਿੰਘ ਜੀਤੀ
ਜਥੇ.ਭਰਪੂਰ ਸਿੰਘ ਛਾਜਲੀ
ਮਾ. ਦਰਬਾਰਾ ਸਿੰਘ ਛਾਜਲੀ
ਸ. ਸੋਹਣ ਸਿੰਘ ਭੰਗੂ
ਸ. ਅਵਤਾਰ ਸਿੰਘ (ਦਿੱਲੀ)
ਸ. ਰਘਵੀਰ ਸਿੰਘ (ਦਿੱਲੀ)
ਸ. ਗੁਰਵਿੰਦਰ ਸਿੰਘ ਝਬਾਲ
ਸ. ਭਗਤ ਸਿੰਘ ਪੰਜਕੋਹਾ

ਜਾਰੀ ਕਰਤਾ
(ਤਜਿੰਦਰ ਸਿੰਘ ਪੰਨੂ)
ਮੀਡੀਆ ਇੰਚਾਰਜ
ਦਫ਼ਤਰ ਚੰਡੀਗੜ੍ਹ
ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ

Head Office: 56,57 City Center Market. Opp. Pingalwara
Near - Bus Stand, G.T. Road Amritsar Sahib
Ph. +919915800524 +918699663440
Email id:- akalidalofficial@gmail.com

Sub Office: 696 3rd Floor, New Chandigarh
Manohar Singh Palm Residency
Ph. +919915800524 +918699663440
Email id:- akalidalofficial@gmail.com




ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਸੰਤ ਬਾਬਾ ਗੁਰਬਖਸ਼ ਸਿੰਘ ਜੀ ਖਾਲਸਾ ਅਕੈਡਮੀ ਵੱਲੋਂ ਲੋੜਵੰਦ ਪ੍ਰੀਵਾਰਾਂ ਨੂੰ ਰਾਸ਼ਨ ਵੰਡਿਆ ਗਿਆ, ਦੁਨਿਆਵੀ ਵਿਦਿਆ ਦੇ ਨਾਲ ਨਾਲ

# ਗੁਰਮਤਿ ਦੀ ਵਿਦਿਆ ਵੀ ਬੱਚਿਆਂ ਨੂੰ ਦਿੱਤੀ ਜਾਂਦੀ : ਬਾਬਾ ਮਲਕੀਤ ਸਿੰਘ






**ਜੰਡਿਆਲਾ ਗੁਰੂ, 10 ਅਪੈਲ ( ਕੁਲਵੰਤ ਸਿੰਘ ਵਿਰਦੀ )**-ਨੈਸ਼ਨਲ ਹਾਈਵੇ ਤੋਂ ਥੋੜ੍ਹੀ ਦੂਰੀ ਜਬੋਵਾਲ ਰੋਡ ਤੇ ਸਥਿਤ ਸੰਤ ਬਾਬਾ ਗੁਰਬਖਸ਼ ਸਿੰਘ ਜੀ ਖਾਲਸਾ ਜਬੋਵਾਲ ਅਕੈਡਮੀ ਵੱਲੋਂ ਬੇ- ਸਹਾਰਿਆ ਦਾ ਸਹਾਰਾ ਬਣਕੇ ਹਰ ਮਹੀਨੇ ਦੀ ਤਰਾਂ ਇਸ ਮਹੀਨੇ ਵੀ 125 ਦੇ ਕਰੀਬ ਰਾਸ਼ਣ ਵੰਡਿਆ ਗਿਆ । ਇਸ ਅਕੈਡਮੀ ਵੱਲੋਂ ਲੋੜਵੰਦ ਬੱਚਿਆਂ ਦੀ ਪੜਾਈ ਅਤੇ ਗਰੀਬ ਪਰਿਵਾਰਾਂ ਦੀ ਬਾਂਹ ਫੜੀ ਜਾਂਦੀ ਹੈ, ਹਰ ਮਹੀਨੇ ਦੀ ਤਰ੍ਹਾਂ ਇਸ ਵਾਰ ਵੀ ਅਕੈਡਮੀ ਵੱਲੋਂ ਗਰੀਬ ਪਰਿਵਾਰਾਂ ,ਲੋੜਵੰਦ ਪਰਿਵਾਰਾਂ ,ਅਤੇ ਜਿਨਾਂ ਦਾ ਕੋਈ ਕਮਾਈ ਦਾ ਸਾਧਨ ਨਹੀਂ ਹੈ ਉਨ੍ਹਾਂ ਪਰਿਵਾਰਾਂ ਨੂੰ ਰਾਸ਼ਨ ਵੰਡਿਆ ਗਿਆ।ਇਸ ਮੌਕੇ ਤੇ ਅਕੈਡਮੀ ਦੇ ਸੰਚਾਲਕ ਬਾਬਾ ਮਲਕੀਤ ਸਿੰਘ ਨੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ।ਇਹ ਪਹਿਲ ਕਦਮੀ ਅਤੇ ਸੇਵਾ ਦੀ ਆਰੰਭਤਾ 2013 ਤੋਂ ਸ਼ੁਰੂ ਕੀਤੀ ਸੀ ਰਾਸ਼ਨ ਅਸੀਂ ਪਹਿਲਾਂ ਪੰਜ ਪਰਿਵਾਰਾਂ ਵਿੱਚ ਵੰਡਿਆ ਇਹ ਉਹ ਪਰਿਵਾਰ ਸਨ ਜਿਨਾਂ ਦੇ ਕਮਰੇ ਵੀ ਕੱਚੇ ਸਨ ਅਤੇ ਕਮਾਈ ਦਾ ਕੋਈ ਸਾਧਨ ਨਹੀਂ ਸੀ ਜਾਂ ਜਿੰਨਾ ਪਰਿਵਾਰਾਂ ਵਿੱਚ ਕਮਾਉਣ ਵਾਲਾ ਕੋਈ ਆਦਮੀ ਨਹੀਂ ਸੀ ,ਉਹਨਾਂ ਪਰਿਵਾਰਾਂ ਤੋਂ ਆਰੰਭਤਾ ਕੀਤੀ।ਅਤੇ ਸਰਕਾਰ ਵੱਲੋਂ ਉਨਾਂ ਪਰਿਵਾਰਾਂ ਦੇ ਰਾਸ਼ਨ ਕਾਰਡ ਵੀ ਕੱਟੇ ਹੋਏ ਸਨ। ਇਸ ਮੌਕੇ ਤੇ ਬਾਬਾ ਜੀ ਨੇ ਦੱਸਿਆ ਕਿ ਅਸੀਂ ਰਾਸ਼ਨ ਦੇ ਨਾਲ ਨਾਲ ਇਹ ਵੀ ਸੋਚਿਆ ਕਿ ਇਹਨਾਂ ਦੇ ਬੱਚਿਆਂ ਨੂੰ ਅਕੈਡਮੀ ਵਿੱਚ ਹੀ ਰੱਖਿਆ ਜਾਵੇ ਅਤੇ ਉਹਨਾਂ ਨੂੰ ਦੁਨਿਆਵੀ ਵਿਦਿਆ ਦੇ ਨਾਲ ਨਾਲ ਗੁਰਮਤਿ ਨਾਲ ਵੀ ਜੋੜਿਆ ਜਾਵੇ। ਤਾਂ ਜੋ ਬੱਚੇ ਪੜ ਲਿਖ ਸਕਣ ਅਤੇ ਗੁਰਬਾਣੀ ਨਾਲ ਜੁੜਨ ਅਤੇ ਆਪਣੇ ਪੈਰਾਂ ਤੇ ਸਟੈਂਡ ਹੋ ਕੇ ਆਪਣੀ ਰੋਜ਼ੀ ਰੋਟੀ ਕਮਾ ਸਕਣ। ਇਸ ਸਮੇਂ ਖਾਲਸਾ ਅਕੈਡਮੀ ਵਿੱਚ ਬੱਚਿਆਂ ਦੀ ਪੜ੍ਹਾਈ ਵੀ ਫਰੀ ਹੈ ਅਤੇ ਉਹਨਾਂ ਨੂੰ ਗੁਰਮਤਿ ਦੀ ਸੰਥਿਆ ਵੀ ਦਿੱਤੀ ਜਾ ਰਹੀ ਹੈ ।ਅਤੇ ਉਹਨਾਂ ਨੂੰ ਸਵੇਰ ਤੋਂ ਲੈ ਕੇ ਸ਼ਾਮ ਤੱਕ ਗੁਰਬਾਣੀ ਨਾਲ ਵੀ ਜੋੜਿਆ ਜਾਂਦਾ ਹੈ। ਅਤੇ ਇੱਥੇ ਬੱਚਿਆਂ ਨੂੰ ਬਾਕਸਿੰਗ ਦੀ ਸਿਖਾਈ ਜਾਂਦੀ ਹੈ ਅਤੇ ਹੋਰ ਖੇਡਾਂ ਬਾਰੇ ਵੀ ਜਾਗਰਿਤ ਕੀਤਾ ਜਾਂਦਾ ਹੈ।ਅਕੈਡਮੀ ਦੇ ਪ੍ਰਿੰਸੀਪਲ ਸਾਹਿਬ ਵੀ ਬਹੁਤ ਹੀ ਕਾਬਲੀਅਤ ਇਨਸਾਨ ਹਨ।।ਇੱਥੇ ਬੱਚਿਆਂ ਨੂੰ ਸ਼ਾਮ ਦੇ ਟਾਈਮ ਤੇ ਕਥਾ ਕੀਰਤਨ, ਅਤੇ ਗੁਰਬਾਣੀ ਦੀ ਸੰਥਿਆ ਵੀ ਦਿੱਤੀ ਜਾਂਦੀ ਹੈ। ਅਤੇ ਬੱਚਿਆਂ ਨੂੰ ਤਬਲਾ ਹਾਰਮੋਨੀਅਮ ਵੀ ਸਿਖਾਇਆ ਜਾਂਦਾ ਹੈ।। ਇੱਥੇ ਇਹ ਦੱਸਣ ਯੋਗ ਹੈ ਕਿ ਇਹ ਅਕੈਡਮੀ ਦੇ ਸਿੰਘ ਸਮੇਂ ਸਮੇਂ ਤੇ ਪੰਜਾਬ ਤੇ ਆਈਆਂ ਮੁਸੀਬਤਾਂ ਵਿੱਚ ਆਪਣਾ ਯੋਗਦਾਨ ਪਾਉਂਦੇ ਹਨ ਜਿਵੇਂ ਕਿਸਾਨ ਮੋਰਚੇ ਵਿੱਚ ਵੀ ਇਹਨਾਂ ਦਾ ਅਹਿਮ ਯੋਗਦਾਨ ਰਿਹਾ ਉੱਥੇ ਵੀ ਇਹਨਾਂ ਲੰਗਰ ਦੀ ਸੇਵਾ ਨਿਭਾਈ ਅਤੇ ਹੁਣ ਹੜ ਪੀੜਤਾਂ ਵਾਸਤੇ ਵੀ ਲਗਾਤਾਰ ਨਿਰੰਤਰ ਸੇਵਾ ਇਹਨਾਂ ਦੀ ਜਾਰੀ ਹੈ।ਅਤੇ ਇਹਨਾਂ ਦੇ ਸੇਵਾਦਾਰ ਬਹੁਤ ਹੀ ਤਨ ਮਨ ਧਨ ਨਾਲ ਆਪਣੀ ਸੇਵਾ ਕਰ ਰਹੇ ਹਨ ਇੱਥੇ ਬਾਬਾ ਮਲਕੀਤ ਸਿੰਘ ਜੀ ਨੇ ਦੱਸਿਆ ਕਿ 2014 ਤੋਂ ਲੈ ਕੇ 2025 ਤੱਕ ਹੁਣ ਲਗਭਗ 125 ਪਰਿਵਾਰਾਂ ਨੂੰ ਹਰ ਮਹੀਨੇ ਰਾਸ਼ਨ ਮੁਹਈਆ ਕਰਵਾਇਆ ਜਾ ਰਿਹਾ ਹੈ।। ਇਹ ਰਾਸਨ ਵੰਡਣ ਤੋਂ ਪਹਿਲਾਂ ਸੰਗਤ ਨੂੰ ਦੋ ਘੰਟੇ 9 ਤੋਂ 11 ਵਜੇ ਤੱਕ ਨਾਮ ਵੀ ਜਪਾਇਆ ਜਾਂਦਾ ਹੈ।ਇਸ ਮੌਕੇ ਤੇ ਮੁੱਖ ਸੇਵਾਦਾਰ ਬਾਬਾ ਮਲਕੀਤ ਸਿੰਘ ਭਾਈ ਸੁਖਚੈਨ ਸਿੰਘ ਗਿਆਨੀ ਤੇਜ ਬੀਰ ਸਿੰਘ, ਪ੍ਰਿੰਸੀਪਲ ਸੁਰਿੰਦਰਜੀਤ ਸਿੰਘ ਜਸਪਾਲ ਸਿੰਘ ਟੋਮਾ, ਸੁਖਦੇਵ ਸਿੰਘ ਗੁਰਬਾਜ ਸਿੰਘ ਬਾਜ ,ਗੁਰਪਿੰਦਰ ਸਿੰਘ ਆਦਿ ਸੇਵਾਦਾਰ ਹਾਜਰ ਸਨ।

## ਸ੍ਰੀ ਗੁਰੂ ਹਰਗੋਬਿੰਦ ਪਬਲਿਕ ਸਕੂਲ ਪਿੰਡ ਮੱਲ੍ਹੀਆਂ ਦੇ ਵਿਦਿਆਰਥੀ ਨੇ ਰਾਈਟਿੰਗ ਮੁਕਾਬਲੇ ਵਿੱਚ ਮੱਲਾਂ ਮਾਰੀਆਂ



**ਜੰਡਿਆਲਾ ਗੁਰੂ, 10 ਅਪ੍ਰੈਲ (ਕੁਲਵੰਤ ਸਿੰਘ ਵਿਰਦੀ )**-ਪਿੰਡ ਮੱਲ੍ਹੀਆ ਵਿਖੇ ਸਥਿਤ ਜੀ ਟੀ ਰੋਡ ਉਪਰ ਤਰਨਾ ਦਲ ਮਿਸਲ ਸ਼ਹੀਦਾਂ ਸ਼੍ਰੋਮਣੀ ਪੰਥ ਅਕਾਲੀ ਹੈਡ ਕੁਆਟਰ ਬਾਬਾ ਬਕਾਲਾ ਸਾਹਿਬ ਜੀ ਦੇ 16ਵੇਂ ਮੁਖੀ ਜਥੇਦਾਰ ਬਾਬਾ ਜੋਗਾ ਸਿੰਘ ਜੀ ਦੀ ਰਹਿਨੁਮਾਈ ਹੇਠ ਚੱਲ ਰਹੀ ਸੰਸਥਾ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਪਬਲਿਕ ਸਕੂਲ ਮੱਲ੍ਹੀਆਂ ਵਿਖੇ,ਆਏ ਦਿਨ ਤਰੱਕੀਆਂ ਦੀਆਂ ਰਾਹਾਂ ਤੇ ਅਤੇ ਉਚੀਆਂ ਬੁਲੰਦੀਆਂ ਨੂੰ ਛੂਹ ਰਿਹਾ ਹੈ।, ਸ੍ਰੀ ਗੁਰੂ ਹਰਿਗੋਬਿੰਦ ਪਬਲਿਕ ਸਕੂਲ ਦਾ ਨੌਵੀ ਕਲਾਸ ਦਾ ਵਿਦਿਆਰਥੀ ਰਾਈਟਿੰਗ ਮੁਕਾਬਲੇ ਵਿੱਚ ਫਾਈਨਲ, ਵਿੱਚ ਪਹੁੰਚ ਗਿਆ ਹੈ ਜੋ ਕਿ ਸਕੂਲ ਵਾਸਤੇ ਬਹੁਤ ਹੀ ਖੁਸ਼ੀ ਅਤੇ ਮਾਣ ਵਾਲੀ ਗੱਲ ਹੈ, ਇਸ ਮੌਕੇ ਤੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਹੋਇਆਂ ਵਿਦਿਆਰਥੀ ਦੇ ਪਿਤਾ ਸਰਦਾਰ ਬਲਵਿੰਦਰ ਸਿੰਘ ਪਿੰਡ ਰਾਣਾ ਕਾਲਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ, ਉਸ ਦੇ ਬੇਟੇ ਜਸ਼ਨਦੀਪ ਸਿੰਘ ਜੋ ਕਿ ਨੌਵੀਂ ਕਲਾਸ ਵਿੱਚ ਪੜ੍ਹਦਾ ਹੈ ਉਸ ਨੇ ਰਾਈਟਿੰਗ ਮੁਕਾਬਲੇ ਵਿੱਚ ਹਿੱਸਾ ਲਿਆ ਅਤੇ ਇਸ ਮੁਕਾਬਲੇ ਦਾ ਪਹਿਲਾ ਰਾਊਂਡ ਪਿੰਡ ਮੱਲੀਆਂ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਪਬਲਿਕ ਸਕੂਲ ਵਿੱਚ ਹੀ ਕਰਵਾਇਆ ਗਿਆ ਸੀ। ਅਤੇ ਦੂਸਰਾ ਰਾਊਂਡ ਰੋਇਲ ਆਈਵੀ ਵਾਈ ਇੰਟਰਨੈਸ਼ਨਲ ਸਕੂਲ ਧਾਰੜ ਵਿਖੇ ਕਰਵਾਇਆ ਗਿਆ।, ਅਤੇ ਤੀਸਰਾ ਅਤੇ ਚੌਥਾ ਰਾਊਂਡ ਸੇਵਾ ਦੇਵੀ ਕਾਲਜ ਤਰਨ ਤਰਨ ਵਿਖੇ ਕਰਾਇਆ ਗਿਆ।, ਇਹਨਾਂ ਚੌਹਾਂ ਰਾਊਡਾਂ ਵਿੱਚ ਬੇਟੇ ਜਸ਼ਨਦੀਪ ਸਿੰਘ ਨੇ ਪੁਜੀਸ਼ਨ ਪ੍ਰਾਪਤ ਕਰਕੇ ਅੱਗੇ ਬੁਲੰਦੀਆਂ ਨੂੰ ਛੂੰਹਦੇ ਹੋਏ ਹੁਣ ਸੰਗਰੂਰ ਵਿੱਚ ਹੋ ਰਹੇ ਫਾਈਨਲ ਮੁਕਾਬਲੇ ਵਿੱਚ ਭਾਗ ਲੈਣਾ ਹੈ, ਸਰਦਾਰ ਬਲਵਿੰਦਰ ਸਿੰਘ ਨੇ ਦੱਸਿਆ ਕਿ ਸਾਡੇ ਪੂਰੇ ਪ੍ਰੀਵਾਰ ਲਈ ਖੁਸ਼ ਦੀ ਗੱਲ ਹੈ ਅਚੇ ਇਹ ਸਾਡੇ ਬੱਚੇ ਦੇ ਸਕੂਲ ਦੇ ਸਟਾਫ ਅਤੇ ਪ੍ਰਿੰਸੀਪਲ ਡਾਕਟਰ ਪਲਵਿੰਦਰ ਪਾਲ ਸਿੰਘ ਜੀ, ਦੀ ਅਣਥੱਕ ਮਿਹਨਤ ਸਦਕਾ ਹੀ ਬੱਚੇ ਵੱਲੋਂ ਨਾਮ ਰੌਸ਼ਨ ਕੀਤਾ ਗਿਆ ਹੈ ! ਇਸ ਮੌਕੇ ਤੇ ਬੱਚੇ ਨੂੰ ਸਕੂਲ ਦੇ ਪ੍ਰਿਸੀਪਲ ਡਾਕਟਰ ਪਲਵਿੰਦਰ ਪਾਲ ਸਿੰਘ ਜੀ ਨੇ ਗੁਰੂ ਮਹਾਰਾਜ ਵੱਲੋਂ ਬਖਸ਼ੀ ਸਿਰਪਾਓ ਦੀ ਬਖਸ਼ਿਸ਼ ਨਾਲ ਬੱਚੇ ਨੂੰ ਸਨਮਾਨਿਤ ਕੀਤਾ ਗਿਆ ਇਸ ਮੌਕੇ ਤੇ ਬੱਚੇ ਦੇ ਮਾਤਾ ਪਿਤਾ ਤੇ ਸਕੂਲ ਦਾ ਸਟਾਫ ਆਦਿ ਹਾਜ਼ਰ ਸਨ।

## ਮਾਨ ਸਰਕਾਰ ਦੇ ਚਾਰ ਸਾਲਾਂ ਦੇ ਕੰਮਾਂ ਨਾਲ ਲੋਕ ਸੰਤੁਸ਼ਟ :ਪਾਠਕ, ਭਿੰਦੀ ਧੂਰੀ

ਧੂਰੀ( ਰਣਜੀਤ ਸਿੰਘ ਪੇਧਨੀ ) ਆਮ ਆਦਮੀ ਪਾਰਟੀ ਦੇ ਪਿਛਲੇ ਚਾਰ ਸਾਲਾਂ ਦੌਰਾਨ ਕੀਤੇ ਗਏ ਵਿਕਾਸੀ ਕੰਮਾਂ ਨਾਲ ਪੰਜਾਬ ਅਤੇ ਹਲਕਾ ਧੂਰੀ ਦੇ ਲੋਕ ਪੂਰੀ ਤਰ੍ਹਾਂ ਸੰਤੁਸ਼ਟ ਹਨ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਉੱਘੇ ਸਮਾਜ ਸੇਵੀ ਦਰਸ਼ਨ ਸਿੰਘ ਪਾਠਕ ਅਤੇ ਵਾਰਡ ਨੰਬਰ 2 ਤੋਂ ਆਪ ਦੇ ਸੀਨੀਅਰ ਆਗੂ ਉੱਘੇ ਸਮਾਜ ਸੇਵੀ ਭਿੰਦੀ ਧੂਰੀ ਨੇ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਪਹਿਲਾਂ ਕਈ ਸਰਕਾਰਾਂ ਰਹੀਆਂ ਹਨ, ਪਰ ਜ਼ਿਆਦਾਤਰ ਸਰਕਾਰਾਂ ਨੇ ਚੋਣਾਂ ਦੌਰਾਨ ਕੀਤੇ ਵਾਅਦੇ ਪੂਰੇ ਨਹੀਂ ਕੀਤੇ। 2022 ਵਿੱਚ ਲੋਕਾਂ ਨੇ ਬਦਲਾਅ ਲਈ ਆਮ ਆਦਮੀ ਪਾਰਟੀ ਨੂੰ ਸੱਤਾ ਵਿੱਚ ਲਿਆਂਦਾ ਸੀ, ਜਦਕਿ ਵਿਰੋਧੀ ਪਾਰਟੀਆਂ ਵੱਲੋਂ ਸ਼ੁਰੂ ਵਿੱਚ ਸਰਕਾਰ ਦੀ ਕਾਰਗੁਜ਼ਾਰੀ ’ਤੇ ਸਵਾਲ ਉਠਾਏ ਗਏ ਸਨ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਪੰਜਾਬ ਦੀ ਪਹਿਲੀ ਐਸੀ ਸਰਕਾਰ ਹੈ ਜਿਸ ਨੇ ਆਪਣੇ ਪਹਿਲੇ ਚਾਰ ਸਾਲਾਂ ਵਿੱਚ ਹੀ ਲੋਕਾਂ ਨਾਲ ਕੀਤੇ ਵਾਅਦਿਆਂ ਨੂੰ ਪੂਰਾ ਕੀਤਾ ਹੈ। ਉਨ੍ਹਾਂ ਕਿਹਾ ਕਿ ਹੁਣ ਵਿਰੋਧੀਆਂ ਕੋਲ ਸਰਕਾਰ ਦੀ ਆਲੋਚਨਾ ਕਰਨ ਲਈ ਕੋਈ ਢੁਕਵਾਂ ਮੁੱਦਾ ਨਹੀਂ ਬਚਿਆ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਸਰਕਾਰ ਦੇ ਕੰਮਾਂ ਨਾਲ ਖੁਸ਼ ਹਨ ਅਤੇ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਦੇ ਵਿਕਾਸ ਦੀ ਉਮੀਦ ਰੱਖਦੇ ਹਨ।



ਬਰਨਾਲਾ ਜਿਲੇ ਦੇ ਪਿੰਡ ਪੰਡੋਰੀ ਤੋਂ ਨਿਰਮਲ ਸਿੰਘ ਪੰਡੋਰੀ ਦੀ ਪੱਤਰਕਾਰੀ ਦੇ ਖੇਤਰ ’ਚ ਮਾਣਮੱਤੀ ਪ੍ਰਾਪਤੀ

## ਜਰਨਲਿਜਮ ਦੀ ਡਿਗਰੀ ਵਿੱਚ ਪੰਜਾਬ ਵਿੱਚੋਂ ਹਾਸਲ ਕੀਤਾ ਪਹਿਲਾ ਸਥਾਨ

**ਬਰਨਾਲਾ, 10 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**- ਬਰਨਾਲਾ ਦੇ ਪੱਤਰਕਾਰੀ ਖੇਤਰ ਲਈ ਅੱਜ ਬੇਹੱਦ ਮਾਣ ਵਾਲਾ ਦਿਨ ਹੈ।ਜਦੋਂ ਇਥੋਂ ਦੇ ਸੀਨੀਅਰ ਪੱਤਰਕਾਰ ਨਿਰਮਲ ਸਿੰਘ ਪੰਡੋਰੀ ਨੇ ਆਪਣੀ ਵਿਦਿਅਕ ਕਾਬਲੀਅਤ ਦਾ ਲੋਹਾ ਮਨਵਾਉਂਦਿਆਂ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੀ 41ਵੀਂ ਕਨਵੋਕੇਸ਼ਨ ਦੌਰਾਨ ਸੋਨ ਤਮਗਾ ਹਾਸਲ ਕੀਤਾ।ਪੰਜਾਬ ਐਂਡ ਚੰਡੀਗੜ੍ਹ ਜਰਨਲਿਸਟਸ ਯੂਨੀਅਨ ਦੀ ਬਰਨਾਲਾ ਇਕਾਈ ਦੇ ਜ਼ਿਲ੍ਹਾ ਜਨਰਲ ਸਕੱਤਰ ਵਜੋਂ ਸੇਵਾਵਾਂ ਨਿਭਾਅ ਰਹੇ ਪੰਡੋਰੀ ਨੇ ਇਕ ਨਿੱਜੀ ਕਾਲਜ ਦੇ ਵਿਦਿਆਰਥੀ ਵਜੋਂ ਪੱਤਰਕਾਰੀ ਤੇ ਬਹੁ-ਮਾਧਿਅਮ ਤਕਨਾਲੋਜੀ ਵਿਭਾਗ ’ਚੋਂ ਯੂਨੀਵਰਸਿਟੀ ਭਰ ’ਚੋਂ ਪਹਿਲਾ ਸਥਾਨ ਪ੍ਰਾਪਤ ਕਰਕੇ ਜ਼ਿਲ੍ਹੇ ਦਾ ਨਾਮ ਰੌਸ਼ਨ ਕੀਤਾ ਹੈ। ਨਿਰਮਲ ਸਿੰਘ ਪੰਡੋਰੀ ਜਿਥੇ ਪਹਿਲਾਂ ਹੀ ਪੱਤਰਕਾਰੀ ਦੇ ਖੇਤਰ ’ਚ ਸਰਗਰਮ ਹਨ ਤੇ ਆਪਣਾ ਖ਼ਬਰਾਂ ਦਾ ਪੋਰਟਲ ਸਫ਼ਲਤਾਪੂਰਵਕ ਚਲਾ ਰਹੇ ਹਨ। ਉੱਥੇ ਹੀ ਉਨ੍ਹਾਂ ਨੇ ਪੱਤਰਕਾਰੀ ਦੀਆਂ ਬਾਰੀਕੀਆਂ ਨੂੰ ਅਕਾਦਮਿਕ ਪੱਧਰ ਤੇ ਸਿੱਖਦਿਆਂ ਇਹ ਵੱਡੀ ਪ੍ਰਾਪਤੀ ਹਾਸਲ ਕੀਤੀ ਹੈ।ਯੂਨੀਵਰਸਿਟੀ ਦੇ ਮੰਚ ਤੇ ਮਿਲਿਆ ਇਹ ਸਨਮਾਨ ਉਨ੍ਹਾਂ ਦੀ ਸਖ਼ਤ ਮਿਹਨਤ ਤੇ ਪੇਸ਼ੇ ਪ੍ਰਤੀ ਨਿਸ਼ਠਾ ਦਾ ਪ੍ਰਤੀਕ ਹੈ।ਇਸ ਸ਼ਾਨਦਾਰ ਸਫ਼ਲਤਾ ਤੇ ਖ਼ੁਸ਼ੀ ਦਾ ਪ੍ਰਗਟਾਵਾ ਕਰਦਿਆਂ ਇੰਡੀਅਨ ਜਰਨਲਿਸਟਸ ਯੂਨੀਅਨ ਦੇ ਕੌਮੀ ਪ੍ਰਧਾਨ ਬਲਵਿੰਦਰ ਜੰਮੂ, ਪੰਜਾਬ ਐਂਡ ਚੰਡੀਗੜ੍ਹ ਜਰਨਲਿਸਟਸ ਯੂਨੀਅਨ ਦੇ ਸੂਬਾਈ ਚੇਅਰਮੈਨ ਬਲਵੀਰ ਸਿੰਘ ਜੰਡੂ, ਸੂਬਾ ਪ੍ਰਧਾਨ ਜੈ ਸਿੰਘ ਛਿੱਬਰ ਤੇ ਸੂਬਾ ਜਨਰਲ ਸਕੱਤਰ ਸੰਤੋਖ ਸਿੰਘ ਗਿੱਲ ਨੇ ਵਿਸ਼ੇਸ਼ ਤੌਰ ਤੇ ਮੁਬਾਰਕਬਾਦ ਦਿੱਤੀ।ਉਨ੍ਹਾਂ ਕਿਹਾ ਕਿ ਇਕ ਕਾਰਜਸ਼ੀਲ ਪੱਤਰਕਾਰ ਦਾ ਵਿਦਿਅਕ ਖੇਤਰ ’ਚ ਸੋਨ ਤਮਗਾ ਜਿੱਤਣਾ ਪੂਰੀ ਜਥੇਬੰਦੀ ਤੇ ਪੱਤਰਕਾਰ ਭਾਈਚਾਰੇ ਲਈ ਮਾਣ ਵਾਲੀ ਗੱਲ ਹੈ। ਜ਼ਿਲ੍ਹਾ ਪੱਧਰ ਤੇ ਵੀ ਵਧਾਈਆਂ ਦਾ ਤਾਂਤਾ ਲੱਗਿਆ ਹੋਇਆ ਹੈ। ਜ਼ਿਲ੍ਹਾ ਬਰਨਾਲਾ ਦੇ ਪ੍ਰਧਾਨ ਜਗਸੀਰ ਸਿੰਘ ਸੰਧੂ, ਖ਼ਜ਼ਾਨਚੀ ਬਲਜਿੰਦਰ ਸਿੰਘ ਚੌਹਾਨ ਤੇ ਸੂਬਾ ਕਮੇਟੀ ਮੈਂਬਰ ਮਹਿੰਦਰ ਸਿੰਘ ਰਾਏ, ਸੀਨੀਅਰ ਪੱਤਰਕਾਰ ਸੁਰਿੰਦਰ ਗੋਇਲ ਨੇ ਪੰਡੋਰੀ ਦੀ ਇਸ ਪ੍ਰਾਪਤੀ ਨੂੰ ਨੌਜਵਾਨ ਪੱਤਰਕਾਰਾਂ ਲਈ ਪ੍ਰੇਰਨਾ ਸਰੋਤ ਦੱਸਿਆ।ਇਸ ਦੇ ਨਾਲ ਹੀ ਐੱਸਡੀ ਸਭਾ ਦੇ ਚੇਅਰਮੈਨ ਡਾਂ ਪੀਨਾਕ ਮੌਦਗਿਲ ਤੇ ਜਨਰਲ ਸਕੱਤਰ ਸ਼ਿਵ ਸਿੰਗਲਾ ਨੇ ਵੀ ਨਿਰਮਲ ਪੰਡੋਰੀ ਨੂੰ ਸ਼ੁਭਕਾਮਨਾਵਾਂ ਭੇਂਟ ਕਰਦਿਆਂ ਉਨ੍ਹਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ। ਪੱਤਰਕਾਰੀ ਕਿੱਤਾ ਨਹੀਂ, ਸਗੋਂ ਸਮਾਜ ਪ੍ਰਤੀ ਇਕ ਵੱਡੀ ਜ਼ਿੰਮੇਵਾਰੀ: ਪੰਡੋਰੀ ਨਿਰਮਲ ਸਿੰਘ ਪੰਡੋਰੀ ਦੀ ਇਸ ਪ੍ਰਾਪਤੀ ਨੇ ਇਹ ਸਾਬਤ ਕਰ ਦਿੱਤਾ ਹੈ ਕਿ ਸਿੱਖਣ ਦੀ ਕੋਈ ਉਮਰ ਨਹੀਂ ਹੁੰਦੀ ਤੇ ਜੇਕਰ ਮਨ ’ਚ ਦ੍ਰਿੜ ਇਰਾਦਾ ਹੋਵੇ ਤਾਂ ਕੰਮਕਾਜੀ ਜੀਵਨ ਦੇ ਰੁਝੇਵਿਆਂ ਦੇ ਬਾਵਜੂਦ ਵੀ ਅਕਾਦਮਿਕ ਸਿਖ਼ਰਾਂ ਨੂੰ ਛੂਹਿਆ ਜਾ ਸਕਦਾ ਹੈ। ਯੂਨੀਵਰਸਿਟੀ ਦੇ ਵਾਈਸ ਚਾਂਸਲਰ ਤੇ ਹੋਰ ਸ਼ਖ਼ਸੀਅਤਾਂ ਵਲੋਂ ਮਿਲੇ ਇਸ ਸਨਮਾਨ ਤੋਂ ਬਾਅਦ ਪੰਡੋਰੀ ਨੇ ਆਪਣੀ ਸਫ਼ਲਤਾ ਦਾ ਸਿਹਰਾ ਆਪਣੇ ਸਹਿਯੋਗੀਆਂ ਦੇ ਸਿਰ ਬੰਨ੍ਹਿਆ ਹੈ।ਉਨ੍ਹਾਂ ਕਿਹਾ ਕਿ ਪੱਤਰਕਾਰੀ ਕੇਵਲ ਇਕ ਕਿੱਤਾ ਨਹੀਂ।ਸਗੋਂ ਸਮਾਜ ਪ੍ਰਤੀ ਇਕ ਵੱਡੀ ਜ਼ਿੰਮੇਵਾਰੀ ਹੈ ਤੇ ਅਕਾਦਮਿਕ ਸਿੱਖਿਆ ਇਸ ਜ਼ਿੰਮੇਵਾਰੀ ਨੂੰ ਹੋਰ ਵਧੇਰੇ ਨਿਪੁੰਨਤਾ ਨਾਲ ਨਿਭਾਉਣ ’ਚ ਸਹਾਈ ਹੁੰਦੀ ਹੈ।

## ਪਾਵਰ ਮੈਨੇਜਮੈਂਟ ਦੀ ਵਾਅਦਾ ਖਿਲਾਫ਼ੀ ਵਿਰੁੱਧ ਬਿਜਲੀ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੇ ਮੁੱਖ ਦਫਤਰ ਅੱਗੇ ਰੋਸ ਧਰਨਾ ਲਗਾ ਕੇ ਘੇਰੇ ਗੇਟ

### 11 ਤੋਂ 25 ਅਪ੍ਰੈਲ ਤੱਕ ਵਰਕ ਟੂ ਰੂਲ ਅਨੁਸਾਰ ਬਣਦੀ ਡਿਊਟੀ ਕਰਨ ਉਪਰੰਤ ਮਈ ਦੇ ਤੀਸਰੇ ਹਫਤੇ ਮੁੱਖ ਮੰਤਰੀ ਦੇ ਸ਼ਹਿਰ ਸੰਗਰੂਰ ਵਿਖੇ ਧਰਨਾ ਦੇਣ ਉਪਰੰਤ ਰੋਸ ਮੁਜ਼ਾਹਰਾ ਕਰਨ ਦਾ ਕੀਤਾ ਐਲਾਨ

ਪਟਿਆਲਾ, 10 ਅਪ੍ਰਲ (ਆਵਾਜ਼ਿ ਕੌਮ ਬਿਊਰੋ)- ਬਿਜਲੀ ਕਾਮਿਆਂ ਦੀਆਂ ਪ੍ਰਮੁੱਖ ਮੁਲਾਜ਼ਮ ਅਤੇ ਪੈਨਸ਼ਨਰ ਜਥੇਬੰਦੀਆਂ ਦੇ ਅਧਾਰਿਤ ਬਣੇ ਸਾਂਝੇ ਥੜੇ ਪੀ ਐਸ ਈ ਬੀ ਇੰਪਲਾਈਜ਼ ਜੁਆਇੰਟ ਫੋਰਮ, ਬਿਜਲੀ ਮੁਲਾਜ਼ਮ ਏਕਤਾ ਮੰਚ ਪੰਜਾਬ, ਐਸੋਸੀਏਸ਼ਨ ਆਫ ਜੂਨੀਅਰ ਇੰਜੀਨੀਅਰਜ਼, ਗਰਿੱਡ ਸਬ ਸਟੇਸ਼ਨ ਇੰਪਲਾਈਜ਼ ਯੂਨੀਅਨ (ਰਜਿ ਨੰ 24) ਪਾਵਰਕਾਮ ਐਂਡ ਟ੍ਰਾਂਸ਼ਕੋ ਪੈਨਸ਼ਨਰ ਯੂਨੀਅਨ ਏਟਕ ਪੰਜਾਬ , ਪੈਨਸ਼ਨਰ ਵੈਲਫੇਅਰ ਫੈਡਰੇਸ਼ਨ (ਪਹਿਲਵਾਨ) ਦੇ ਸੂਬਾ ਪੱਧਰੀ ਸੱਦੇ ਤੇ ਅੱਜ ਹਜ਼ਾਰਾਂ ਦੀ ਗਿਣਤੀ ਵਿੱਚ ਬਿਜਲੀ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੇ ਬਿਜਲੀ ਨਿਗਮ ਦੇ ਮੁੱਖ ਦਫ਼ਤਰ ਮਾਲ ਰੋਡ ਵਿਖੇ ਮੁਲਾਜ਼ਮ ਆਗੂਆਂ ਕੁਲਵਿੰਦਰ ਸਿੰਘ ਢਿੱਲੋਂ ਅਤੇ ਗੁਰਪ੍ਰੀਤ ਸਿੰਘ ਗੰਡੀਵਿੰਡ ਦੀ ਸਾਂਝੀ ਅਗਵਾਈ ਹੇਠ ਵਿਸ਼ਾਲ ਰੋਸ ਧਰਨਾ ਲਗਾ ਕੇ ਮੰਨੀਆਂ ਮੰਗਾਂ ਲਾਗੂ ਨਾਂ ਕਰਨ ਦੇ ਵਿਰੁੱਧ ਆਪਣੇ ਰੋਹ ਦਾ ਪ੍ਰਗਟਾਵਾ ਕੀਤਾ। ਪੰਜਾਬ ਦੇ ਦੂਰ ਦੁਰਾਡੇ ਇਲਾਕਿਆਂ ਤੋਂ ਹਜ਼ਾਰਾਂ ਦੀ ਗਿਣਤੀ ਵਿੱਚ ਇਕੱਤਰ ਹੋਏ ਪ੍ਰਦਰਸ਼ਨਕਾਰੀਆਂ ਨੂੰ ਸੰਬੋਧਨ ਕਰਦਿਆਂ ਮੁਲਾਜ਼ਮ ਆਗੂਆਂ ਹਰਪਾਲ ਸਿੰਘ , ਗੁਰਵੇਲ ਸਿੰਘ ਬੱਲਪੁਰੀਆ , ਗੁਰਭੇਜ ਸਿੰਘ ਢਿੱਲੋਂ , ਸਰਿੰਦਰਪਾਲ ਲਹੌਰੀਆ , ਨਿਰਮਲ ਸਿੰਘ ਹੁਸ਼ਿਆਰਪੁਰ ,ਬਲਜੀਤ ਸਿੰਘ ਮੋਦਲਾ , ਦਵਿੰਦਰ ਸਿੰਘ ਪਿਸੋਰ , ਰਣਜੀਤ ਸਿੰਘ ਢਿੱਲੋਂ ,ਰਵੇਲ ਸਿੰਘ ਸਹਾਏਪੁਰ , ਮਨਜੀਤ ਸਿੰਘ ਚਾਹਲ , ਨਰਿੰਦਰ ਕੁਮਾਰ ਬੱਲ , ਬਾਬਾ ਅਮਰਜੀਤ ਸਿੰਘ ,ਕੌਰ ਸਿੰਘ ਸੋਹੀ, ਕਰਮਜੀਤ ਸਿੰਘ ਖੀਵਾ ,ਦਲੀਪ ਕੁਮਾਰ , ਪਵਨਪ੍ਰੀਤ ਸਿੰਘ, ਗੁਰਪਿਆਰ ਸਿੰਘ ਨੇ ਕਿਹਾ ਕਿ ਮੁਲਾਜ਼ਮ ਅਤੇ ਪੈਨਸ਼ਨਰ ਮਸਲਿਆਂ ਦੇ ਨਿਪਟਾਰੇ ਸਬੰਧੀ 10 ਤੇ 14 ਅਗਸਤ 2025 ਅਤੇ 14 ਜਨਵਰੀ 2026 ਨੂੰ ਮਾਣਯੋਗ ਖਜ਼ਾਨਾ ਅਤੇ ਬਿਜਲੀ ਮੰਤਰੀ ਦੀ ਹਾਜ਼ਰੀ ਵਿੱਚ ਪੰਜਾਬ ਭਵਨ ਅਤੇ ਗੈਸਟ ਹਾਊਸ ਮੁਹਾਲੀ ਵਿਖੇ ਪਾਵਰ ਮੈਨੇਜਮੈਂਟ ਨਾਲ ਜਥੇਬੰਦੀਆਂ ਦੀਆਂ ਹੋਈਆਂ ਮੀਟਿੰਗਾਂ ਵਿੱਚ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਵਾਜਿਬ ਮੰਗਾਂ ਮੰਨ ਲਈਆਂ ਸਨ ਪਰ ਉਹ ਅੱਜ ਤੱਕ ਲਾਗੂ ਨਹੀਂ ਕੀਤੀਆਂ ਗਈਆਂ ।

ਪੰਨੀਵਾਲਾ ਰੁਲਦੂ ਪਿੰਡ ਜਿਲਾ ਸਿਰਸਾ ਦੇ ਸਰਪੰਚ ਅੰਮ੍ਰਿਤਪਾਲ ਸਿੰਘ ਬੰਟੀ ਦੇ ਸਤਿਕਾਰਯੋਗ ਦਾਦਾ ਸ. ਪਿਆਰਾ ਸਿੰਘ ਜੀ ਦੀ ਅੰਤਿਮ ਅਰਦਾਸ ਸਮੇਂ

# ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਅੱਜ 10 ਅਪ੍ਰੈਲ 2026 ਨੂੰ ਸ਼ਰਧਾਂਜਲੀ ਭੇਂਟ ਕੀਤੀ ਗਈ















ਪੰਨੀਵਾਲਾ ਰੁਲਦੂ ਪਿੰਡ ਜਿਲਾ ਸਿਰਸਾ ਦੇ ਸਰਪੰਚ ਅੰਮ੍ਰਿਤਪਾਲ ਸਿੰਘ ਬੰਟੀ ਦੇ ਸਤਿਕਾਰਯੋਗ ਦਾਦਾ ਸ. ਪਿਆਰਾ ਸਿੰਘ ਜੀ ਦੀ ਅੰਤਿਮ ਅਰਦਾਸ ਸਮੇਂ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਅੱਜ 10 ਅਪ੍ਰੈਲ 2026 ਨੂੰ ਸ਼ਰਧਾਂਜਲੀ ਭੇਂਟ ਕੀਤੀ ਗਈ ਇਸ ਸਮੇਂ ਇਲਾਕੇ ਦੇ ਮੌਜੂਦਾ ਅਤੇ ਸਾਬਕਾ ਵਿਧਾਇਕਾਂ ਤੇ ਪੰਚ ਸਰਪੰਚ ਨੰਬਰਦਾਰਾਂ ਸਮੇਤ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਭਰੀ।



ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243